ਸਾਂਝੀ ਸੋਚ ਅਖ਼ਬਾਰ ਅਤੇ ਟੀ.ਵੀ ਨਾਲ ਜੁੜਨ ਲਈ ਸੰਪਰਕ ਕਰੋ
ਅੰਮ੍ਰਿਤਸਰ +91 81463 20009
ਪਟਿਆਲਾ +91 79735 07533

ਸਾਂਝੀ ਸੋਚ
SANJHI SOCH
ਰੋਜ਼ਾਨਾ ਪੰਜਾਬੀ ਅਖ਼ਬਾਰ
ਪੰਜਾਬੀਅਤ ਦੀ ਸੋਚ 'ਤੇ ਪਹਿਰਾ

DOWNLOAD THE APP
NOW AVAILABLE ON
24x7 LIVE STREAMING
ਸਾਂਝੀ ਸੋਚ ਟੀ ਵੀ Mobile App 'ਤੇ ਵੀ ਉਪਲਬਧ

VOL-13 ISSUE 2346 | 16 January, 2026 Friday | www.sanjhisoch.com | ਕੈਲੀਫੋਰਨੀਆ ★ ਪੰਜਾਬ ★ ਹਿਮਾਚਲ ★ ਹਰਿਆਣਾ ★ ਦੇਸ਼ ਦੁਨੀਆਂ | +1 (209) 303-1260

## ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਨਿਮਾਣੇ ਸਿੱਖ ਵਜੋਂ ਪੇਸ਼ ਹੋਏ ਮੁੱਖ ਮੰਤਰੀ ਮਾਨ

# ਤਖ਼ਤ ਸਾਹਿਬ ਦੀ ਸਰਵਉੱਚਤਾ ਵਿੱਚ ਪੂਰਨ ਵਿਸ਼ਵਾਸ, ਚੁਣੌਤੀ ਦੇਣ ਦੀ ਨਾ ਹਿੰਮਤ ਹੈ ਅਤੇ ਨਾ ਔਕਾਤ-ਮੁੱਖ ਮੰਤਰੀ ਭਗਵੰਤ ਸਿੰਘ ਮਾਨ

**ਅੰਮ੍ਰਿਤਸਰ ਡਾ.ਰਾਜਿੰਦਰ ਰਿਖੀ**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅੱਜ ਨੰਗੇ ਪੈਰੀਂ ਅਰਦਾਸ ਕਰਦੇ ਹੋਏ ਇਕ ਨਿਮਾਣੇ ਸਿੱਖ ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਨਤਮਸਤਕ ਹੋਏ। ਮੁੱਖ ਮੰਤਰੀ ਨੇ ਅੱਜ ਆਪਣਾ ਪੂਰਾ ਦਿਨ ਸਿੱਖਾਂ ਦੇ ਸਰਵਉੱਚ ਅਸਥਾਨ ਨੂੰ ਸਮਰਪਿਤ ਕੀਤਾ। ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਜਥੇਦਾਰ ਸਾਹਿਬ ਅੱਗੇ ਪੇਸ਼ ਹੋ ਕੇ ਆਪਣੇ ਪਹਿਲੇ ਬਿਆਨਾਂ ਬਾਰੇ ਵਿਸਥਾਰ ਵਿੱਚ ਸਪੱਸ਼ਟੀਕਰਨ ਦਿੱਤਾ। ਉਨ੍ਹਾਂ ਨੇ ਮੁੜ ਦੁਹਰਾਇਆ ਕਿ ਉਹ ਇਕ ਨਿਮਾਣੇ ਸਿੱਖ ਵਜੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੀ ਸਰਵਉੱਚਤਾ ਵਿੱਚ ਪੂਰਨ ਵਿਸ਼ਵਾਸ ਰੱਖਦੇ ਹਨ ਅਤੇ ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹਰ ਫੈਸਲਾ ਸਿਰ ਮੱਥੇ ਸਵਿਕਾਰ ਕਰਦੇ ਹਨ ਅਤੇ ਇਸ ਪਾਵਨ ਅਸਥਾਨ ਦੀ ਸਰਵਉੱਚਤਾ ਨੂੰ ਚੁਣੌਤੀ ਦੇਣ ਜਾਂ ਕਮਜ਼ੋਰ ਕਰਨ ਦਾ ਸਵਾਲ ਹੀ ਪੈਦਾ ਨਹੀਂ ਹੁੰਦਾ।ਸ੍ਰੀ ਅਕਾਲ ਤਖ਼ਤ ਸਾਹਿਬ ਸਕੱਤਰੇਤ ਵਿਖੇ ਪੇਸ਼ ਹੋਣ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਜਥੇਦਾਰ ਸਾਹਿਬ ਦੇ ਆਦੇਸ਼ਾਂ ਦੀ ਪਾਲਣਾ ਕਰਦੇ ਹੋਏ ਨਿੱਜੀ ਤੌਰ 'ਤੇ ਪੇਸ਼ ਹੋਏ ਹਨ। ਉਨ੍ਹਾਂ ਕਿਹਾ, "ਜਥੇਦਾਰ ਸਾਹਿਬ ਦੇ ਹੁਕਮਾਂ 'ਤੇ ਮੈਂ ਇੱਥੇ ਇਕ ਨਿਮਾਣੇ ਸਿੱਖ ਵਜੋਂ ਪੇਸ਼ ਹੋਇਆ ਅਤੇ ਚੁੱਕੇ ਗਏ ਸਵਾਲਾਂ ਦੇ ਜਵਾਬ ਵਿੱਚ ਆਪਣਾ ਸਪੱਸ਼ਟੀਕਰਨ ਦਿੱਤਾ ਹੈ। ਸ੍ਰੀ ਅਕਾਲ ਤਖ਼ਤ ਸਾਹਿਬ ਸਮੁੱਚੇ ਸਿੱਖ ਭਾਈਚਾਰੇ ਦੀ ਸਰਵਉੱਚ ਸੰਸਥਾ ਹੈ ਅਤੇ ਮੇਰੇ ਲਈ ਵੀ ਸਰਵਉੱਚ ਹੈ।" ਮੁੱਖ ਮੰਤਰੀ ਨੇ ਕਿਹਾ ਕਿ ਜਥੇਦਾਰ ਸਾਹਿਬ ਨੇ ਉਨ੍ਹਾਂ ਦਾ ਬਿਆਨ ਦਰਜ ਕਰ ਲਿਆ ਹੈ ਅਤੇ ਸਿੰਘ ਸਾਹਿਬਾਨ ਨਾਲ ਵਿਚਾਰ-ਚਰਚਾ ਤੋਂ ਬਾਅਦ ਅਗਲੇਰੀ ਕਾਰਵਾਈ ਕੀਤੀ ਜਾਵੇਗੀ।

ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹਰੇਕ ਫੈਸਲੇ ਪ੍ਰਤੀ ਪੂਰਨ ਸਤਿਕਾਰ ਜ਼ਾਹਰ ਕਰਦਿਆਂ ਮੁੱਖ ਮੰਤਰੀ ਨੇ ਕਿਹਾ, "ਮੈਂ ਜਥੇਦਾਰ ਸਾਹਿਬ ਦੇ ਹਰੇਕ ਫੈਸਲੇ ਦੀ ਪਾਲਣਾ ਕਰਾਂਗਾ। ਅੱਜ ਇੱਥੇ ਪੇਸ਼ ਹੋਣ ਨਾਲ ਮੇਰੇ ਮਨ ਨੂੰ ਬਹੁਤ ਸਕੂਨ, ਅੰਦਰੂਨੀ ਸ਼ਾਂਤੀ ਅਤੇ ਸੰਤੁਸ਼ਟੀ ਮਿਲੀ ਹੈ।" ਉਨ੍ਹਾਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ



ਅਤੇ ਪੰਜਾਬ ਸਰਕਾਰ ਦਰਮਿਆਨ ਕਿਸੇ ਵੀ ਕਥਿਤ ਟਕਰਾਅ ਬਾਰੇ ਵਿਰੋਧੀ ਤਾਕਤਾਂ ਵੱਲੋਂ ਘੜੇ ਜਾ ਰਹੇ ਬਿਰਤਾਂਤ ਨੂੰ ਮੁੱਢੋਂ ਨਕਾਰਦਿਆਂ ਇਨ੍ਹਾਂ ਨੂੰ "ਬੇਬੁਨਿਆਦ ਅਤੇ ਝੂਠਾ" ਕਰਾਰ ਦਿੱਤਾ। ਉਨ੍ਹਾਂ ਕਿਹਾ, "ਸ੍ਰੀ ਅਕਾਲ ਤਖ਼ਤ ਸਾਹਿਬ ਦੀ ਅਥਾਰਟੀ ਨੂੰ ਚੁਣੌਤੀ ਦੇਣ ਜਾਂ ਕਮਜ਼ੋਰ ਕਰਨ ਦਾ ਕੋਈ ਸਵਾਲ ਹੀ ਪੈਦਾ ਨਹੀਂ ਹੁੰਦਾ, ਜੋ ਕਿ ਸਮੁੱਚੇ ਸਿੱਖ ਭਾਈਚਾਰੇ ਲਈ ਸਰਵਉੱਚ ਹੈ। ਮੇਰੀ ਸਰਕਾਰ ਸਿਰਫ ਪੰਜਾਬ ਦੀ ਤਰੱਕੀ ਅਤੇ ਇਸ ਦੇ ਲੋਕਾਂ ਦੀ ਭਲਾਈ 'ਤੇ ਕੇਂਦਰਿਤ ਹੈ।"ਖੁਦ ਨੂੰ ਪੰਜਾਬ ਦਾ ਸੇਵਾਦਾਰ ਦੱਸਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਹ ਪੰਜਾਬ ਅਤੇ ਪੰਜਾਬੀਆਂ ਦੀ ਭਲਾਈ ਲਈ ਕੋਈ ਕਸਰ ਬਾਕੀ ਨਹੀਂ ਛੱਡਣਗੇ। ਉਨ੍ਹਾਂ ਕਿਹਾ, "ਮੈਂ ਸੂਬੇ ਦੀ ਚੜ੍ਹਦੀ ਕਲਾ ਲਈ ਰੋਜ਼ਾਨਾ ਅਰਦਾਸ ਕਰਦਾ ਹਾਂ। ਮੇਰਾ ਸਿਰ ਹਮੇਸ਼ਾ ਹਰ ਧਾਰਮਿਕ ਸਥਾਨ ਅੱਗੇ ਝੁਕਦਾ ਹੈ। ਇਹ ਅਸੰਭਵ ਹੈ ਕਿ ਮੇਰਾ ਕੋਈ ਵੀ ਕੰਮ ਸੂਬੇ ਜਾਂ ਇਸ ਦੇ ਲੋਕਾਂ ਦੇ ਵਿਰੁੱਧ ਹੋਵੇ।" ਮੁੱਖ ਮੰਤਰੀ ਨੇ ਕਿਹਾ ਕਿ ਲੱਖਾਂ ਲੋਕਾਂ ਦੀਆਂ ਭਾਵਨਾਵਾਂ ਦੇ ਨੁਮਾਇੰਦੇ ਦੇ ਤੌਰ 'ਤੇ ਉਨ੍ਹਾਂ ਨੇ ਜਥੇਦਾਰ ਸਾਹਿਬ ਨੂੰ 25,000 ਤੋਂ 30,000 ਪੰਨਿਆਂ ਦੀਆਂ ਸ਼ਿਕਾਇਤਾਂ ਸੌਂਪੀਆਂ ਹਨ। ਉਨ੍ਹਾਂ ਕਿਹਾ, "ਇਹ ਸ਼ਿਕਾਇਤਾਂ ਉਨ੍ਹਾਂ ਲੋਕਾਂ ਦੀਆਂ ਭਾਵਨਾਵਾਂ ਨੂੰ ਦਰਸਾਉਂਦੀਆਂ ਹਨ ਜਿਨ੍ਹਾਂ ਨੇ ਸ਼੍ਰੋਮਣੀ ਕਮੇਟੀ ਦੇ ਕੰਮਕਾਜ ਵਿੱਚ ਕਈ ਤਰ੍ਹਾਂ ਦੀਆਂ ਬੇਨਿਯਮੀਆਂ ਨੂੰ ਉਜਾਗਰ ਕੀਤਾ ਹੈ।

ਬਾਕੀ ਸਫ਼ਾ 14 'ਤੇ...

Jaspreet Singh
Attorney-At-Law
Loan Modification
Bankruptcy, Immigration, Political Asylum, Deportation, Defense, Citizenship, L-1, H-1, Family Law, Divorce
Fremont:
44790 S, GRIMMER BLVD #204, FREMONT, CA 94538
Phone: 510-657-6444, Fax: 510-657-6443
Fresno:
4491 W, Shaw Ave. Suit No. 3008 (Near Costco), Fresno, CA 93722
Phone: 599-271-5511

RE/MAX EXECUTIVE
ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।
Kirandeep Kaur
Realtor ®
Contact : Cell (209) 550-1704
220 - A Standiford Ave, Modesto, CA 95350, kkaur@mycvre.com

Space availabe for Ad
Contact #
+1 (209) 303-1260

Law Offices of
Ashwani K.Bhakhri
1299 Bayshore Hwy Suite 208
Burlingame, CA 94010
ਸੜਕ ਹਾਦਸਾ ਹੋਣ ਜਾਂ ਕਿਸੇ ਟਰੱਕ ਨਾਲ ਹਾਦਸਾ ਹੋਣ ਜਾਂ ਕੰਮ ਦੌਰਾਨ ਸੱਟ ਲੱਗਣ 'ਤੇ ਵਰਕਰ ਮੁਆਵਜ਼ਾ ਲੈਣ ਲਈ ਵਕੀਲ ਦੀ ਲੋੜ ਹੋਵੇ ਤਾਂ ਸਾਡੇ ਨਾਲ ਸੰਪਰਕ ਕਰੋ
ਤੁਸੀਂ ਆਪਣੇ ਇਮੀਗ੍ਰੇਸ਼ਨ ਦੇ ਕੇਸਾਂ ਬਾਰੇ ਵੀ ਸਾਡੇ ਤੋਂ ਸੇਵਾਵਾਂ ਲੈ ਸਕਦੇ ਹੋ
(650) 685-6334
(916) 379-9700
(209) 666-4220
Ashwani Kumar Bhakhri
Attorney at Law
www.bhakhrilawfirm.us
bhakhrilawfirm@gmail.com

LAMBA VIDEO
★ Weddings ★ Birthdays ★ Photo Shoots
HD Quality
Wedding Videos
Pre Wedding
Shoots
Packages fit to your budget
Contact: Barjesh 209-541-0641
Email: lambavideoproduction@yahoo.com

Space availabe for Ad
Contact #
+1 (209) 303-1260

Mann & Associates Insurance Services, Inc.
Medicare Supplement Plans
• Life • Health • Travel • Medicare • Trucking • ਲਾਈਫ • ਹੈਲਥ • ਟ੍ਰੈਵਲ • ਮੈਡੀਕੇਅਰ • ਟਰੱਕਿੰਗ
Inderjeet Singh Mann
CA Lic# 0H82488
Anthem
Certified Insurance Agent
Ph.: (916) 900-2000

THE JRP GROUP
A Tradition of Real Estate Excellence
SERVING CALIFORNIA FOR RESIDENTIAL REAL ESTATE NEEDS
ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ
Simranveer Singh
Realtor
The JRP Group
Ph: (414) 551-0530
DRE #02114137

Pal Films Production
All Your Photo/Videography & Post Production needs Under One Roof
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
Full Photo & Videography studio with Green Screen/Blue Screen
(925) 489-3400, (341) 356-1517
palfilms925@gmail.com www.thepalfilms.com

# JRP REALTY GROUP

A TRADITION OF REAL ESTATE EXCELLENCE

## SERVING CALIFORNIA FOR COMMERCIAL REAL ESTATE NEEDS

Specializing in all Types of Commercial Proprtries

**Gas Stations, Apartments, Commercial Buildings, Liquor stores and Land**

CALL TODAY TO BUY/SELL YOUR REAL ESTATE/ BUSINESS



**Jaswant S.Pannu**
Office: 209-900-1994
Cell: 408-340-0157
jaswantpannu@yahoo.com



**Raman Singh**
Cell: 209-605-6500
Office: 209-213-5811
BRE #10889002

We provide the best in class evaluation for your real estate/business to maximize the profits for you

We do commercial loans for businesses, gas stations, lands and commercial properties




For more properties or business, contact us.



**LOVEPREET KAUR**
NMLS #1473924
Office: 209-900-1994
209-497-4588
lkaur@lendingassets.com

24 ਘੰਟਿਆਂ 'ਚ Pre-Approvals ਪ੍ਰਾਪਤ ਕਰੋ

# LENDINGASSETS

Elevating Your Mortgage Experience

## Home Loan ਘਰਾਂ ਦੇ ਲੋਨ

- ★ Minimun credit score 580
- ★ Short sales/Foreclosures/Bankruptcy No problem
- ★ FHA, conventional and ARM loans
- ★ Hard Money Loans
- ★ Second Mortgage
- ★ High Balance and Jumbo loans
- ★ "Second Mortgage" with Equity line of Credit
- ★ Refinance
- ★ Refinance/Cash out ਵੀ ਕਰਦੇ ਹਾਂ ਜੇਕਰ ਤੁਹਾਨੂੰ ਪੈਸੇ ਦੀ ਜ਼ਰੂਰਤ ਹੈ

EQUAL HOUSING OPPORTUNITY

- ★ ਸਾਡੇ ਕੋਲ ਹਰ ਤਰ੍ਹਾਂ ਦੇ ਲੋਨ ਪ੍ਰੋਡਕਟ ਹਨ, ਜੋ ਕਿ ਤੁਹਾਨੂੰ ਘਰ ਲੈਣ ਵਿਚ ਮਦਦ ਕਰਦੇ ਹਨ
- ★ ਅਸੀਂ Homes, Condos, Duplexes, Triplexes ਅਤੇ Fourplexes 'ਤੇ ਲੋਨ ਦਿੰਦੇ ਹਾਂ

ਪ੍ਰੀ ਅਪਰੂਵਲ ਜਾਂ ਰੀ-ਫਾਈਨਾਂਸ ਲਈ ਅੱਜ ਹੀ ਕਾਲ ਕਰੋ

**Refinance @2.75% APR or lower**



**Apply online at www.lendingassets.com and check out the live lowest rates on our website**


OPEN
NAV INDIAN MERCHANDISE
GROCERY STORE
3230 MITCHELL ROAD, STE, C, CERES, CA 95307
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ, ਪਾਕਿਸਤਾਨੀ ਤੇ ਫਰੋਜ਼ਨ ਗਰੌਸਰੀ ਦੀ।
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਸਜਾਵਟ ਦਾ ਸਮਾਨ
ਇੱਕ ਵਾਰ Visit ਜ਼ਰੂਰ ਕਰੋ।
Ria MONEY TRANSFER
INDIA
ਪੈਸੇ ਭੇਜਣ ਲਈ
RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Contact Number
+1 (209) 537-5702

www.sanjhisoch.com

PATTRON: HARJIT BASI

MANAGEMENT



PRESIDENT & CHIEF EDITOR
BOOTA SINGH BASI

SUB EDITOR (CHICAGO, IL OFFICE)
LOVJYOT VIRDI

GENERAL MANAGER
RAVINDER SINGH DHILLON

RESIDENT EDITOR (INDIA)
DR. RAJINDER RIKHI

DISCLAIMER

ਸਾਂਝੀ ਸੋਚ ਵਿਚ ਛਪੇ ਕਿਸੇ ਵੀ ਇਸ਼ਤਿਹਾਰ ਵਿਚ ਕੀਤੇ ਦਾਅਵਿਆਂ ਬਾਰੇ ਸਾਂਝੀ ਸੋਚ ਦੀ ਮੈਨੇਜਮੈਂਟ ਅਤੇ ਸੰਪਾਦਕਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੈ। ਇਸ਼ਤਿਹਾਰਾਂ ਵਾਲੀਆਂ ਕੰਪਨੀਆਂ ਨਾਲ ਲੈਣ-ਦੇਣ ਵਾਲੇ ਵਿਅਕਤੀ ਖੁਦ ਜ਼ਿੰਮੇਵਾਰ ਹੋਣਗੇ। ਸਾਂਝੀ ਸੋਚ ਵਿਚ ਛਪੇ ਲੇਖਾਂ ਵਿਚਲੇ ਵਿਚਾਰਾਂ ਨਾਲ ਅਦਾਰਾ ਸਾਂਝੀ ਸੋਚ ਦਾ ਸਹਿਮਤ ਹੋਣਾ ਜ਼ਰੂਰੀ ਨਹੀਂ ਹੈ।

DISPUTES ARE SUBJECT TO SUPERIOR COURTS OF STANISLAUS COUNTY OF CALIFORNIA, USA

SANJHI SOCH

DAILY NEWSPAPER

2601 Oakdale Road, Suite H2-167 Modesto, CA 95355 USA

Cell: (209) 303-1260

Email: info@sanjhisoch.com

Visit at: www.sanjhisoch.com

# ਯੂਨੀਵਰਸਿਟੀ, ਸੱਤਾ ਅਤੇ ਸਾਹਿਤ ਦੀ ਬੇਇੱਜ਼ਤੀ ਕੀਤੀ ਗਈ ਸ਼ਾਨ




ਛੱਤੀਸਗੜ੍ਹ ਦੇ ਬਿਲਾਸਪੁਰ ਸਥਿਤ ਗੁਰੂ ਘਾਸੀਦਾਸ ਯੂਨੀਵਰਸਿਟੀ ਵਿਖੇ ਆਯੋਜਿਤ ਇੱਕ ਸਾਹਿਤਕ ਸਮਾਗਮ ਦੌਰਾਨ ਸੀਨੀਅਰ ਹਿੰਦੀ ਗਲਪ ਲੇਖਕ ਮਨੋਜ ਰੂਪਦਾ ਨਾਲ ਜਨਤਕ ਦੁਰਵਿਵਹਾਰ ਸਿਰਫ਼ ਇੱਕ ਮੰਦਭਾਗੀ ਘਟਨਾ ਹੀ ਨਹੀਂ ਹੈ, ਸਗੋਂ ਸਾਡੇ ਸਮੇਂ ਵਿੱਚ ਅਕਾਦਮਿਕ ਅਤੇ ਸੱਭਿਆਚਾਰਕ ਜੀਵਨ ਵਿੱਚ ਡੂੰਘੇ ਹੁੰਦੇ ਸੰਕਟ ਦਾ ਸਪੱਸ਼ਟ ਸੰਕੇਤ ਹੈ। ਸਟੇਜ 'ਤੇ ਸੱਦੇ ਗਏ ਲੇਖਕ ਦਾ ਅਪਮਾਨ ਕਰਨਾ ਅਤੇ ਉਸਨੂੰ ਸਮਾਗਮ ਛੱਡਣ ਲਈ ਕਹਿਣਾ ਉਸ ਪਰੰਪਰਾ ਦੇ ਬਿਲਕੁਲ ਉਲਟ ਹੈ ਜਿਸ ਵਿੱਚ ਯੂਨੀਵਰਸਿਟੀਆਂ ਨੂੰ ਵਿਚਾਰਾਂ ਦੇ ਸੁਤੰਤਰ ਆਦਾਨ-ਪ੍ਰਦਾਨ, ਅਸਹਿਮਤੀ ਦੇ ਸਤਿਕਾਰ ਅਤੇ ਰਚਨਾਤਮਕ ਸੰਵਾਦ ਦੇ ਕੇਂਦਰ ਵਜੋਂ ਦੇਖਿਆ ਜਾਂਦਾ ਹੈ। ਇਹ ਘਟਨਾ ਇੱਕ ਵਿਅਕਤੀ ਤੱਕ ਸੀਮਤ ਨਹੀਂ ਹੈ; ਇਹ ਸਾਹਿਤ, ਪ੍ਰਗਟਾਵੇ ਦੀ ਆਜ਼ਾਦੀ ਅਤੇ ਬੌਧਿਕ ਮਾਣ 'ਤੇ ਸਿੱਧਾ ਹਮਲਾ ਹੈ।

ਯੂਨੀਵਰਸਿਟੀਆਂ ਦੀ ਇਤਿਹਾਸਕ ਭੂਮਿਕਾ ਸੱਤਾ ਦੇ ਅਧੀਨ ਰਹਿਣ ਦੀ ਨਹੀਂ ਰਹੀ ਹੈ। ਨਾਲੰਦਾ ਅਤੇ ਤਕਸ਼ਿਲਾ ਵਰਗੀਆਂ ਪ੍ਰਾਚੀਨ ਸਿੱਖਣ ਪਰੰਪਰਾਵਾਂ ਤੋਂ ਲੈ ਕੇ ਆਧੁਨਿਕ ਯੂਨੀਵਰਸਿਟੀਆਂ ਤੱਕ, ਇਹਨਾਂ ਸੰਸਥਾਵਾਂ ਨੇ ਹਮੇਸ਼ਾ ਸਵਾਲ ਕਰਨ, ਤਰਕ ਕਰਨ ਅਤੇ ਸਥਾਪਿਤ ਧਾਰਨਾਵਾਂ ਨੂੰ ਚੁਣੌਤੀ ਦੇਣ ਦੇ ਸੱਭਿਆਚਾਰ ਨੂੰ ਉਤਸ਼ਾਹਿਤ ਕੀਤਾ ਹੈ। ਯੂਨੀਵਰਸਿਟੀਆਂ ਸਿਰਫ਼ ਡਿਗਰੀ ਦੇਣ ਵਾਲੀਆਂ ਮਸ਼ੀਨਾਂ ਨਹੀਂ ਹਨ; ਇਹ ਉਹ ਕੇਂਦਰ ਹਨ ਜੋ ਸਮਾਜ ਦੀ ਚੇਤਨਾ ਦਾ ਮਾਰਗਦਰਸ਼ਨ ਕਰਦੇ ਹਨ। ਇੱਥੇ, ਵਿਚਾਰਾਂ ਦੀ ਵਿਭਿੰਨਤਾ, ਅਸਹਿਮਤੀ ਅਤੇ ਬਹਿਸ ਨੂੰ ਕਮਜ਼ੋਰੀਆਂ ਨਹੀਂ ਸਗੋਂ ਬੌਧਿਕ ਸ਼ਕਤੀਆਂ ਮੰਨਿਆ ਜਾਂਦਾ ਹੈ। ਇਸ ਲਈ, ਜਦੋਂ ਕਿਸੇ ਯੂਨੀਵਰਸਿਟੀ ਦੇ ਅੰਦਰ ਸੱਤਾ-ਪ੍ਰੇਮ, ਹੰਕਾਰ ਅਤੇ ਅਸਹਿਣਸ਼ੀਲਤਾ ਦੇ ਦ੍ਰਿਸ਼ ਉਭਰਦੇ ਹਨ, ਤਾਂ ਇਹ ਸਿਰਫ਼ ਇੱਕ ਪ੍ਰੋਗਰਾਮ ਦੀ ਅਸਫਲਤਾ ਦਾ ਹੀ ਨਹੀਂ ਸਗੋਂ ਸੰਸਥਾਗਤ ਕਦਰਾਂ-ਕੀਮਤਾਂ ਦੇ ਖੋਰੇ ਦਾ ਸਬੂਤ ਬਣ ਜਾਂਦਾ ਹੈ।

ਮਨੋਜ ਰੂਪਦਾ ਸਮਕਾਲੀ ਹਿੰਦੀ ਗਲਪ ਵਿੱਚ ਇੱਕ ਸ਼ਕਤੀਸ਼ਾਲੀ ਅਤੇ ਸਤਿਕਾਰਤ ਨਾਮ ਹੈ। ਉਸਦੀਆਂ ਕਹਾਣੀਆਂ ਅਤੇ ਨਾਵਲ ਸ਼ਕਤੀ, ਸਮਾਜ ਅਤੇ ਵਿਅਕਤੀ ਵਿਚਕਾਰ ਗੁੰਝਲਦਾਰ ਸਬੰਧਾਂ ਨੂੰ ਦਲੇਰੀ ਨਾਲ ਉਜਾਗਰ ਕਰਦੇ ਹਨ। ਉਹ ਉਨ੍ਹਾਂ ਲੇਖਕਾਂ ਵਿੱਚੋਂ ਇੱਕ ਹੈ ਜਿਨ੍ਹਾਂ ਨੇ ਸਾਹਿਤ ਨੂੰ ਸਿਰਫ਼ ਸੁੰਦਰਤਾ ਦਾ ਵਿਸ਼ਾ ਨਹੀਂ ਸਗੋਂ ਸਮਾਜਿਕ ਦਖਲਅੰਦਾਜ਼ੀ ਦਾ ਮਾਧਿਅਮ ਮੰਨਿਆ ਹੈ। ਅਜਿਹੇ ਲੇਖਕ ਨੂੰ ਸੱਦਾ ਦੇਣਾ ਯੂਨੀਵਰਸਿਟੀ ਦੀ ਬੌਧਿਕ ਵਚਨਬੱਧਤਾ ਅਤੇ ਖੁੱਲ੍ਹੇਪਣ ਦਾ ਪ੍ਰਤੀਕ ਹੋਣਾ ਚਾਹੀਦਾ ਸੀ। ਹਾਲਾਂਕਿ, ਉਸਦਾ ਵਿਵਹਾਰ ਦਰਸਾਉਂਦਾ ਹੈ ਕਿ ਆਲੋਚਨਾਤਮਕ ਸੋਚ ਅਤੇ ਸੁਤੰਤਰ ਸੋਚ ਨਾਲ ਬੇਅਰਾਮੀ ਕਿਸੇ ਤਰ੍ਹਾਂ ਸਮਝਦਾਰੀ ਉੱਤੇ ਜਿੱਤ ਪ੍ਰਾਪਤ ਕਰ ਗਈ ਹੈ। ਇਹ ਪੁੱਛਣਾ ਸੁਭਾਵਿਕ ਹੈ: ਕੀ ਯੂਨੀਵਰਸਿਟੀਆਂ ਹੁਣ ਰਸਮੀ ਸਮਾਗਮਾਂ, ਪ੍ਰਸ਼ੰਸਾ ਅਤੇ ਸ਼ਕਤੀ-ਅਨੁਕੂਲ ਭਾਸ਼ਣਾਂ ਤੱਕ ਸੀਮਤ ਰਹਿਣਗੀਆਂ?

ਵਾਈਸ-ਚਾਂਸਲਰ ਵਰਗੇ ਅਹੁਦੇ ਲਈ ਸਿਰਫ਼ ਪ੍ਰਸ਼ਾਸਕੀ ਯੋਗਤਾ ਹੀ ਨਹੀਂ, ਸਗੋਂ ਨੈਤਿਕ ਅਗਵਾਈ ਅਤੇ ਅਕਾਦਮਿਕ ਸੰਵੇਦਨਸ਼ੀਲਤਾ ਦੀ ਵੀ ਲੋੜ ਹੁੰਦੀ ਹੈ। ਇਹ ਅਹੁਦਾ ਸੰਜਮ, ਸੰਵਾਦ ਅਤੇ ਸ਼ਮੂਲੀਅਤ ਦਾ ਪ੍ਰਤੀਕ ਹੋਣਾ ਚਾਹੀਦਾ ਹੈ। ਜੇਕਰ ਕਿਸੇ ਯੂਨੀਵਰਸਿਟੀ ਦਾ ਮੁਖੀ ਆਲੋਚਨਾ ਜਾਂ ਅਸਹਿਮਤੀ ਨੂੰ ਨਿੱਜੀ ਚੁਣੌਤੀ ਵਜੋਂ ਸਮਝਣਾ ਸ਼ੁਰੂ ਕਰ ਦਿੰਦਾ ਹੈ, ਤਾਂ ਇਸਦਾ ਪ੍ਰਭਾਵ ਇੱਕ ਪ੍ਰੋਗਰਾਮ ਤੱਕ ਸੀਮਤ ਨਹੀਂ ਹੁੰਦਾ। ਡਰ ਦਾ ਮਾਹੌਲ ਹੌਲੀ-ਹੌਲੀ ਪੂਰੇ ਕੈਂਪਸ ਵਿੱਚ ਫੈਲ ਜਾਂਦਾ ਹੈ। ਅਧਿਆਪਕ ਖੁੱਲ੍ਹ ਕੇ ਬੋਲਣ ਤੋਂ ਝਿਜਕਦੇ ਹਨ, ਵਿਦਿਆਰਥੀ ਸਵਾਲ ਪੁੱਛਣ ਤੋਂ ਡਰਦੇ ਹਨ, ਅਤੇ ਰਚਨਾਤਮਕਤਾ ਸਵੈ-ਸੈਂਸਰਸ਼ਿਪ ਦਾ ਸ਼ਿਕਾਰ ਹੋ ਜਾਂਦੀ ਹੈ। ਅਜਿਹੀ ਸਥਿਤੀ ਵਿੱਚ, ਯੂਨੀਵਰਸਿਟੀ ਆਪਣੇ ਮੂਲ ਉਦੇਸ਼ ਤੋਂ ਭਟਕ ਜਾਂਦੀ ਹੈ ਅਤੇ, ਗਿਆਨ ਦਾ ਕੇਂਦਰ ਬਣਨ ਦੀ ਬਜਾਏ, ਅਨੁਸ਼ਾਸਨ ਅਤੇ ਨਿਯੰਤਰਣ ਦਾ ਇੱਕ ਸਾਧਨ ਬਣ ਜਾਂਦੀ ਹੈ।

ਇਸ ਘਟਨਾ ਦਾ ਇੱਕ ਹੋਰ ਚਿੰਤਾਜਨਕ ਪਹਿਲੂ ਇਹ ਹੈ ਕਿ ਸੰਸਥਾਗਤ ਪੱਧਰ 'ਤੇ ਸੱਦੇ ਗਏ ਲੇਖਕ ਦੇ ਸਨਮਾਨ ਦੀ ਰੱਖਿਆ ਲਈ ਲੋੜੀਂਦੀ ਸੰਵੇਦਨਸ਼ੀਲਤਾ ਅਤੇ ਦ੍ਰਿੜਤਾ ਦੀ ਘਾਟ ਸੀ। ਸਾਹਿਤਕ ਸਮਾਗਮਾਂ ਦੀ ਸਫਲਤਾ ਸਿਰਫ਼ ਸਟੇਜ ਸਜਾਵਟ, ਪੋਸਟਰਾਂ ਅਤੇ ਰਸਮੀ ਭਾਸ਼ਣਾਂ ਦੁਆਰਾ ਨਹੀਂ ਮਾਪੀ ਜਾਂਦੀ, ਸਗੋਂ ਇਸ ਗੱਲ ਤੋਂ ਮਾਪੀ ਜਾਂਦੀ ਹੈ ਕਿ ਸੰਵਾਦ ਕਿੰਨਾ ਖੁੱਲ੍ਹਾ, ਸਤਿਕਾਰਯੋਗ ਅਤੇ ਅਰਥਪੂਰਨ ਹੈ। ਜਦੋਂ ਇੱਕ ਲੇਖਕ ਦਾ ਅਪਮਾਨ ਕੀਤਾ ਜਾਂਦਾ ਹੈ ਅਤੇ ਇੱਕ ਸੰਸਥਾ ਚੁੱਪ ਰਹਿੰਦੀ ਹੈ, ਤਾਂ ਉਹ ਚੁੱਪ ਸਹਿਮਤੀ ਦਾ ਰੂਪ ਬਣ ਜਾਂਦੀ ਹੈ। ਇਹ ਚੁੱਪ ਭਵਿੱਖ ਵਿੱਚ ਹੋਰ ਦਮਨਕਾਰੀ ਵਿਵਹਾਰ ਨੂੰ ਉਤਸ਼ਾਹਿਤ ਕਰਦੀ ਹੈ ਅਤੇ ਸੰਸਥਾ ਦੀ ਨੈਤਿਕ ਭਰੋਸੇਯੋਗਤਾ ਨੂੰ ਕਮਜ਼ੋਰ ਕਰਦੀ ਹੈ। ਇਹ ਯਾਦ ਦਿਵਾਉਣਾ ਮਹੱਤਵਪੂਰਨ ਹੈ ਕਿ ਯੂਨੀਵਰਸਿਟੀਆਂ ਕਿਸੇ ਵਿਅਕਤੀ ਜਾਂ ਅਧਿਕਾਰੀ ਦੀ ਨਿੱਜੀ ਜਗੀਰ ਨਹੀਂ ਹਨ। ਇਹ ਜਨਤਕ ਸਰੋਤਾਂ, ਟੈਕਸਦਾਤਾ ਫੰਡਾਂ ਅਤੇ ਸਮਾਜ ਦੇ ਭਰੋਸੇ ਦੁਆਰਾ ਨਿਯੰਤਰਿਤ ਹੁੰਦੀਆਂ ਹਨ।

ਇੱਥੇ ਲਏ ਗਏ ਫੈਸਲੇ ਅਤੇ ਪ੍ਰਦਰਸ਼ਿਤ ਵਿਵਹਾਰ ਸਮਾਜ ਲਈ ਇੱਕ ਸੰਦੇਸ਼ ਵਜੋਂ ਕੰਮ ਕਰਦੇ ਹਨ। ਜੇਕਰ ਸ਼ਕਤੀ, ਨਿੱਜੀ ਹਉਮੈ ਅਤੇ ਅਸਹਿਣਸ਼ੀਲਤਾ ਯੂਨੀਵਰਸਿਟੀਆਂ 'ਤੇ ਹਾਵੀ ਹੋ ਜਾਂਦੇ ਹਨ, ਤਾਂ ਸਮਾਜ ਵਿੱਚ ਟਕਰਾਅ ਅਤੇ ਡਰ ਦਾ ਸੱਭਿਆਚਾਰ ਵਧਣ-ਫੁੱਲਣ ਲੱਗ ਪੈਂਦਾ ਹੈ, ਜੋ ਗੱਲਬਾਤ ਦੀ ਥਾਂ ਲੈਂਦਾ ਹੈ। ਇਹ ਰੁਝਾਨ ਨਾ ਸਿਰਫ਼ ਸਾਹਿਤ ਅਤੇ ਸਿੱਖਿਆ ਲਈ, ਸਗੋਂ ਲੋਕਤੰਤਰੀ ਕਦਰਾਂ-ਕੀਮਤਾਂ ਲਈ ਵੀ ਨੁਕਸਾਨਦੇਹ ਹੈ, ਕਿਉਂਕਿ ਲੋਕਤੰਤਰ ਦੀ ਨੀਂਹ ਵਿਚਾਰਾਂ ਅਤੇ ਅਸਹਿਮਤੀ ਦੀ ਬਹੁਲਤਾ ਦਾ ਸਤਿਕਾਰ ਹੈ।

ਸਾਹਿਤ ਅਤੇ ਬੌਧਿਕ ਵਿਚਾਰ-ਵਟਾਂਦਰੇ ਨੇ ਭਾਰਤੀ ਲੋਕਤੰਤਰ ਦੀ ਆਤਮਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਆਜ਼ਾਦੀ ਸੰਗਰਾਮ ਤੋਂ ਲੈ ਕੇ ਸਮਾਜ ਸੁਧਾਰ ਲਹਿਰਾਂ ਤੱਕ, ਲੇਖਕਾਂ ਅਤੇ ਚਿੰਤਕਾਂ ਨੇ ਸ਼ਕਤੀ 'ਤੇ ਸਵਾਲ ਉਠਾਏ ਹਨ ਅਤੇ ਸਮਾਜ ਨੂੰ ਆਤਮ-ਨਿਰੀਖਣ ਲਈ ਪ੍ਰੇਰਿਤ ਕੀਤਾ ਹੈ। ਜੇਕਰ ਅੱਜ ਯੂਨੀਵਰਸਿਟੀਆਂ ਵਿੱਚ ਲੇਖਕਾਂ ਅਤੇ ਚਿੰਤਕਾਂ ਦਾ ਅਪਮਾਨ ਕੀਤਾ ਜਾਂਦਾ ਹੈ, ਤਾਂ ਇਹ ਉਸ ਪਰੰਪਰਾ ਦਾ ਘੋਰ ਅਪਮਾਨ ਹੋਵੇਗਾ ਜਿਸਨੇ ਸਾਨੂੰ ਇੱਕ ਜੀਵੰਤ ਲੋਕਤੰਤਰੀ ਸਮਾਜ ਬਣਾਇਆ ਹੈ। ਇਹ ਵਿਡੰਬਨਾ ਹੈ ਕਿ ਜੇਕਰ ਵਿਚਾਰਧਾਰਕ ਅਗਵਾਈ ਪ੍ਰਦਾਨ ਕਰਨ ਦੀ ਉਮੀਦ ਕਰਨ ਵਾਲੀਆਂ ਸੰਸਥਾਵਾਂ ਅਸਹਿਣਸ਼ੀਲਤਾ ਦੀਆਂ ਉਦਾਹਰਣਾਂ ਸਥਾਪਤ ਕਰਨ ਲੱਗ ਪੈਣ, ਤਾਂ ਸਮਾਜ ਕਿੱਥੇ ਜਾਵੇਗਾ?

ਇਹ ਯਕੀਨੀ ਤੌਰ 'ਤੇ ਧਿਆਨ ਦੇਣ ਯੋਗ ਹੈ ਕਿ ਕੁਝ ਯੂਨੀਵਰਸਿਟੀ ਫੈਕਲਟੀ ਮੈਂਬਰਾਂ ਨੇ ਸਥਿਤੀ ਨੂੰ ਸੰਭਾਲਣ ਅਤੇ ਇੱਕ ਸਤਿਕਾਰਯੋਗ ਹੱਲ ਲੱਭਣ ਦੀ ਕੋਸ਼ਿਸ਼ ਕੀਤੀ। ਇਹ ਦਰਸਾਉਂਦਾ ਹੈ ਕਿ ਸੰਸਥਾ ਦੇ ਅੰਦਰ ਵਿਵੇਕ ਅਤੇ ਸੰਵੇਦਨਸ਼ੀਲਤਾ ਅਜੇ ਪੂਰੀ ਤਰ੍ਹਾਂ ਖਤਮ ਨਹੀਂ ਹੋਈ ਹੈ। ਹਾਲਾਂਕਿ, ਇਹ ਵੀ ਸੱਚ ਹੈ ਕਿ ਜਦੋਂ ਸ਼ਕਤੀ ਦਾ ਨਸ਼ਾ ਵਿਵੇਕ ਨੂੰ ਪਛਾੜ ਦਿੰਦਾ ਹੈ, ਤਾਂ ਵਿਅਕਤੀਗਤ ਯਤਨ ਅਕਸਰ ਬੇਅਸਰ ਸਾਬਤ ਹੁੰਦੇ ਹਨ। ਸੰਸਥਾਗਤ ਸੱਭਿਆਚਾਰ ਤਾਂ ਹੀ ਬਦਲ ਸਕਦਾ ਹੈ ਜਦੋਂ ਲੀਡਰਸ਼ਿਪ ਖੁਦ ਗੱਲਬਾਤ ਅਤੇ ਸਵੈ-ਆਲੋਚਨਾ ਵਿੱਚ ਸ਼ਾਮਲ ਹੋਣ ਲਈ ਤਿਆਰ ਹੋਵੇ।

ਇਹ ਘਟਨਾ ਸਾਨੂੰ ਲੇਖਕਾਂ ਅਤੇ ਬੁੱਧੀਜੀਵੀਆਂ ਦੀ ਭੂਮਿਕਾ 'ਤੇ ਮੁੜ ਵਿਚਾਰ ਕਰਨ ਲਈ ਵੀ ਮਜਬੂਰ ਕਰਦੀ ਹੈ। ਜਦੋਂ ਕਿਸੇ ਲੇਖਕ ਨਾਲ ਬੇਇਨਸਾਫ਼ੀ ਹੁੰਦੀ ਹੈ ਅਤੇ ਸਾਰਾ ਸਾਹਿਤਕ ਭਾਈਚਾਰਾ ਚੁੱਪ ਰਹਿੰਦਾ ਹੈ, ਤਾਂ ਇਹ ਚੁੱਪ ਆਪਣੇ ਆਪ ਵਿੱਚ ਇੱਕ ਰਾਜਨੀਤਿਕ ਅਤੇ ਨੈਤਿਕ ਬਿਆਨ ਬਣ ਜਾਂਦੀ ਹੈ।

ਇਤਿਹਾਸ ਗਵਾਹ ਹੈ ਕਿ ਚੁੱਪ ਨੇ ਹਮੇਸ਼ਾ ਸ਼ਕਤੀ ਨੂੰ ਮਜ਼ਬੂਤ ਅਤੇ ਵਿਰੋਧ ਨੂੰ ਕਮਜ਼ੋਰ ਕੀਤਾ ਹੈ। ਜੇਕਰ ਅੱਜ ਇਸ ਘਟਨਾ ਪ੍ਰਤੀ ਕੋਈ ਸਪੱਸ਼ਟ ਅਤੇ ਸਮੂਹਿਕ ਪ੍ਰਤੀਕਿਰਿਆ ਨਹੀਂ ਹੈ, ਤਾਂ ਕੱਲ੍ਹ ਇਸਨੂੰ ਕਿਸੇ ਹੋਰ ਲੇਖਕ, ਕਿਸੇ ਹੋਰ ਵਿਚਾਰ ਅਤੇ ਕਿਸੇ ਹੋਰ ਪਲੇਟਫਾਰਮ ਦੁਆਰਾ ਦੁਹਰਾਇਆ ਜਾਵੇਗਾ।

ਸਾਹਿਤ ਦਾ ਮੂਲ ਸੁਭਾਅ ਸਵਾਲ ਕਰਨ ਅਤੇ ਵਿਰੋਧ ਕਰਨ ਦਾ ਹੈ। ਇਹ ਸੱਤਾ ਅੱਗੇ ਝੁਕਣ ਲਈ ਨਹੀਂ, ਸਗੋਂ ਇਸਨੂੰ ਸ਼ੀਸ਼ੇ ਅੱਗੇ ਰੱਖਣ ਲਈ ਪੈਦਾ ਹੋਇਆ ਸੀ। ਜੇਕਰ ਲੇਖਕ ਖੁਦ ਆਪਣੀ ਇੱਜ਼ਤ ਅਤੇ ਆਜ਼ਾਦੀ ਦੀ ਰੱਖਿਆ ਲਈ ਖੜ੍ਹੇ ਨਹੀਂ ਹੁੰਦੇ, ਤਾਂ ਸਾਹਿਤ ਹੌਲੀ-ਹੌਲੀ ਸਿਰਫ਼ ਕਰੀਅਰ ਅਤੇ ਪੁਰਸਕਾਰਾਂ ਤੱਕ ਸੀਮਤ ਹੋ ਜਾਵੇਗਾ। ਫਿਰ ਇਹ ਸਮਾਜ ਦੀ ਆਤਮਾ ਨਹੀਂ, ਸਗੋਂ ਪ੍ਰਣਾਲੀ ਦਾ ਸਜਾਵਟੀ ਸੰਦ ਬਣ ਜਾਵੇਗਾ।

ਅੱਜ, ਇਹ ਜ਼ਰੂਰੀ ਹੈ ਕਿ ਯੂਨੀਵਰਸਿਟੀ ਪ੍ਰਸ਼ਾਸਨ, ਫੈਕਲਟੀ, ਵਿਦਿਆਰਥੀ ਅਤੇ ਸਾਹਿਤਕ ਸਮਾਜ ਇਸ ਘਟਨਾ ਤੋਂ ਸਬਕ ਸਿੱਖਣ। ਯੂਨੀਵਰਸਿਟੀਆਂ ਨੂੰ ਇਸ ਬਾਰੇ ਆਤਮ-ਨਿਰੀਖਣ ਕਰਨਾ ਚਾਹੀਦਾ ਹੈ ਕਿ ਉਹ ਕਿਸ ਤਰ੍ਹਾਂ ਦੇ ਅਕਾਦਮਿਕ ਮਾਹੌਲ ਨੂੰ ਉਤਸ਼ਾਹਿਤ ਕਰ ਰਹੇ ਹਨ। ਕੀ ਉਹ ਸੰਵਾਦ ਅਤੇ ਬਹਿਸ ਨੂੰ ਉਤਸ਼ਾਹਿਤ ਕਰ ਰਹੇ ਹਨ, ਜਾਂ ਡਰ ਅਤੇ ਆਗਿਆਕਾਰੀ ਨੂੰ? ਸਾਹਿਤਕ ਸਮਾਗਮਾਂ ਨੂੰ ਸਿਰਫ਼ ਰਸਮੀ ਕਾਰਵਾਈਆਂ ਵਜੋਂ ਨਹੀਂ, ਸਗੋਂ ਇੱਕ ਜੀਵੰਤ ਵਿਚਾਰਧਾਰਕ ਪਲੇਟਫਾਰਮ ਵਜੋਂ ਦੇਖਿਆ ਜਾਣਾ ਚਾਹੀਦਾ ਹੈ ਜਿੱਥੇ ਅਸਹਿਮਤੀ ਵੀ ਸਤਿਕਾਰ ਨਾਲ ਪ੍ਰਗਟ ਕੀਤੀ ਜਾ ਸਕਦੀ ਹੈ।

ਇਹ ਘਟਨਾ ਸ਼ਰਮਨਾਕ ਹੈ ਅਤੇ ਸਖ਼ਤ ਨਿੰਦਾ ਦੀ ਮੰਗ ਕਰਦੀ ਹੈ, ਪਰ ਨਿੰਦਾ ਤੋਂ ਪਰੇ, ਸਾਨੂੰ ਮਹੱਤਵਪੂਰਨ ਆਤਮ-ਨਿਰੀਖਣ ਅਤੇ ਸੁਧਾਰ ਕਰਨ ਦੀ ਲੋੜ ਹੈ। ਯੂਨੀਵਰਸਿਟੀਆਂ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਭਵਿੱਖ ਵਿੱਚ ਕਿਸੇ ਵੀ ਸੱਦੇ ਗਏ ਲੇਖਕ ਜਾਂ ਬੁਲਾਰੇ ਨਾਲ ਇਸ ਤਰ੍ਹਾਂ ਦਾ ਵਿਵਹਾਰ ਨਾ ਕੀਤਾ ਜਾਵੇ। ਅਕਾਦਮਿਕ ਆਜ਼ਾਦੀ ਅਤੇ ਮਾਣ-ਸਨਮਾਨ ਸਿਰਫ਼ ਕਾਗਜ਼ੀ ਨੀਤੀਆਂ ਦੁਆਰਾ ਨਹੀਂ, ਸਗੋਂ ਵਿਵਹਾਰ ਅਤੇ ਸੱਭਿਆਚਾਰ ਦੁਆਰਾ ਸੁਰੱਖਿਅਤ ਕੀਤਾ ਜਾਂਦਾ ਹੈ।

ਅੰਤ ਵਿੱਚ, ਸਵਾਲ ਸਿਰਫ਼ ਮਨੋਜ ਰੂਪਦਾ ਜਾਂ ਕਿਸੇ ਇੱਕ ਪ੍ਰੋਗਰਾਮ ਬਾਰੇ ਨਹੀਂ ਹੈ। ਸਵਾਲ ਇਹ ਹੈ ਕਿ ਅਸੀਂ ਕਿਸ ਤਰ੍ਹਾਂ ਦੀ ਯੂਨੀਵਰਸਿਟੀ ਅਤੇ ਕਿਸ ਤਰ੍ਹਾਂ ਦਾ ਸਮਾਜ ਬਣਾਉਣਾ ਚਾਹੁੰਦੇ ਹਾਂ। ਜੇਕਰ ਅਸੀਂ ਵਿਚਾਰਾਂ ਤੋਂ ਡਰਦੇ ਹਾਂ, ਸਵਾਲਾਂ ਤੋਂ ਡਰਦੇ ਹਾਂ, ਅਤੇ ਅਪਮਾਨ ਨਾਲ ਅਸਹਿਮਤੀ ਨੂੰ ਦਬਾਉਣ ਦੀ ਕੋਸ਼ਿਸ਼ ਕਰਦੇ ਹਾਂ, ਤਾਂ ਅਸੀਂ ਇੱਕ ਜੀਵੰਤ ਲੋਕਤੰਤਰ ਤੋਂ ਡਰ ਦੇ ਸਮਾਜ ਵਿੱਚ ਚਲੇ ਜਾਵਾਂਗੇ। ਯੂਨੀਵਰਸਿਟੀਆਂ ਨੂੰ ਯਾਦ ਰੱਖਣਾ ਚਾਹੀਦਾ ਹੈ ਕਿ ਉਹ ਸ਼ਕਤੀ ਦੀ ਕਿਰਪਾ ਨਾਲ ਨਹੀਂ, ਸਗੋਂ ਗਿਆਨ, ਸੰਵਾਦ ਅਤੇ ਸੁਤੰਤਰ ਚੇਤਨਾ ਦੁਆਰਾ ਮੌਜੂਦ ਹਨ। ਜੇਕਰ ਇਸ ਚੇਤਨਾ ਨੂੰ ਕੁਚਲ ਦਿੱਤਾ ਜਾਂਦਾ ਹੈ, ਤਾਂ ਯੂਨੀਵਰਸਿਟੀਆਂ ਸਿਰਫ਼ ਇਮਾਰਤਾਂ ਬਣ ਜਾਣਗੀਆਂ ਗਿਆਨ ਦੀਆਂ ਨਹੀਂ, ਸਗੋਂ ਚੁੱਪ ਦੀਆਂ ਯਾਦਗਾਰਾਂ।

**Information in Public Interest**

To listen to **Dr.Gurdip Singh Sandhu** health education lecture series, go to https://youtu.be/-DUhK3cACEU, Sabrangstation.com ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 AM ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

Contact:(408) 687-1899, (925) 587-1148

# SUNSHINE AUTO CARE INC.

## WE REPAIR ALL MAKES & MODELS. AUTO, DIESEL TRUCK & TRAILERS

- DPF Filter Cleaning
- Clutch
- Transmission
- New/Used Tires
- Oil Changes
- Wheel Balancing
- Truck & Trailer Repair
- All Major & Minor Repairs
- We Do Aluminum Welding
- Computer Check
- Differential
- Inspections
- Van/Reefer Work

WE PROVIDE SHUTLE SERVICE FOR ALL CUSTOMERS

hablamos español

We Speak English, Spanish & Punjabi

We Provide Towing &
24/7 Mobile Road Services
For All Autos, Trucks & Trailers

Open Monday to Saturday

Com-Check
T-Check
EFS Check

ACCEPTED HERE
VISA · MasterCard · AMERICAN EXPRESS · DISCOVER NETWORK





**1003 Moffat Blvd,**
**Manteca CA 95336**

# 209-239-1551



Chevron

# TRUCK STOP

OPEN PARKING, DELI, SHOWER, LAUNDRY

• ਸਸਤਾ ਡੀਜ਼ਲ • ਕਾਰਾਂ ਦੀ ਸਸਤੀ ਗੈਸ



We accept all major fleet cards, credit cards including, Visa, MC, AE, Discover, Voyag and Writer Express.

(Or $9 off Chevron In-Store Purchase)

ਇਥੇ
ਪੰਜਾਬੀ ਰੈਸਟੋਰੈਂਟ
ਵੀ ਹੈ ਅਤੇ ਹਰ ਵੇਲੇ
ਪੰਜਾਬੀ ਖਾਣਾ ਮਿਲਦਾ ਹੈ।

Contact :
BALRAJ SINGH PANNU
541-942-0105

Chevron

1250, Gateway Blvd. Cottage, OR 97424,
Ph : 541-942-4142 Fax : 541-942-9668



# PIONEER VILLA



Chevron

TRUCK PLAZA

MOTEL • RESTAURANT
LOUNGE • MINI-MART
GIFT SHOP • OPEN 24 HR
FLEET • MULTI SERVICE

WE ACCEPT-TCH T-CHECK
COM CHECK - EFS -
ALL MAJOR CREDIT CARDS

PREETI PANNU
(541) 369-2801
FAX (541) 369-3810

33180 HWY 228 HALSEY, OR 97348

WE HAVE THE CHEAPEST FARES TO INDIA

# LEGEND TRAVEL




arc accredited agency

CST # 207524-40

Special Fares To India From West-coast (us) On Air India Direct Flights

JATINDER SINGH

LOWEST AIRFARES FROM USA TO INDIA

★Travel Insurance ★ Great last Minute Deals ★ Offices in India

ਜੇ ਤੁਹਾਨੂੰ ਕਿਤੋਂ ਵੀ ਟਿਕਟ ਨਾ ਮਿਲੇ ਤਾਂ ਸਾਨੂੰ ਇਕ ਵਾਰ ਫੋਨ ਕਰੋ
ਅਸੀਂ ਸਾਰੀਆਂ ਏਅਰਲਾਈਨਜ਼ ਨਾਲ ਕੰਮ ਕਰਦੇ ਹਾਂ।

CALL US (510) 797-9010

USA OFFICE: 2450 PERALTA BLVD., STE 106-108,
FREMONT CA 94536 PH.: 510-797-9010

Website: www.legendamerica.net

Emirates | Cathay Pacific | Asiana Airlines | Jet Airways | China Airlines | British Airways | Singapore Airlines | Lufthansa | ANA

# ਸ੍ਰੀ ਗੁਰੂ ਰਵਿਦਾਸ ਟੈਂਪਲ (ਕੈਲੀਫ਼ੋਰਨੀਆ)




## ਗੁਰਪੁਰਬ ਸ੍ਰੀ ਗੁਰੂ ਰਵਿਦਾਸ ਜੀ

30 ਜਨਵਰੀ – 1 ਫ਼ਰਵਰੀ, 2026

### ਸ੍ਰੀ ਗੁਰੂ ਰਵਿਦਾਸ ਟੈਂਪਲ ਕੈਲੀਫ਼ੋਰਨੀਆ, ਪਿਟਸਬਰਗ ਵੱਲੋਂ

ਸਤਿਗੁਰੂ ਰਵਿਦਾਸ ਜੀ ਦੇ 649ਵੇਂ ਪ੍ਰਕਾਸ਼ ਉਤਸਵ ਦੀ ਖੁਸ਼ੀ ਵਿੱਚ ਐਤਵਾਰ, 1 ਫ਼ਰਵਰੀ 2026 ਨੂੰ ਗੁਰਦੁਆਰਾ ਸਾਹਿਬ ਵਿੱਚ ਹੇਠ ਲਿਖੇ ਪ੍ਰੋਗਰਾਮ ਅਨੁਸਾਰ ਸਮਾਗਮ ਕਰਵਾਇਆ ਜਾ ਰਿਹਾ ਹੈ :

## ਪ੍ਰੋਗਰਾਮ ਦੀ ਵੇਰਵਾ

| ਅਰੰਭ ਸ੍ਰੀ ਅਖੰਡ ਪਾਠ ਸਾਹਿਬ | ਨਿਸ਼ਾਨ ਸਾਹਿਬ ਦੀ ਸੇਵਾ | ਭੋਗ ਸ੍ਰੀ ਅਖੰਡ ਪਾਠ ਸਾਹਿਬ | ਕੀਰਤਨ ਦੀਵਾਨ |
|---|---|---|---|
| 30 ਜਨਵਰੀ 2026 (ਸ਼ੁੱਕਰਵਾਰ)<br>ਸਵੇਰੇ 9:30 ਵਜੇ | 31 ਜਨਵਰੀ 2026 (ਸ਼ਨੀਚਰਵਾਰ)<br>ਸਵੇਰੇ 11:00 ਵਜੇ | 1 ਫ਼ਰਵਰੀ 2026 (ਐਤਵਾਰ)<br>ਸਵੇਰੇ 9:30 ਵਜੇ | ਭੋਗ ਉਪਰਾਂਤ<br>ਦੁਪਹਿਰ 2:00 ਵਜੇ ਤੱਕ |

**ਸਾਧ ਸੰਗਤ ਵੱਲੋਂ ਇਸ ਸਮਾਗਮ ਦੌਰਾਨ ਲੰਗਰ, ਪਾਠ ਅਤੇ ਪਰਸ਼ਾਦ ਦੀ ਸੇਵਾ ਕੀਤੀ ਜਾਵੇਗੀ।**


ਗਿਆਨੀ ਬਲਵਿੰਦਰ ਸਿੰਘ


ਭਾਈ ਸੁਖਵਿੰਦਰ ਸਿੰਘ ਰਾਜੂ (ਹਜ਼ੂਰੀ ਰਾਗੀ)


ਗਿਆਨੀ ਨਿਸ਼ਾਨ ਸਿੰਘ ਦੇ ਜਥੇ

ਗੁਰੂ ਕਾ ਕੀਰਤਨ ਕਰਕੇ ਸੰਗਤ ਨੂੰ ਨਿਹਾਲ ਕਰਨਗੇ।

### ਹੈਲਥ ਕੈਂਪ :

1 ਫ਼ਰਵਰੀ 2026 ਨੂੰ ਗੁਰਦੁਆਰਾ ਸਾਹਿਬ ਵਿੱਚ ਹੈਲਥ ਕੈਂਪ ਲਗਾਇਆ ਜਾਵੇਗਾ।
4 ਡਾਕਟਰ ਇਸ ਸੇਵਾ ਲਈ ਪਹੁੰਚ ਰਹੇ ਹਨ।
ਸਮਾਂ: ਸਵੇਰੇ 10:30 ਵਜੇ ਤੋਂ ਦੁਪਹਿਰ 1:30 ਵਜੇ ਤੱਕ

### ਸਟਾਲਾਂ ਜਾਂ ਹੋਰ ਸੇਵਾਵਾਂ ਲਈ ਸੰਪਰਕ ਕਰੋ :

ਪ੍ਰਧਾਨ: ਵਿਨੋਦ ਕੁਮਾਰ – (408) 718-2506 ਜਨਰਲ ਸਕੱਤਰ: ਸੁਨੀਤਾ ਸਿੰਘ – (415) 233-3319

ਸਾਰੀ ਸੰਗਤ ਨੂੰ ਪਰਿਵਾਰ ਅਤੇ ਦੋਸਤਾਂ ਸਮੇਤ ਇਸ ਸਮਾਗਮ ਵਿੱਚ ਸ਼ਾਮਿਲ ਹੋਣ ਅਤੇ ਸਤਿਗੁਰੂ ਰਵਿਦਾਸ ਜੀ ਦੀਆਂ ਬਖ਼ਸ਼ਿਸ਼ਾਂ ਪ੍ਰਾਪਤ ਕਰਨ ਦੀ ਨਿਮਰ ਬੇਨਤੀ ਹੈ।

**ਸੰਗਤ ਸੇਵਾਦਾਰ** : ਪ੍ਰਧਾਨ : ਵਿਨੋਦ ਕੁਮਾਰ : ਜਨਰਲ ਸਕੱਤਰ : ਸੁਨੀਤਾ ਸਿੰਘ ਖ਼ਜ਼ਾਨਚੀ : ਜਸਵੀਰ ਚਾਹਲ

**Address : 2150 Crestview Dr, Pittsburg, CA 94565, United States**

REALTY UNPLUGGED

# ਤੁਹਾਡੀਆਂ ਜੜ੍ਹਾਂ
# ਤੁਹਾਡਾ ਮੁਨਾਫ਼ਾ $



ਸਮਝਦਾਰ NRI ਪੰਜਾਬੀਆਂ ਨੇ 2024 ਵੱਚਿ ਭਾਰਤੀ ਰੀਅਲ ਅਸਟੇਟ ਵੱਚਿ **$13 ਬਲਿੀਅਨ** ਲਗਾਏ—ਕਉਿਂਕ ਿਉਹਨਾਂ ਨੂੰ ਪਤਾ ਸੀ:

**ਤੁਹਾਡਾ ਡਾਲਰ + ਭਾਰਤ ਦੀ ਤਰੱਕੀ = ਪੀੜ੍ਹੀਆਂ ਦੀ ਦੌਲਤ**

## ਜਦੋਂ ਤੁਹਾਡਾ ਡਾਲਰ ਬਾਹਰ 4% ਕਮਾਉਂਦਾ ਹੈ, ਭਾਰਤ 18-20% ਦੇਂਦਾ ਹੈ

- **7.2% GDP ਵਾਧਾ** - ਦੁਨੀਆਂ ਦੀ 3.1% ਨਾਲੋਂ ਦੁੱਗਣਾ ਤੇਜ਼
- **3.48 ਲੱਖ ਹੁਨਰਮੰਦ ਭਾਰਤੀ** 2024 ਵੱਚਿ ਵਾਪਸ ਆਏ
- **$70 ਬਲਿੀਅਨ+ ਵਦਿੇਸ਼ੀ ਨਵਿੇਸ਼** - ਦੁਨੀਆਂ ਦਾ ਭਰੋਸਾ ਭਾਰਤ ਉੱਤੇ

## ਤੁਹਾਡੇ ਲਈ ਨਵਿੇਸ਼ ਦੇ ਰਾਹ

| ਨਵਿੇਸ਼ ਦੀ ਕਸਿਮ | ਸਾਲਾਨਾ ਮੁਨਾਫ਼ਾ | ਕਸਿ ਲਈ ਢੁਕਵਾਂ |
|---|---|---|
| ਵਕਿਾਸਸ਼ੀਲ ਇਲਾਕਆਿਂ ਦੀ ਜ਼ਮੀਨ | 18-20% ਵਾਧਾ | ਲੰਮੀ ਮਿਆਦ ਦੀ ਦੌਲਤ |
| ਨਰਿਮਾਣ ਅਧੀਨ ਪ੍ਰੀਮੀਅਮ ਫਲੈਟ | 16-18% ਵਾਧਾ | ਪੂੰਜੀ ਵਾਧਾ |
| ਸਟੂਡੀਓ ਅਪਾਰਟਮੈਂਟ | 7-9% ਕਿਰਾਇਆ + 7-9% ਵਾਧਾ | ਨਿਯਮਿਤ ਆਮਦਨ |
| ਪ੍ਰੀ-ਲੀਜ਼ਡ ਕਮਰਸ਼ੀਅਲ | 6-8% ਕਿਰਾਇਆ + 6-8% ਵਾਧਾ | ਸੁਰੱਖਿਅਤ ਨਿਵੇਸ਼ |

**ਨਵਿੇਸ਼ ਸੀਮਾ:** $100,000 ਤੋਂ $1,000,000 ਤੱਕ — ਸਮੇਂ ਦੀ ਕੋਈ ਪਾਬੰਦੀ ਨਹੀ।

## 147 NRI ਪਰਵਿਾਰਾਂ ਦਾ ਭਰੋਸਾ - Realty Unplugged

**ਸਾਡੇ ਸਫਲਤਾ ਦੇ ਕਿੱਸੇ:**

**2017 ਗੁੜਗਾਂਵ:**
**7 ਸਾਲਾਂ ਵਿੱਚ 3 ਗੁਣਾ ਮੁਨਾਫ਼ਾ**

**2020 ਚੰਡੀਗੜ੍ਹ:**
**4 ਸਾਲਾਂ ਵਿੱਚ ਦੁੱਗਣਾ ਵਾਧਾ**

**2022 ਪੁਣੇ:**
**2 ਸਾਲਾਂ ਵਿੱਚ 58% ਵਾਧਾ**

**ਆਪਣੇ ਭਵੱਖਿ ਨੂੰ ਸੁਰੱਖਅਿਤ ਕਰੋ - ਅੱਜ ਹੀ!**
**Call : +91 73038-88722**
**Subhiney Chabra : +91 97802-06080**

Let's Start!

**ਤੁਸੀ ਅਮਰੀਕਾ ਵੱਚਿ । ਤੁਹਾਡੀ ਜਾਇਦਾਦ ਭਾਰਤ ਵੱਚਿ ।**
**ਅਸੀ ਤੁਹਾਡੀਆਂ ਅੱਖਾਂ, ਹੱਥ ਅਤੇ ਕਾਨੂੰਨੀ ਢਾਲ।**

ONLY WAY TO GROW YOUR BUSINESS FASTER

# BNG
(Business Network Gateway)

We work for you to
**Boost Your Business**

VIDEO ADVERTISEMENTS
We make professional video advertisements for your business in Punjabi, Hindi & English

POSTERS DESIGN
We design flyers, Posters and Post Cards to promote your business

BUSINESS CARD DESIGN
WE DESIGN YOUR BUSINESS CARD

SOCIAL MEDIA HANDLERS
We can manage your Business social media handlers Facebook, instagram & YouTube

24/7 TECH SUPPORT
We provide 24/7 tech support

For more information call
Boota Singh Basi +1 (209) 303-1260

# ਵਿਜੀਲੈਂਸ ਬਿਊਰੋ ਨੇ ਠੇਕਾ ਅਧਾਰਤ ਕਰਮਚਾਰੀ ਨੂੰ 4000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕੀਤਾ ਕਾਬੂ

ਜਲੰਧਰ
ਸਾਂਝੀ ਸੋਚ ਬਿਊਰੋ

ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ, ਡਾਇਰੈਕਟਰ, ਲੈਂਡ ਰਿਕਾਰਡ ਵਿਭਾਗ, ਪੰਜਾਬ ਦੇ ਦਫ਼ਤਰ ਵਿਖੇ ਤਾਇਨਾਤ ਠੇਕਾ ਅਧਾਰਤ ਕਰਮਚਾਰੀ ਪਰਵੇਸ਼ ਨੂੰ ਸ਼ਿਕਾਇਤਕਰਤਾ ਕੋਲੋਂ ਉਸ ਦੀ ਜ਼ਮੀਨ ਦੇ ਰਿਕਾਰਡ ਪ੍ਰਦਾਨ ਕਰਨ ਬਦਲੇ 4000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਰਾਜ ਵਿਜੀਲੈਂਸ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਪਰੋਕਤ ਦੋਸ਼ੀ ਨੂੰ ਪਿੰਡ ਛੋਕਰਾ, ਤਹਿਸੀਲ ਦਸੂਹਾ, ਜ਼ਿਲ੍ਹਾ ਐਸਬੀਐਸ ਨਗਰ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਗਈ ਸ਼ਿਕਾਇਤ ਦੇ ਅਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਆਪਣੀ ਸ਼ਿਕਾਇਤ ਵਿੱਚ ਦੱਸਿਆ ਕਿ ਉਸ ਦੀ ਪਤਨੀ ਨੇ ਦਸੂਹਾ ਦੀ ਅਦਾਲਤ ਵਿੱਚ ਸਿਵਲ ਮੁਕੱਦਮਾ ਦਾਇਰ ਕੀਤਾ ਸੀ ਜਿਸ ਵਿੱਚ ਉਸ ਨੇ 12 ਏਕੜ ਜੱਦੀ ਜ਼ਮੀਨ ਵਿੱਚ ਆਪਣੇ ਕਾਨੂੰਨੀ ਹਿੱਸੇ ਦੀ ਮੰਗ ਕੀਤੀ ਸੀ। ਇਸ ਸਬੰਧੀ, ਜ਼ਮੀਨ ਦੀ ਮਲਕੀਅਤ ਸਾਬਤ ਕਰਨ ਲਈ ਜਮ੍ਹਾਂਬੰਦੀ, ਜ਼ਮੀਨ ਦੀ ਅਲਾਟਮੈਂਟ ਅਤੇ ਜਮ੍ਹਾਂ ਰਿਕਾਰਡ ਦੀਆਂ ਪ੍ਰਮਾਣਿਤ ਕਾਪੀਆਂ ਦੀ ਲੋੜ ਸੀ।ਉਨ੍ਹਾਂ ਅੱਗੇ ਕਿਹਾ ਕਿ ਸ਼ਿਕਾਇਤਕਰਤਾ ਨੇ ਆਪਣੀ ਜ਼ਮੀਨ ਦੇ ਰਿਕਾਰਡ ਪ੍ਰਾਪਤ ਕਰਨ ਲਈ ਡਾਇਰੈਕਟਰ ਲੈਂਡ ਰਿਕਾਰਡ, ਪੰਜਾਬ ਦੇ ਜਲੰਧਰ ਦਫਤਰ ਵਿਖੇ ਅਰਜ਼ੀ ਦਿੱਤੀ ਸੀ। ਵਾਰ-ਵਾਰ ਗੇੜੇ ਲਗਾਉਣ ਦੇ ਬਾਵਜੂਦ ਲੋੜੀਂਦੇ ਰਿਕਾਰਡ ਨਹੀਂ ਦਿੱਤੇ ਗਏ। ਇਸ ਪ੍ਰਕਿਰਿਆ ਦੌਰਾਨ ਦੋਸ਼ੀ ਪਰਵੇਸ਼ ਸ਼ਿਕਾਇਤਕਰਤਾ ਨੂੰ ਮਿਲਿਆ ਅਤੇ ਦਾਅਵਾ ਕੀਤਾ ਕਿ ਉਹ ਲੋੜੀਂਦੇ ਰਿਕਾਰਡ ਦੇ ਨਾਲ-ਨਾਲ ਉਨ੍ਹਾਂ ਦੇ ਉਰਦੂ ਤੋਂ ਪੰਜਾਬੀ ਵਿੱਚ ਅਨੁਵਾਦ ਕਰਨ ਦਾ ਪ੍ਰਬੰਧ ਵੀ ਕਰੇਗਾ। ਉਸਨੇ ਰਿਕਾਰਡ ਪ੍ਰਦਾਨ ਕਰਨ ਲਈ 10,000 ਰੁਪਏ ਅਤੇ ਅਨੁਵਾਦ ਦੇ ਕੰਮ ਲਈ 12,000 ਰੁਪਏ ਸਮੇਤ ਕੁੱਲ 22,000 ਰੁਪਏ ਦੀ ਮੰਗ ਕੀਤੀ।ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਨੇ ਦੋਸ਼ੀ ਪਰਵੇਸ਼ ਨੂੰ ਪਹਿਲਾਂ ਵੀ ਵੱਖ-ਵੱਖ ਤਰੀਕਾਂ 'ਤੇ ਗੂਗਲ ਪੇਅ ਅਤੇ ਨਕਦੀ ਰਾਹੀਂ 18,000 ਰੁਪਏ ਦੀ ਰਕਮ ਅਦਾ ਕੀਤੀ ਹੈ। ਉਸਨੇ ਅੱਗੇ ਕਿਹਾ ਕਿ ਇਸ ਤੋਂ ਬਾਅਦ ਵੀ ਪਰਵੇਸ਼ ਨੇ 4,000 ਰੁਪਏ ਹੋਰ ਲੈਣ ਦੀ ਮੰਗ ਕੀਤੀ।ਬੁਲਾਰੇ ਨੇ ਅੱਗੇ ਕਿਹਾ ਕਿ ਉਸਦੀ ਸ਼ਿਕਾਇਤ 'ਤੇ ਮੁੱਢਲੀ ਜਾਂਚ ਤੋਂ ਬਾਅਦ, ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਦੋਸ਼ੀ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ



ਸ਼ਿਕਾਇਤਕਰਤਾ ਤੋਂ 4000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ਗਿਆ।ਇਸ ਸਬੰਧੀ ਦੋਸ਼ੀ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਜਲੰਧਰ ਵਿਖੇ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

# ਕੇਨੇਡਾ 'ਚ ਪੰਜਾਬੀ ਨੌਜਵਾਨ ਦਾ ਕਤਲ 3 ਸਾਲ ਪਹਿਲਾਂ ਗਿਆ ਸੀ ਵਿਦੇਸ਼

ਓਟਵਾ
ਸਾਂਝੀ ਸੋਚ ਬਿਊਰੋ

ਵਿਦੇਸ਼ ਵਿੱਚ ਪੰਜਾਬ ਦੇ ਇੱਕ ਹੋਰ ਵਿਦਿਆਰਥੀ ਦੀ ਹੱਤਿਆ ਦਾ ਮਾਮਲਾ ਸਾਹਮਣੇ ਆਇਆ ਹੈ। ਤਾਜ਼ਾ ਜਾਣਕਾਰੀ ਅਨੁਸਾਰ ਕੈਨੇਡਾ ‘ਚ ਅੰਮ੍ਰਿਤਸਰ ਦੇ ਇੱਕ ਨੌਜਵਾਨ ਦਾ ਕਤਲ ਕਰ ਦਿੱਤਾ ਗਿਆ। ਨੌਜਵਾਨ ਦੀ ਪਛਾਣ ਸਿਮਰਨਜੀਤ (25) ਵਜੋਂ ਹੋਈ ਹੈ, ਜੋ ਕਿ ਦੇਵੀਦਾਸਪੁਰਾ ਪਿੰਡ ਦਾ ਰਹਿਣ ਵਾਲਾ ਸੀ। ਹਮਲਾਵਰਾਂ ਨੇ ਉਸ ‘ਤੇ ਗੋਲੀਆਂ ਚਲਾ ਦਿੱਤੀਆਂ।ਉਸ ਦੇ ਪਰਿਵਾਰ ਅਨੁਸਾਰ ਸਿਮਰਨਜੀਤ ਸਿੰਘ 2023 ਵਿੱਚ ਸਟੱਡੀ ਵੀਜ਼ੇ ‘ਤੇ ਕੈਨੇਡਾ ਗਿਆ ਸੀ।



ਸਿਮਰਨਜੀਤ ਪੜ੍ਹਾਈ ਦੌਰਾਨ ਆਪਣਾ ਗੁਜ਼ਾਰਾ ਤੋਰਨ ਲਈ ਸਖ਼ਤ ਮਿਹਨਤ ਕਰ ਰਿਹਾ ਸੀ। ਉਸਨੇ ਹਾਲ ਹੀ ਵਿੱਚ ਆਪਣੇ ਖਰਚੇ ‘ਤੇ ਕੈਨੇਡੀਅਨ ਪੀਆਰ (ਸਥਾਈ ਨਿਵਾਸ) ਲਈ ਅਰਜ਼ੀ ਦਿੱਤੀ ਸੀ। ਪਰਿਵਾਰ ਅਨੁਸਾਰ ਉਨ੍ਹਾਂ ਨੂੰ ਫੋਨ ਤੇ ਸਿਮਰਨ ਦੀ ਮੌਤ ਦੀ ਸੂਚਨਾ ਮਿਲੀ।ਮ੍ਰਿਤਕ ਨੌਜਵਾਨ ਦੇ ਪਰਿਵਾਰਿਕ ਮੈਂਬਰਾਂ ਅਨੁਸਾਰ ਉਹ ਲੰਬੇ ਸਮੇਂ ਤੋਂ ਦੋਸਤਾਂ ਨਾਲ ਰਹਿ ਰਿਹਾ ਸੀ।

ਦਸੰਬਰ ਵਿੱਚ ਕੁਝ ਨਵੇਂ ਦੋਸਤ ਉਸਨੂੰ ਇੱਕ ਨਵੀਂ ਜਗ੍ਹਾ ਲੈ ਗਏ, ਜਿੱਥੇ ਉਸਨੇ ਹੁਣੇ ਰਹਿਣਾ ਸ਼ੁਰੂ ਕੀਤਾ ਸੀ। ਪਰਿਵਾਰਿਕ ਮੈਂਬਰਾਂ ਨੇ ਸਿਮਰਨਜੀਤ ਦੇ ਦੋਸਤਾਂ ‘ਤੇ ਕਤਲ ਦਾ ਸ਼ੱਕ ਜਤਾਇਆ ਹੈ।

ਫਿਲਹਾਲ ਕੈਨੇਡੀਅਨ ਪੁਲਿਸ ਨੇ ਮਾਮਲੇ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ ਅਤੇ ਕਤਲ ਦੇ ਪਿੱਛੇ ਦੇ ਉਦੇਸ਼ ਦੀ ਜਾਂਚ ਕਰ ਰਹੀ ਹੈ। ਪੀੜਤ ਪਰਿਵਾਰ ਨੇ ਭਾਰਤ ਸਰਕਾਰ ਅਤੇ ਕੈਨੇਡੀਅਨ ਅਧਿਕਾਰੀਆਂ ਨੂੰ ਇਨਸਾਫ਼ ਅਤੇ ਦੋਸ਼ੀਆਂ ਦੀ ਜਲਦੀ ਗ੍ਰਿਫ਼ਤਾਰੀ ਦੀ ਅਪੀਲ ਕੀਤੀ ਹੈ।

# ਕੈਨੇਡਾ ਦੇ ਪ੍ਰਧਾਨ ਮੰਤਰੀ ਕਾਰਨੀ 4 ਰੋਜ਼ਾ ਦੌਰੇ 'ਤੇ ਚੀਨ ਪੁੱਜੇ ਚੀਨ ਵੱਲੋਂ ਕੈਨੇਡਾ ਨੂੰ ਅਮਰੀਕੀ ਪ੍ਰਭਾਵ ਹੇਠੋਂ ਨਿਕਲਣ ਦੀ ਸਲਾਹ

ਓਟਵਾ
ਸਾਂਝੀ ਸੋਚ ਬਿਊਰੋ

ਕੈਨੇਡਾ ਦੇ ਪ੍ਰਧਾਨ ਮੰਤਰੀ ਮਾਰਕ ਕਾਰਨੀ 4 ਰੋਜ਼ਾ ਦੌਰੇ ‘ਤੇ ਬੁੱਧਵਾਰ ਚੀਨ ਪਹੁੰਚ ਗਏ ਹਨ। ਚੀਨ ਇਸ ਦੌਰੇ ਨੂੰ ਅਮਰੀਕਾ ਦੇ ਪੁਰਾਣੇ ਸਹਿਯੋਗੀ ਕੈਨੇਡਾ ਨੂੰ ਆਪਣੇ ਵਿਰੋਧੀ ਤੋਂ ਥੋੜ੍ਹਾ ਦੂਰ ਕਰਨ ਦੇ ਇਕ ਮੌਕੇ ਵਜੋਂ ਦੇਖ ਰਿਹਾ ਹੈ।ਚੀਨ ਦੇ ਸਰਕਾਰੀ ਮੀਡੀਆ ਨੇ ਕੈਨੇਡਾ ਸਰਕਾਰ ਨੂੰ ਅਮਰੀਕਾ ਤੋਂ ਸੁਤੰਤਰ ਵਿਦੇਸ਼ ਨੀਤੀ ਅਪਣਾਉਣ ਦੀ ਅਪੀਲ ਕੀਤੀ ਹੈ, ਜਿਸ ਨੂੰ ਉਹ ‘ਰਣਨੀਤਿਕ ਖ਼ੁਦਮੁਖ਼ਤਾਰੀ’ ਕਹਿ ਰਿਹਾ ਹੈ। ਕੈਨੇਡਾ ਲੰਮੇ ਸਮੇਂ ਤੋਂ ਭੂਗੋਲਿਕ ਅਤੇ ਹੋਰ ਕਈ ਪੱਖਾਂ ਤੋਂ ਅਮਰੀਕਾ ਦੇ ਸਭ ਤੋਂ ਨੇੜਲੇ ਸਹਿਯੋਗੀਆਂ ਵਿਚੋਂ ਇਕ ਰਿਹਾ ਹੈ ਪਰ ਪੇਈਚਿੰਗ ਨੂੰ ਉਮੀਦ ਹੈ ਕਿ ਰਾਸ਼ਟਰਪਤੀ ਡੋਨਲਡ ਟਰੰਪ ਦੇ ਆਰਥਿਕ ਹਮਲੇ ਅਤੇ ਹੁਣ ਦੂਜੇ ਦੇਸ਼ਾਂ ਵਿਰੁੱਧ ਫੌਜੀ ਕਾਰਵਾਈ, ਇਸ ਪੁਰਾਣੇ ਰਿਸ਼ਤੇ ਨੂੰ ਕਮਜ਼ੋਰ ਕਰ ਦੇਵੇਗੀ। ਚੀਨ ਦੀ ਸਰਕਾਰ ਸਾਬਕਾ ਅਮਰੀਕੀ



ਰਾਸ਼ਟਰਪਤੀ ਜੋਅ ਬਾਇਡਨ ਦੀਆਂ ਉਨ੍ਹਾਂ ਕੋਸ਼ਿਸ਼ਾਂ ਤੋਂ ਵੀ ਨਾਰਾਜ਼ ਸੀ, ਜਿਨ੍ਹਾਂ ਰਾਹੀਂ ਉਨ੍ਹਾਂ ਨੇ ਚੀਨ ਦਾ ਟਾਕਰਾ ਕਰਨ ਲਈ ਯੂਰਪ, ਆਸਟਰੇਲੀਆ, ਭਾਰਤ ਅਤੇ ਕੈਨੇਡਾ ਵਰਗੇ ਦੇਸ਼ਾਂ ਨਾਲ ਸਬੰਧ ਮਜ਼ਬੂਤ ਕੀਤੇ ਸਨ।

ਹੁਣ ਚੀਨ ਨੂੰ ਇਨ੍ਹਾਂ ਸਬੰਧਾਂ ਨੂੰ ਕਮਜ਼ੋਰ ਕਰਨ ਦਾ ਇਕ ਮੌਕਾ ਨਜ਼ਰ ਆ ਰਿਹਾ ਹੈ।ਦੂਜੇ ਪਾਸੇ, ਮਾਰਕ ਕਾਰਨੀ ਨੇ ਵਪਾਰ ‘ਤੇ ਧਿਆਨ ਕੇਂਦਰਿਤ ਕੀਤਾ ਹੈ। ਉਨ੍ਹਾਂ ਚੀਨ ਦੇ ਆਪਣੇ ਇਸ ਦੌਰੇ ਨੂੰ ਦੁਨੀਆਂ ਭਰ ਵਿਚ ਨਵੀਂ ਭਾਈਵਾਲੀ ਕਾਇਮ ਕਰਨ ਦੀ ਮੁਹਿੰਮ ਦਾ ਹਿੱਸਾ ਦੱਸਿਆ ਹੈ, ਤਾਂ ਜੋ ਅਮਰੀਕੀ ਬਾਜ਼ਾਰ ‘ਤੇ ਕੈਨੇਡਾ ਦੀ ਆਰਥਿਕ ਨਿਰਭਰਤਾ ਨੂੰ ਖ਼ਤਮ ਕੀਤਾ ਜਾ ਸਕੇ।

ਜ਼ਿਕਰਯੋਗ ਹੈ ਕਿ ਡੋਨਲਡ ਟਰੰਪ ਨੇ ਅਮਰੀਕਾ ਨੂੰ ਹੋਣ ਵਾਲੀ ਕੈਨੇਡਿਆਈ ਬਰਾਮਦ ‘ਤੇ ਟੈਕਸ ਲਗਾ ਦਿੱਤੇ ਹਨ ਅਤੇ ਇਹ ਸੁਝਾਅ ਵੀ ਦਿੱਤਾ ਸੀ ਕਿ ਵਿਸ਼ਾਲ ਕੁਦਰਤੀ ਸਰੋਤਾਂ ਵਾਲਾ ਇਹ ਦੇਸ਼ ਅਮਰੀਕਾ ਦਾ 51ਵਾਂ ਰਾਜ ਬਣ ਸਕਦਾ ਹੈ।

# ਹਜਾਰਾਂ ਪ੍ਰਵਾਸੀਆਂ ਦਾ ਕਾਨੂੰਨੀ ਰੁੱਤਬਾ ਰੱਦ ਕਰਨ ਦੇ ਫੈਸਲੇ ਉਪਰ ਰੋਕ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਬੋਸਟਨ ਦੀ ਯੂ ਐਸ ਡਿਸਟ੍ਰਿਕਟ ਜੱਜ ਇੰਦਰਾ ਤਲਵਾਨੀ ਨੇ ਆਰਜੀ ਤੌਰ 'ਤੇ ਟਰੰਪ ਪ੍ਰਸ਼ਾਸਨ ਦੀ 10 ਹਜਾਰ ਤੋਂ ਵਧ ਪ੍ਰਵਾਸੀਆਂ ਦੀ ਕਾਨੂੰਨੀ ਰੁੱਤਬਾ ਖਤਮ ਕਰਨ ਦੀ ਯੋਜਨਾ ਉਪਰ ਰੋਕ ਲਾ ਦਿੱਤੀ ਹੈ।

ਜੱਜ ਨੇ ਆਪਣੇ ਫੈਸਲੇ ਵਿੱਚ ਕਿਹਾ ਹੈ ਕਿ ਸਰਕਾਰ ਪ੍ਰਵਾਸੀਆਂ ਨੂੰ ਉਨਾਂ ਦਾ ਕਾਨੂੰਨੀ ਰੁੱਤਬਾ ਖਤਮ ਕਰਨ ਤੋਂ ਪਹਿਲਾਂ ਉਨਾਂ ਨੂੰ ਇਸ ਸਬੰਧੀ ਸੂਚਿਤ ਕਰਨ ਵਿੱਚ ਨਾਕਾਮ ਰਹੀ ਹੈ। ਜੱਜ ਨੇ ਕਿਹਾ ਕਿ ਪ੍ਰਭਾਵਿਤ ਵਿਅਕਤੀਆਂ ਨੂੰ ਨਿਸਚਤ ਸਮੇ ਅੰਦਰ ਦੱਸਿਆ ਜਾਣਾ ਚਾਹੀਦਾ ਸੀ ਕਿ ਉਹ ਦੇਸ਼ ਵਿੱਚ ਰਹਿਣ ਦਾ ਹੱਕ ਗੁਆ ਚੁੱਕੇ ਹਨ। ਜੱਜ ਦੇ ਫੈਸਲੇ ਤੋਂ ਪਹਿਲਾਂ ਪ੍ਰਵਾਸੀਆਂ ਦੇ ਅਧਿਕਾਰਾਂ ਬਾਰੇ ਸਮੂੰਹਾਂ ਨੇ ਚਿਤਾਵਨੀ ਦਿੱਤੀ ਸੀ ਕਿ ਜੇਕਰ ਅਦਾਲਤ ਨੇ ਦਖਲਅੰਦਾਜੀ ਨਾ ਕੀਤੀ ਤਾਂ 10000 ਤੋਂ 12000 ਦੇ ਦਰਮਿਆਨ ਪ੍ਰਵਾਸੀਆਂ ਕੋਲੋਂ 14 ਜਨਵਰੀ ਨੂੰ ਦੇਸ਼ ਵਿਚ ਰਹਿਣਾ ਦਾ ਕਾਨੂੰਨੀ ਰੁੱਤਬਾ ਖੁਸ ਜਾਵੇਗਾ ਤੇ ਉਨਾਂ ਨੂੰ ਅਮਰੀਕਾ ਵਿਚੋਂ ਕੱਢ ਦਿੱਤਾ ਜਾਵੇਗਾ।

ਆਪਣੇ ਆਦੇਸ਼ ਵਿੱਚ ਜੱਜ ਨੇ ਟਰੰਪ ਪ੍ਰਸ਼ਾਸਨ ਦੇ ਆਦੇਸ਼ ਉਪਰ ਰੋਕ ਲਾਉਂਦਿਆਂ 'ਫੈਮਿਲੀ ਰੀਯੂਨੀਫੀਕੇਸ਼ਨ ਪੈਰੋਲ' ਪ੍ਰੋਗਰਾਮ ਨੂੰ ਕਾਇਮ ਰੱਖਿਆ ਹੈ।

# ਦੰਦਾਂ ਦੇ ਡਾਕਟਰ ਤੇ ਉਸ ਦੀ ਪਤਨੀ ਦੀ ਹੱਤਿਆ ਦੇ ਮਾਮਲੇ ਵਿੱਚ ਸਾਬਕਾ ਪਤੀ ਗ੍ਰਿਫ਼ਤਾਰ

ਸੈਕਰਾਮੈਂਟੋ
ਹੁਸਨ ਲੜੋਆ ਬੰਗਾ

ਇਲੀਨੋਇਸ, ਉਹਾਈਓ ਵਿੱਚ ਦੰਦਾਂ ਦੇ ਡਾਕਟਰ ਸਪੈਨਸਰ ਟੇਪੇ (37) ਤੇ ਉਸ ਦੀ ਪਤਨੀ ਮੋਨੀਕ ਟੇਪੇ (39) ਦੀ ਪਿਛਲੇ ਦਿਨੀਂ ਉਨਾਂ ਦੇ ਘਰ ਵਿਚ ਹੀ ਹੋਈ ਹੱਤਿਆ ਦੇ ਮਾਮਲੇ ਵਿੱਚ ਡਾਕਟਰ ਮਾਈਕਲ ਡੇਵਿਡ ਮੈਕੀ ਨੂੰ ਗ੍ਰਿਫਤਾਰ ਕੀਤਾ ਹੈ ਜੋ ਕਿ ਮੋਨੀਕ ਟੇਪੇ ਦਾ ਸਾਬਕਾ ਪਤੀ ਹੈ। ਮੋਨੀਕ ਤੇ ਮੈਕੀ ਦਾ ਵਿਆਹ ਬਹੁਤ ਥੋੜਾਂ ਸਮਾਂ ਕਾਇਮ ਰਿਹਾ ਸੀ ਤੇ ਕੋਈ ਦਹਾਕਾ ਪਹਿਲਾਂ ਉਨਾਂ ਦਾ ਤਲਾਕ ਹੋ ਗਿਆ ਸੀ। ਮੈਕੀ ਇਲੀਨੋਇਸ ਪੁਲਿਸ ਦੀ ਹਿਰਾਸਤ ਵਿਚ ਹੈ ਤੇ ਉਸ ਵਿਰੁੱਧ ਦੋ ਹੱਤਿਆਵਾਂ ਦੇ ਦੋਸ਼ ਆਇਦ ਕੀਤੇ ਗਏ ਹਨ। ਮੈਕੀ ਨੂੰ ਸੋਮਵਾਰ ਨੂੰ ਅਦਾਲਤ ਵਿਚ ਪੇਸ਼ ਕੀਤਾ ਗਿਆ ਜਿਥੇ ਜੱਜ ਨੇ ਕੁਝ ਮਿੰਟਾਂ ਦੀ ਸੁਣਵਾਈ ਉਪਰੰਤ ਉਸ ਨੂੰ ਵਾਪਿਸ ਪੁਲਿਸ ਹਿਰਾਸਤ ਵਿਚ ਭੇਜ ਦਿੱਤਾ। ਮੈਕੀ ਦੇ ਵਕੀਲ ਨੇ ਕਿਹਾ ਹੈ ਕਿ ਉਹ ਦੋਸ਼ੀ ਨਹੀਂ ਹੈ ਤੇ ਇਸ ਸਬੰਧੀ ਉਹ ਛੇਤੀ ਅਪੀਲ ਦਾਇਰ ਕਰੇਗਾ। ਇਥੇ ਜਿਕਰਯੋਗ ਹੈ ਕਿ ਟੇਪੇ ਪਤੀ-ਪਤਨੀ ਦੀ ਗੋਲੀਆਂ ਮਾਰ ਕੇ ਹੱਤਿਆ ਕਰਨ ਵੇਲੇ ਉਨਾਂ ਦੇ ਦੋ ਛੋਟੇ ਬੱਚੇ ਵੀ ਘਰ ਵਿਚ ਮੌਜੂਦਾ ਸਨ ਜਿਨਾਂ ਨੂੰ ਕੋਈ ਨੁਕਸਾਨ ਨਹੀਂ ਪਹੁੰਚਾਇਆ ਗਿਆ ਸੀ।


ATWAL
IMMIGRATION SERVICES
ATWAL
TAX & IMMIGRATION
— SERVICES —
FAMILY PETITIONS
NATURALIZATION (US CITIZENSHIP)
GREEN CARD RENEW
WORK PERMIT RENEW
AFFIDAVIT OF SUPPORT
INDIAN AND US PASSPORT RENEW
INDIAN VISA
OCI
E-VISA
INDIAN PASSPORT SURRENDER
ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ
TONY
ATWAL
ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com
ਜਾਂ ਫ਼ਿਰ ਸਾਡੀ WEBSITE
www.atwaltaximmigrationservices.com
ADDRESS 1
119 N Maple Ave, Ste B,Manteca, CA,95336 Manteca
(209) 505-6384
ADDRESS 2
2800 Mitchell Rd,Ste.W,Ceres ,CA 95307, Ceres
(209) 568-9682

# RESIDENTIAL, COMMERCIAL AND SOLAR FARMS

with Singhsloar High performance Bifacial Smart Panels

ਅਮਰੀਕਾ ਦੇ ਕਿਸੇ ਵੀ ਹਿੱਸੇ ਆਪਣੇ ਘਰ ਕਾਰੋਬਾਰ ਤੇ ਸੋਲਰ ਸਿਸਟਮ ਲਗਾਉਣ ਲਈ ਸਤਨਾਮ ਸਿੰਘ ਖਾਲਸਾ ਨਾਲ ਅੱਜ ਹੀ ਸੰਪਰਕ ਕਰੋ

100% CUSTOMER SATISFACTION GUARANTEED

SINGH SOLAR



## ਬਿਜਲੀ ਦੇ ਬਿੱਲ ਤੋਂ ਹਮੇਸ਼ਾ ਲਈ ਛੁਟਕਾਰਾ

**ਸਿਰ.ਫ ਇਕ ਕਾਲ - ਵੱਡੀ ਬੱਚਤ**

# 510-706-1300

singhsolarusa@gmail.com


Truck Parking Yard
ਟਰੱਕ PARK ਕਰਨ ਲਈ ਇੱਕ ਸੁਰੱਖਿਅਤ ਅਤੇ ਵਿਸ਼ਵਾਸਯੋਗ ਥਾਂ
• ਸਾਡੇ YARD ਨੂੰ LOCK ਵਾਲਾ GATE ਲੱਗਿਆ ਹੋਇਆ ਹੈ
• ਇੱਥੇ 24 ਘੰਟੇ ਸੁਰੱਖਿਆ GUARD ਦੀ ਡਿਊਟੀ ਰਹਿੰਦੀ ਹੈ
• ਸਾਰੇ ਇਲਾਕੇ ਦੀ ਨਿਗਰਾਨੀ ਕੈਮਰਿਆਂ ਰਾਹੀਂ ਹਰ ਵੇਲੇ ਕੀਤੀ ਜਾਂਦੀ ਹੈ
Truck Parking - Only $200 Monthly
Bobtail Parking - Only $100 Monthly
ਸਾਡੇ TRUCK YARD ਦੇ ਅੰਦਰ ਹੀ
ਟਰੱਕ Repair Shop ਅਤੇ TYRE SHOP ਵੀ
ਉਪਲਬਧ ਹੈ।
ਹੋਰ ਜਾਣਕਾਰੀ ਜਾਂ ਬੁਕਿੰਗ ਲਈ ਸੰਪਰਕ ਕਰੋ
Harbans Gill (209) 972-0013
1651 EAST Whitmore Ave, Ceres, CA 95307

# ਪੰਜਾਬ ਸਰਕਾਰ ਨੇ ਸਕੂਲਾਂ ਦਾ ਸਮਾਂ ਬਦਲਿਆ ਹੁਣ ਸਕੂਲ ਸਵੇਰੇ 10 ਵਜੇ ਖੁੱਲ੍ਹਣਗੇ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ



ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਸੂਬੇ ਵਿੱਚ ਪੈ ਰਹੀ ਠੰਢ ਅਤੇ ਸੰਘਣੀ ਧੁੰਦ ਨੂੰ ਵੇਖਦਿਆਂ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਕੂਲਾਂ ਦੇ ਸਮੇਂ ਵਿੱਚ ਬਦਲਾਅ ਕੀਤਾ ਗਿਆ ਹੈ। ਹੁਣ, ਪ੍ਰਾਇਮਰੀ ਸਕੂਲ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 3 ਵਜੇ ਤੱਕ ਖੁੱਲ੍ਹਣਗੇ, ਜਦੋਂ ਕਿ ਮਿਡਲ, ਹਾਈ ਅਤੇ ਸੀਨੀਅਰ ਸੈਕੰਡਰੀ ਸਕੂਲ ਸਵੇਰੇ 10 ਵਜੇ ਤੋਂ ਬਾਅਦ ਦੁਪਹਿਰ 3:20 ਵਜੇ ਤੱਕ ਖੁੱਲ੍ਹਣਗੇ। ਇਹ ਨਵਾਂ ਸਮਾਂ 21 ਜਨਵਰੀ, 2026 ਤੱਕ ਲਾਗੂ ਰਹੇਗਾ। ਬੈਂਸ ਨੇ ਕਿਹਾ, "ਸਾਡੇ ਵਿਦਿਆਰਥੀਆਂ ਦੀ ਭਲਾਈ ਤੇ ਸੁਰੱਖਿਆ ਸਾਡੀ ਪ੍ਰਮੁੱਖ ਤਰਜੀਹ ਹੈ।" ਉਨ੍ਹਾਂ ਨੇ ਸਕੂਲ ਮੁਖੀਆਂ ਅਤੇ ਜ਼ਿਲ੍ਹਾ ਸਿੱਖਿਆ ਅਧਿਕਾਰੀਆਂ (ਡੀ.ਈ.ਓ.) ਨੂੰ ਸੂਬੇ ਭਰ ਦੇ ਸਾਰੇ ਸਰਕਾਰੀ, ਸਹਾਇਤਾ ਪ੍ਰਾਪਤ, ਮਾਨਤਾ ਪ੍ਰਾਪਤ ਅਤੇ ਨਿੱਜੀ ਸਕੂਲਾਂ ਵਿੱਚ ਇਸ ਸੋਧੇ ਹੋਏ ਸਮੇਂ ਦੇ ਲਾਗੂਕਰਨ ਨੂੰ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਹਨ।

# 'ਯੁੱਧ ਨਸ਼ਿਆਂ ਵਿਰੁੱਧ' ਦੇ 320ਵੇਂ ਦਿਨ ਪੰਜਾਬ ਪੁਲਿਸ ਵੱਲੋਂ 40.1 ਕਿਲੋ ਹੈਰੋਇਨ ਸਮੇਤ 84 ਨਸ਼ਾ ਤਸਕਰ ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ




ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਿਰੇਦਸ਼ਾਂ 'ਤੇ ਵਿੱਢੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਦੇ 320ਵੇਂ ਦਿਨ ਪੰਜਾਬ ਪੁਲਿਸ ਨੇ ਅੱਜ 263 ਥਾਵਾਂ 'ਤੇ ਛਾਪੇਮਾਰੀ ਕੀਤੀ, ਜਿਸ ਉਪਰੰਤ ਸੂਬੇ ਭਰ ਵਿੱਚ 84 ਐਫਆਈਆਰਜ਼ ਦਰਜ ਕਰਕੇ 58 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ 320 ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ 44,630 ਹੋ ਗਈ ਹੈ। ਇਹਨਾਂ ਛਾਪਿਆਂ ਦੇ ਨਤੀਜੇ ਵਜੋਂ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 40.1 ਕਿਲੋਗ੍ਰਾਮ ਹੈਰੋਇਨ, 609 ਨਸ਼ੀਲੀਆਂ ਗੋਲੀਆਂ/ਕੈਪਸੂਲ ਅਤੇ 2060 ਰੁਪਏ ਦੀ ਡਰੱਗ ਮਨੀ ਬਰਾਮਦ ਕੀਤੀ ਗਈ ਹੈ।

ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਨੂੰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਦੇ ਹੁਕਮ ਦਿੱਤੇ ਹਨ। ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ 5 ਮੈਂਬਰੀ ਕੈਬਨਿਟ ਸਬ ਕਮੇਟੀ ਵੀ ਬਣਾਈ ਗਈ ਹੈ। ਇਸ ਆਪ੍ਰੇਸ਼ਨ ਦੌਰਾਨ 56 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 800 ਤੋਂ ਵੱਧ ਪੁਲਿਸ ਕਰਮਚਾਰੀਆਂ ਵਾਲੀਆਂ 100 ਤੋਂ ਵੱਧ ਪੁਲਿਸ ਟੀਮਾਂ ਨੇ ਰਾਜ ਭਰ ਵਿੱਚ 263 ਥਾਵਾਂ 'ਤੇ ਛਾਪੇਮਾਰੀ ਕੀਤੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ ਪੁਲਿਸ ਟੀਮਾਂ ਨੇ 280 ਸ਼ੱਕੀ ਵਿਅਕਤੀਆਂ ਦੀ ਜਾਂਚ ਵੀ ਕੀਤੀ ਹੈ। ਦੱਸਣਯੋਗ ਹੈ ਕਿ ਪੰਜਾਬ ਸਰਕਾਰ ਨੇ ਸੂਬੇ 'ਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਪੱਖੀ ਰਣਨੀਤੀ ਇਨਫੋਰਸਮੈਂਟ, ਡੀ-ਅਡਿਕਸ਼ਨ ਅਤੇ ਪ੍ਰੀਵੈਂਸ਼ਨ (ਈਡੀਪੀ) ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ਨੇ ਇਸ ਰਣਨੀਤੀ ਦੇ ਹਿੱਸੇ ਵਜੋਂ ਅੱਜ 24 ਵਿਅਕਤੀਆਂ ਨੂੰ ਨਸ਼ਾ ਛੱਡਣ ਅਤੇ ਮੁੜ ਵਸੇਬੇ ਦਾ ਇਲਾਜ ਲੈਣ ਲਈ ਰਾਜ਼ੀ ਕੀਤਾ ਹੈ।

# ਆਸਟ੍ਰੇਲੀਆ 'ਚ ਟਰੱਕ ਚਾਲਕਾਂ ਵਿਰੁੱਧ ਨਸਲਵਾਦ ਦੀਆਂ ਘਟਨਾਵਾਂ 'ਚ ਤੇਜ਼ੀ ਨਾਲ ਹੋ ਰਿਹੈ ਵਾਧਾ

ਮੈਲਬੌਰਨ
ਸਾਂਝੀ ਸੋਚ ਬਿਊਰੋ



ਆਸਟ੍ਰੇਲੀਆ ਦੇ ਟਰਾਂਸਪੋਰਟ ਖੇਤਰ 'ਚ ਭਾਰਤੀ ਖ਼ਾਸ ਕਰਕੇ ਸਿੱਖ ਪ੍ਰਵਾਸੀ ਟਰੱਕ ਚਾਲਕਾਂ ਵਿਰੁੱਧ ਨਸਲਵਾਦ ਦੀਆਂ ਘਟਨਾਵਾਂ 'ਚ ਅਜੋਕੇ ਸਮੇਂ ਦੌਰਾਨ ਤੇਜ਼ੀ ਨਾਲ ਵਾਧਾ ਹੋ ਰਿਹਾ ਹੈ। 2026 ਤੱਕ ਦੇ ਤਾਜ਼ਾ ਅੰਕੜਿਆਂ ਮੁਤਾਬਕ, ਢੁੱਕਵੇਂ ਨਿਯਮਾਂ ਤੇ ਸਖ਼ਤ ਕਾਰਵਾਈ ਦੀ ਕਮੀ ਕਾਰਨ ਚਾਲਕਾਂ ਨੂੰ ਸੜਕਾਂ ਤੇ ਰੇਡੀਓ ਸੰਚਾਰ ਦੌਰਾਨ ਬਦਸਲੂਕੀ ਅਤੇ ਅਪਮਾਨਜਨਕ ਵਿਵਹਾਰ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸਥਾਨਕ ਰਿਪੋਰਟਾਂ ਅਨੁਸਾਰ ਸਿੱਖ ਟਰੱਕ ਚਾਲਕਾਂ ਦੀ ਦਸਤਾਰ ਦਾ ਅਕਸਰ ਮਜ਼ਾਕ ਉਡਾਇਆ ਜਾਂਦਾ ਹੈ ਤੇ ਉਨ੍ਹਾਂ ਵਿਰੁੱਧ ਨਸਲੀ ਟਿੱਪਣੀਆਂ ਤੇ ਅਪਮਾਨਜਨਕ ਸ਼ਬਦਾਂ ਦੀ ਵਰਤੋਂ ਕੀਤੀ ਜਾਂਦੀ ਹੈ। ਇਸ ਤਰ੍ਹਾਂ ਦੇ ਨਸਲੀ ਵਿਤਕਰੇ ਕਾਰਨ ਕਈ ਚਾਲਕ ਮਾਨਸਿਕ ਤਣਾਅ ਦਾ ਸ਼ਿਕਾਰ ਹੋ ਰਹੇ ਹਨ ਤੇ ਬਹੁਤ ਸਾਰੇ ਲੋਕ ਇਸ ਕਿੱਤੇ ਨੂੰ ਛੱਡਣ ਲਈ ਮਜਬੂਰ ਹੋ ਰਹੇ ਹਨ।

...ਸਫ਼ਾ ਇੱਕ ਦੀ ਬਾਕੀ

# ਸ੍ਰੀ ਅਕਾਲ ਤਖ਼ਤ ਸਾਹਿਬ ਅੱਗੇ ਨਿਮਾਣੇ ਸਿੱਖ ਵਜੋਂ ਪੇਸ਼ ਹੋਏ ਮੁੱਖ ਮੰਤਰੀ ਮਾਨ

ਮੈਂ ਜਥੇਦਾਰ ਸਾਹਿਬ ਨੂੰ ਨਿਮਰਤਾ ਨਾਲ ਬੇਨਤੀ ਕੀਤੀ ਹੈ ਕਿ ਇਨ੍ਹਾਂ ਸ਼ਿਕਾਇਤਾਂ ਦੀ ਜਾਂਚ ਕਰਵਾਈ ਜਾਵੇ ਕਿਉਂਕਿ ਲੱਖਾਂ ਲੋਕਾਂ ਦੀਆਂ ਭਾਵਨਾਵਾਂ ਇਨ੍ਹਾਂ ਨਾਲ ਜੁੜੀਆਂ ਹੋਈਆਂ ਹਨ। ਸੰਸਥਾਵਾਂ ਹਮੇਸ਼ਾ ਸਰਵਉੱਚ ਹੁੰਦੀਆਂ ਹਨ ਪਰ ਉਨ੍ਹਾਂ ਦੇ ਮੁਖੀ ਗਲਤੀ ਕਰ ਸਕਦੇ ਹਨ, ਅਜਿਹੇ ਵਿਅਕਤੀਆਂ ਪ੍ਰਤੀ ਉਨ੍ਹਾਂ ਦੇ ਮਾੜੇ ਕੰਮਾਂ ਲਈ ਕਿਸੇ ਵੀ ਤਰ੍ਹਾਂ ਦੀ ਨਰਮੀ ਨਹੀਂ ਵਰਤਣੀ ਚਾਹੀਦੀ।"

ਮੁੱਖ ਮੰਤਰੀ ਨੇ ਕਿਹਾ, "ਸ੍ਰੀ ਅਕਾਲ ਤਖ਼ਤ ਸਾਹਿਬ ਦਾ ਹਰ ਹੁਕਮ ਉਨ੍ਹਾਂ ਨੂੰ ਸਿਰ ਮੱਥੇ ਪ੍ਰਵਾਨ ਹੈ ਕਿਉਂਕਿ ਇਹ ਸਿੱਖਾਂ ਦੀ ਸਰਵਉੱਚ ਸੰਸਥਾ ਹੈ। ਮੈਂ ਤੇ ਮੇਰਾ ਪਰਿਵਾਰ ਸਰਵਉੱਚ ਸੰਸਥਾ ਦੇ ਹੁਕਮਾਂ ਦੀ ਪਾਲਣਾ ਕਰਦਾ ਹੈ।" ਉਨ੍ਹਾਂ ਕਿਹਾ ਕਿ ਉਹ ਜਥੇਦਾਰ ਸਾਹਿਬ ਦੇ ਧੰਨਵਾਦੀ ਹਨ ਕਿ ਉਨ੍ਹਾਂ ਨੂੰ ਸਿੱਖ ਰਹਿਤ ਮਰਿਆਦਾ ਅਤੇ ਗੁਰਦੁਆਰਾ ਐਕਟ ਨਾਲ ਸਬੰਧਤ ਦੋ ਕੀਮਤੀ ਕਿਤਾਬਾਂ ਦਿੱਤੀਆਂ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਲਾਪਤਾ ਸਰੂਪਾਂ ਦੀ ਜਾਂਚ ਕਰਨ ਲਈ ਵਿਸ਼ੇਸ਼ ਜਾਂਚ ਟੀਮ ਦੇ ਗਠਨ ਬਾਰੇ ਮੁੱਖ ਮੰਤਰੀ ਨੇ ਸਪੱਸ਼ਟ ਕੀਤਾ ਕਿ ਇਸ ਫੈਸਲੇ ਦੇ ਪਿੱਛੇ ਕੋਈ ਸਿਆਸੀ ਮਨਸ਼ਾ ਨਹੀਂ ਹੈ। ਉਨ੍ਹਾਂ ਕਿਹਾ, "ਐਸ.ਆਈ.ਟੀ. ਦੀ ਜਾਂਚ ਲਾਪਤਾ ਸਰੂਪਾਂ ਦਾ ਪਤਾ ਲਾਉਣ ਲਈ ਹੈ। ਐਸ.ਆਈ.ਟੀ. ਦੀ ਜ਼ਿੰਮੇਵਾਰੀ ਸਿਰਫ ਲਾਪਤਾ ਸਰੂਪਾਂ ਦਾ ਪਤਾ ਲਾਉਣ ਤੱਕ ਸੀਮਿਤ ਕੀਤੀ ਗਈ ਹੈ ਤਾਂ ਕਿ ਉਨ੍ਹਾਂ ਦੀ ਦੁਰਵਰਤੋਂ ਨਾ ਹੋਵੇ।" ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਨੇ ਜਥੇਦਾਰ ਸਾਹਿਬ ਨੂੰ ਦਖ਼ਲ ਦੇਣ ਦੀ ਬੇਨਤੀ ਕੀਤੀ ਹੈ ਕਿ ਉਹ ਸ਼੍ਰੋਮਣੀ ਕਮੇਟੀ ਨੂੰ ਗੁੰਮ ਹੋਏ ਸਰੂਪਾਂ ਦਾ ਪਤਾ ਲਾਉਣ ਲਈ ਉਨ੍ਹਾਂ ਦੁਆਰਾ ਪ੍ਰਕਾਸ਼ਿਤ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਹਰੇਕ ਸਰੂਪ ਨੂੰ ਦਿੱਤਾ ਗਿਆ ਵਿਲੱਖਣ ਕੋਡ (ਯੂਨੀਕ ਕੋਡ) ਪ੍ਰਦਾਨ ਕਰਨ ਲਈ ਆਦੇਸ਼ ਜਾਰੀ ਕਰਨ। ਮੁੱਖ ਮੰਤਰੀ ਨੇ ਕਿਹਾ ਕਿ ਪੁਲਿਸ ਅਤੇ ਸੂਬਾ ਸਰਕਾਰ ਪਾਵਨ ਸਰੂਪਾਂ ਦਾ ਪਤਾ ਲਾਏਗੀ ਅਤੇ ਇਸ ਦੀਆਂ ਥਾਵਾਂ ਬਾਰੇ ਸ੍ਰੀ ਅਕਾਲ ਤਖ਼ਤ ਸਾਹਿਬ ਅਤੇ ਸ਼੍ਰੋਮਣੀ ਕਮੇਟੀ ਨੂੰ ਜਾਣੂੰ ਕਰਵਾਏਗੀ ਤਾਂ ਕਿ ਰਹਿਤ ਮਰਿਆਦਾ ਅਨੁਸਾਰ ਕਾਰਵਾਈ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਕਿ ਪੁਲਿਸ ਨੂੰ ਪਹਿਲਾਂ ਹੀ ਆਦੇਸ਼ ਦਿੱਤੇ ਜਾ ਚੁੱਕੇ ਹਨ ਕਿ ਜਿੱਥੇ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸਰੂਪਾਂ ਦਾ ਪਤਾ ਲੱਗਾ ਹੈ, ਉਨ੍ਹਾਂ ਧਾਰਮਿਕ ਥਾਵਾਂ ਦੀ ਇਮਾਰਤ ਅੰਦਰ ਪ੍ਰਵੇਸ਼ ਨਾ ਕੀਤਾ ਜਾਵੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਜਥੇਦਾਰ ਸਾਹਿਬ ਨੇ ਉਨ੍ਹਾਂ ਨੂੰ ਦੱਸਿਆ ਕਿ ਸਾਲ 1998 ਤੋਂ ਪਹਿਲਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਪ੍ਰਿਟਿੰਗ ਕਈ ਥਾਵਾਂ 'ਤੇ ਕੀਤੀ ਜਾਂਦੀ ਸੀ।



# Ekam Handyman Services

## Reliable Handyman Services

- Professional Repairs
- Quality Work
- Affordable Rates



**We Specialized In**:

Split-Level and Multi-Level Home Repairs

Fence Installation & Repairs Backyard Upgrades

Hardwood Floor, MarbleTiling, Repair & Refinishing

Insulated Window Installation & sealing

Washroom RepairsPlumbing

Fixes Electrical Repairs



Ekam Handyman services
@laddihandyman

(209)281-0288, (209)646-4056


SERVPRO
OF TRACY
Cleaning. Restoration. Construction.
ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ
ਅਸੀਂ Insurance Companies ਦੇ National Account 'ਤੇ ਹਾਂ
ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ
Before
After
• ਪਾਣੀ ਨਾਲ ਨੁਕਸਾਨ ਦੀ ਮੁਰੰਮਤ
• ਕਾਰਪੇਟ ਅਤੇ ਫਰਨੀਚਰ ਸੁਕਾਉਣਾ
• ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
• Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ
Before
After
ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ
2275 N Mac Arthur Dr Tracy, CA 95376
CONTACT FOR MORE INFORMATION
DEEPINDER MAHAL
President
Office (209) 834-0200
Cell (408) 963-7702


Gillson TRUCKING INC
NOW HIRING
TRUCK DRIVERS
CLASS A CDL
✓Signing Bonus
✓Top pay
✓Mileage Pay
✓Great Benefits
✓Over the Road or Local Routes
✓Reefers and Dry Van Operations
✓No touch freight
SKILLS
✓Responsible truck driver.
✓Experience with electronic equipment.
✓Ability to travel regularly.
✓Adaptivity and foresight to handle unexpected situations (traffic, weather conditions and roads, etc.)
RESPONSIBILITIES
✓Safely operating assigned vehicles.
✓The Vehicles are maintained and serviced as needed.
✓Report any vehicle defects for repair.
✓Make safety a priority at all times.
✓Comply with standard federal laws and with company. policies and procedures.
PAY
✓Average pay: $0.45-$0.60 cents/mile
✓Weekly direct deposits
✓Bonuses for clean inspections
✓High mileage bonuses
NEWER EQUIPMENT
Freightliner and Volvo 2020 and present
Reset pay away from Terminals– Stockton,. CA and Dayton, Ohio
Flexible Home Time
Pet Friendly
Rider Policy
SCAN QR CODE FOR
APPLY NOW
HEALTH BENEFITS
Health
Dental
Vision
1801 E Dr. Martin Luther King Jr. Blvd. Stockton, CA 95205
925-400-9094 ext. 116, ext. 130 and ext. 144
info@teamgillson.com
GET IN TOUCH
gillsontrucking
company/gillsontrucking
www.teamgillson.com

# ਜਲੰਧਰ ਅਦਾਲਤ ਨੇ ਮੰਨਿਆ ਆਤਿਸ਼ੀ ਦੀ ਵੀਡੀਓ ਫਰਜ਼ੀ ਭਾਜਪਾ ਦਾ ਸਿੱਖ ਵਿਰੋਧੀ ਚਿਹਰਾ ਹੋਇਆ ਬੇਨਕਾਬ: ਮਲਵਿੰਦਰ ਕੰਗ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਦਿੱਲੀ ਦੀ ਸਾਬਕਾ ਮੁੱਖ ਮੰਤਰੀ ਅਤੇ ਵਿਰੋਧੀ ਧਿਰ ਦੀ ਨੇਤਾ ਆਤਿਸ਼ੀ ਦੇ ਕਥਿਤ ਵਿਵਾਦਿਤ ਵੀਡੀਓ ਮਾਮਲੇ ਵਿੱਚ ਜਲੰਧਰ ਦੀ ਅਦਾਲਤ ਨੇ ਫੈਸਲਾ ਸੁਣਾਉਂਦਿਆਂ ਕਿਹਾ ਹੈ ਕਿ ਭਾਜਪਾ ਆਗੂਆਂ ਵੱਲੋਂ ਵਾਇਰਲ ਕੀਤੀ ਗਈ ਵੀਡੀਓ ਨਾਲ ਛੇੜਛਾੜ ਕੀਤੀ ਗਈ ਹੈ ਅਤੇ ਫਰਜ਼ੀ ਹੈ। ਇਸ ਫੈਸਲੇ 'ਤੇ ਪ੍ਰਤੀਕਿਰਿਆ ਦਿੰਦਿਆਂ ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਭਾਜਪਾ 'ਤੇ ਜ਼ੋਰਦਾਰ ਨਿਸ਼ਾਨਾ ਸਾਧਿਆ ਅਤੇ ਕਿਹਾ ਕਿ ਭਾਜਪਾ ਆਪਣੀ ਘਟੀਆ ਰਾਜਨੀਤੀ ਲਈ ਸਿੱਖ ਗੁਰੂ ਸਾਹਿਬਾਨ ਦਾ ਅਪਮਾਨ ਕਰਨ ਤੋਂ ਵੀ ਪਿੱਛੇ ਨਹੀਂ ਹਟਦੀ।

ਆਮ ਆਦਮੀ ਪਾਰਟੀ ਦੇ ਸੰਸਦ ਮੈਂਬਰ ਮਲਵਿੰਦਰ ਸਿੰਘ ਕੰਗ ਨੇ ਜਲੰਧਰ ਅਦਾਲਤ ਦੇ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਅਸੀਂ ਪਹਿਲੇ ਦਿਨ ਤੋਂ ਕਹਿ ਰਹੇ ਸੀ ਕਿ ਭਾਜਪਾ ਆਪਣੀ ਘਟੀਆ ਰਾਜਨੀਤੀ ਲਈ ਸਿੱਖ ਗੁਰੂਆਂ ਦਾ ਅਪਮਾਨ ਕਰਨ ਤੋਂ ਪਿੱਛੇ ਨਹੀਂ ਹਟਦੀ ਅਤੇ ਅੱਜ ਇਹ ਸਾਬਤ ਹੋ ਗਿਆ।

ਕੰਗ ਨੇ ਕਿਹਾ, "ਅੱਜ ਜਲੰਧਰ ਦੀ ਮਾਣਯੋਗ ਅਦਾਲਤ ਨੇ ਸਪੱਸ਼ਟ ਕਹਿ ਦਿੱਤਾ ਹੈ ਕਿ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ ਦੇ ਵਿਧਾਨ ਸਭਾ ਵਿੱਚ ਦਿੱਤੇ ਬਿਆਨ ਨੂੰ ਜਿਸ ਤਰੀਕੇ ਨਾਲ ਭਾਜਪਾ ਆਗੂਆਂ ਨੇ, ਖਾਸ ਕਰਕੇ ਕਪਿਲ ਮਿਸ਼ਰਾ ਨੇ ਆਪਣੇ ਸੋਸ਼ਲ ਮੀਡੀਆ ਹੈਂਡਲ 'ਤੇ ਤੋੜ-ਮਰੋੜ ਕੇ ਪੇਸ਼ ਕੀਤਾ, ਉਸ ਵੀਡੀਓ ਨਾਲ ਛੇੜਛਾੜ ਕੀਤੀ ਗਈ ਸੀ।"



ਆਪ ਸੰਸਦ ਮੈਂਬਰ ਨੇ ਭਾਜਪਾ ਦੇ ਇਤਿਹਾਸ ਦਾ ਹਵਾਲਾ ਦਿੰਦਿਆਂ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਹੈ ਜਦੋਂ ਭਾਜਪਾ ਨੇ ਸਿੱਖ ਧਰਮ ਦਾ ਅਪਮਾਨ ਕੀਤਾ ਹੋਵੇ। ਉਨ੍ਹਾਂ ਯਾਦ ਕਰਵਾਇਆ ਕਿ ਭਾਜਪਾ ਨੇ ਪਹਿਲਾਂ ਵੀ ਦਸ਼ਮ ਪਿਤਾ ਅਤੇ ਸਾਹਿਬਜ਼ਾਦਿਆਂ ਦਾ ਕਾਰਟੂਨ ਬਣਾਇਆ ਸੀ।

ਮਲਵਿੰਦਰ ਕੰਗ ਨੇ ਭਾਵੁਕ ਹੁੰਦਿਆਂ ਕਿਹਾ, " ਮਹਾਰਾਜ ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ, ਜਿਨ੍ਹਾਂ ਨੇ ਸਾਢੇ ਤਿੰਨ ਸੌ ਸਾਲ ਪਹਿਲਾਂ ਇਸ ਦੇਸ਼ ਦੇ ਹਿੰਦੂ ਧਰਮ ਅਤੇ ਦੇਸ਼ ਨੂੰ ਬਚਾਉਣ ਲਈ ਸ਼ਹਾਦਤ ਦਿੱਤੀ, ਉਨ੍ਹਾਂ ਦਾ ਅਪਮਾਨ ਕਰਨ ਤੋਂ ਵੀ ਭਾਜਪਾ ਪਿੱਛੇ ਨਹੀਂ ਹਟਦੀ। ਇਹ ਉਨ੍ਹਾਂ ਦਾ ਅਸਲੀ ਚਿਹਰਾ ਹੈ, ਇਹੀ ਉਨ੍ਹਾਂ ਦੀ ਘਟੀਆ ਮਾਨਸਿਕਤਾ ਹੈ ਜਿਸ ਦੀ ਅਸੀਂ ਸਖ਼ਤ ਨਿੰਦਾ ਕਰਦੇ ਹਾਂ।"

ਆਪ ਸੰਸਦ ਮੈਂਬਰ ਨੇ ਭਾਜਪਾ ਦੇ ਪੰਜਾਬ ਇੰਚਾਰਜ ਸੁਨੀਲ ਜਾਖੜ ਤੋਂ ਸਿੱਧਾ ਸਵਾਲ ਕਰਦਿਆਂ ਕਿਹਾ, "ਜਾਖੜ ਸਾਹਿਬ, ਜੋ ਆਪਣੇ ਆਪ ਨੂੰ ਸੱਚੇ-ਸੁੱਚੇ ਆਗੂ ਕਹਿੰਦੇ ਹਨ, ਕੀ ਹੁਣ ਤੁਸੀਂ ਮੁਆਫੀ ਮੰਗੋਗੇ?"ਕੰਗ ਨੇ ਰਵਨੀਤ ਸਿੰਘ ਬਿੱਟੂ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਮਨਜਿੰਦਰ ਸਿੰਘ ਸਿਰਸਾ ਤੋਂ ਵੀ ਜਵਾਬ ਮੰਗਿਆ ਕਿ ਕਪਿਲ ਮਿਸ਼ਰਾ ਵਰਗੇ ਆਗੂਆਂ ਵੱਲੋਂ ਗੁਰੂ ਸਾਹਿਬਾਨ ਦੇ ਕੀਤੇ ਗਏ ਅਪਮਾਨ ਦੀ ਜਵਾਬਦੇਹੀ ਕੌਣ ਲਵੇਗਾ?

ਉਨ੍ਹਾਂ ਕਿਹਾ ਕਿ ਅਦਾਲਤ ਦਾ ਇਹ ਫੈਸਲਾ ਸਾਬਤ ਕਰਦਾ ਹੈ ਕਿ ਭਾਜਪਾ ਨੇ ਸਿਰਫ਼ ਅਤੇ ਸਿਰਫ਼ ਆਪਣੀ ਘਟੀਆ ਰਾਜਨੀਤੀ ਲਈ ਆਤਿਸ਼ੀ ਦੇ ਬਿਆਨ ਨੂੰ ਤੋੜ-ਮਰੋੜ ਕੇ ਪੇਸ਼ ਕੀਤਾ ਅਤੇ ਗੁਰੂ ਸਾਹਿਬਾਨ ਪ੍ਰਤੀ ਅਪਮਾਨਜਨਕ ਸ਼ਬਦ ਦਿਖਾਏ ਜੋ ਪੂਰੀ ਤਰ੍ਹਾਂ ਜਾਅਲੀ ਅਤੇ ਫਰਜ਼ੀ ਸਨ।

# ਵਿਦੇਸ਼ ਮੰਤਰਾਲੇ ਵੱਲੋਂ ਬਿਨਾਂ ਕਾਰਨ ਦੱਸੇ ਯੂ.ਕੇ. ਜਾਣ ਦਾ ਦੌਰਾ ਰੱਦ ਕਰਨਾ ਬੇਹੱਦ ਮੰਦਭਾਗਾ ਅਤੇ ਨਿੰਦਣਯੋਗ: ਸੰਜੀਵ ਅਰੋੜਾ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਪੰਜਾਬ ਦੇ ਉਦਯੋਗ ਅਤੇ ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਵਿਦੇਸ਼ ਮੰਤਰਾਲੇ ਵੱਲੋਂ ਬਿਨਾਂ ਕੋਈ ਕਾਰਨ ਦੱਸੇ ਯੂਨਾਈਟਿਡ ਕਿੰਗਡਮ ਦੇ ਅਧਿਕਾਰਤ ਨਿਵੇਸ਼ ਆਊਟਰੀਚ ਦੌਰੇ ਨੂੰ ਮਨਜ਼ੂਰੀ ਦੇਣ ਤੋਂ ਇਨਕਾਰ ਕਰਨਾ ਬੇਹੱਦ "ਮੰਦਭਾਗਾ ਅਤੇ ਨਿੰਦਣਯੋਗ" ਹੈ। ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਦੇ ਫੈਸਲੇ ਨੇ ਪੰਜਾਬ ਦੇ ਵਿਸ਼ਵਵਿਆਪੀ ਨਿਵੇਸ਼ ਨੂੰ ਆਕਰਸ਼ਿਤ ਕਰਨ ਅਤੇ ਆਪਣੇ ਨੌਜਵਾਨਾਂ ਲਈ ਨੌਕਰੀਆਂ ਪੈਦਾ ਕਰਨ ਦੇ ਯਤਨਾਂ 'ਤੇ ਮਾੜਾ ਪ੍ਰਭਾਵ ਪਾਇਆ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ ਵਿਦੇਸ਼ ਮੰਤਰਾਲਾ (ਐਮ.ਈ.ਏ.) ਉਨ੍ਹਾਂ ਦੇ ਵਿਦੇਸ਼ ਦੌਰੇ ਨੂੰ ਰੋਕਣ ਲਈ ਕੋਈ ਢੁਕਵਾਂ ਸਪੱਸ਼ਟੀਕਰਨ ਦੇਣ ਵਿੱਚ ਅਸਫਲ ਰਿਹਾ ਹੈ। ਉਨ੍ਹਾਂ ਕਿਹਾ ਕਿ ਜਾਪਾਨ ਅਤੇ ਦੱਖਣੀ ਕੋਰੀਆ ਦੇ ਪਹਿਲਾਂ ਕੀਤੇ ਦੌਰਿਆਂ ਦੌਰਾਨ ਨਿਵੇਸ਼ਕਾਂ ਨੇ ਸੂਬੇ ਵਿੱਚ ਡੂੰਘੀ ਦਿਲਚਸਪੀ ਦਿਖਾਈ ਸੀ।

ਸੰਜੀਵ ਅਰੋੜਾ ਨੇ ਕਿਹਾ ਕਿ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਆਰਥਿਕ ਵਿਕਾਸ ਨੂੰ ਹੁਲਾਰਾ ਦੇਣ ਲਈ ਵਿਸ਼ਵਵਿਆਪੀ ਪਹੁੰਚ ਬੇਹੱਦ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਨੂੰ ਆਪਣੇ ਫੈਸਲੇ 'ਤੇ ਤੁਰੰਤ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ ਗਈ ਹੈ। ਉਨ੍ਹਾਂ ਅੱਗੇ ਕਿਹਾ ਕਿ ਭਾਵੇਂ ਭਾਰਤ ਸਰਕਾਰ ਦਾ ਇਹ ਕਦਮ ਪੰਜਾਬ ਦੀਆਂ ਆਰਥਿਕ ਸੰਭਾਵਨਾਵਾਂ ਨੂੰ ਨੁਕਸਾਨ ਪਹੁੰਚਾਏਗਾ, ਪਰ ਸੂਬਾ ਸਰਕਾਰ ਪੰਜਾਬ ਦੀ ਤਰੱਕੀ ਲਈ ਅਣਥੱਕ ਯਤਨ ਕਰਨ ਤੋਂ ਪਿੱਛੇ ਨਹੀਂ ਹਟੇਗੀ।

ਇੱਕ ਬਿਆਨ ਵਿੱਚ, ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਭਾਰਤ ਸਰਕਾਰ ਦੇ ਵਿਦੇਸ਼ ਮੰਤਰਾਲੇ ਨੇ ਯੂਨਾਈਟਿਡ ਕਿੰਗਡਮ ਅਤੇ ਇਜ਼ਰਾਈਲ ਦੇ



ਪ੍ਰਸਤਾਵਿਤ ਅਧਿਕਾਰਤ ਦੌਰੇ ਨੂੰ ਰੱਦ ਕਰਨ ਦਾ ਕੋਈ ਢੁਕਵਾਂ ਜਾਂ ਸਪੱਸ਼ਟ ਕਾਰਨ ਨਹੀਂ ਦੱਸਿਆ। ਉਨ੍ਹਾਂ ਕਿਹਾ, "ਪਹਿਲਾਂ, ਅਸੀਂ ਇਸ ਰੱਦ ਕਰਨ ਦਾ ਸਹੀ ਕਾਰਨ ਜਾਣਨਾ ਚਾਹੁੰਦੇ ਹਾਂ। ਜੇਕਰ ਇਹ ਫੈਸਲਾ ਸਿਆਸੀ ਕਾਰਨਾਂ ਕਰਕੇ ਲਿਆ ਗਿਆ ਹੈ ਤਾਂ ਇਹ ਬਹੁਤ ਹੀ ਨਿੰਦਣਯੋਗ ਅਤੇ ਮੰਦਭਾਗਾ ਹੈ।"

ਪੰਜਾਬ ਦੇ ਉਦਯੋਗ ਤੇ ਵਣਜ ਅਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਨੇ ਅੱਗੇ ਕਿਹਾ ਕਿ ਸਾਡੇ ਜਾਪਾਨ ਅਤੇ ਦੱਖਣੀ ਕੋਰੀਆ ਦੇ ਦੌਰੇ ਸਫ਼ਲ ਰਹੇ, ਜਿਸ ਨਾਲ ਪੰਜਾਬ ਵਿੱਚ ਨਿਵੇਸ਼ਕਾਂ ਦੀ ਡੂੰਘੀ ਦਿਲਚਸਪੀ ਦੇਖਣ ਨੂੰ ਮਿਲੀ ਹੈ। ਇਹ ਨਿਵੇਸ਼ ਨਾ ਸਿਰਫ਼ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰ ਰਹੇ ਹਨ, ਸਗੋਂ ਦੇਸ਼ ਦੇ ਆਰਥਿਕ ਵਿਕਾਸ ਨੂੰ ਹੁਲਾਰਾ ਦੇਣ ਵਿੱਚ ਵੀ ਯੋਗਦਾਨ ਪਾ ਰਹੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਵਿਦੇਸ਼ ਮੰਤਰਾਲੇ ਦਾ ਫੈਸਲਾ ਪੰਜਾਬ ਦੇ ਆਰਥਿਕ ਵਿਕਾਸ 'ਤੇ ਮਾੜਾ ਪ੍ਰਭਾਵ ਪਾਵੇਗਾ, ਪਰ ਅਸੀਂ ਪਿੱਛੇ ਨਹੀਂ ਹਟਾਂਗੇ ਅਤੇ ਸੂਬੇ ਦੀ ਤਰੱਕੀ ਲਈ ਕੰਮ ਕਰਨ ਤੋਂ ਨਹੀਂ ਝਿਜਕਾਂਗੇ।

ਕੈਬਨਿਟ ਮੰਤਰੀ ਨੇ ਕਿਹਾ ਕਿ ਕਈ ਵਿਦੇਸ਼ੀ ਅਤੇ ਭਾਰਤੀ ਕੰਪਨੀਆਂ ਪੰਜਾਬ ਵਿੱਚ ਨਿਵੇਸ਼ ਕਰਨਾ ਚਾਹੁੰਦੀਆਂ ਹਨ ਅਤੇ ਪੰਜਾਬ ਨਿਵੇਸ਼ਕਾਂ ਦਾ ਪਸੰਦੀਦਾ ਸਥਾਨ ਬਣ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਉਦਯੋਗ ਨੂੰ ਉਤਸ਼ਾਹਿਤ ਕਰਨ ਲਈ ਕੋਈ ਕਸਰ ਨਹੀਂ ਛੱਡ ਰਹੀ ਹੈ। ਇਸ ਮਕਸਦ ਲਈ ਅਸੀਂ ਵਿਸ਼ਵਵਿਆਪੀ ਪਹੁੰਚ ਕਰ ਰਹੇ ਹਾਂ ਤਾਂ ਜੋ ਪੰਜਾਬ ਦੇ ਨੌਜਵਾਨਾਂ ਨੂੰ ਰੋਜ਼ਗਾਰ ਦੇ ਮੌਕੇ ਮਿਲ ਸਕਣ ਜਿਸ ਨਾਲ ਪੰਜਾਬ ਦੀ ਆਰਥਿਕ ਖ਼ੁਸ਼ਹਾਲੀ ਦਾ ਰਾਹ ਪੱਧਰਾ ਹੋਵੇਗਾ। ਉਨ੍ਹਾਂ ਭਾਰਤ ਸਰਕਾਰ ਨੂੰ ਵਿਦੇਸ਼ ਯਾਤਰਾ ਲਈ ਪ੍ਰਵਾਨਗੀ ਰੱਦ ਕਰਨ 'ਤੇ ਮੁੜ ਵਿਚਾਰ ਕਰਨ ਦੀ ਅਪੀਲ ਵੀ ਕੀਤੀ।

ਪੰਜਾਬ ਦੀਆਂ ਪ੍ਰਾਪਤੀਆਂ ਨੂੰ ਉਜਾਗਰ ਕਰਦਿਆਂ ਮੰਤਰੀ ਸੰਜੀਵ ਅਰੋੜਾ ਨੇ ਕਿਹਾ ਕਿ ਰਾਜ ਨੂੰ ਭਾਰਤ ਸਰਕਾਰ ਵੱਲੋਂ ਕਾਰੋਬਾਰ ਵਿੱਚ ਆਸਾਨੀ ਲਈ ਸਭ ਤੋਂ ਵਧੀਆ ਰਾਜਾਂ ਵਿੱਚੋਂ ਇੱਕ ਹੋਣ ਲਈ ਸਨਮਾਨਿਤ ਵੀ ਕੀਤਾ ਗਿਆ ਹੈ ਅਤੇ ਸਟਾਰਟ ਅੱਪ ਪਹਿਲਕਦਮੀਆਂ ਵਿੱਚ ਵੀ ਉੱਤਮਤਾ ਲਈ ਮਾਨਤਾ ਦੇਣ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਸਾਲ 2022 ਤੋਂ ਹੁਣ ਤੱਕ 1.5 ਲੱਖ ਕਰੋੜ ਰੁਪਏ ਤੋਂ ਵੱਧ ਨਿਵੇਸ਼ ਪ੍ਰਾਪਤ ਹੋਇਆ ਹੈ ਅਤੇ ਇਸ ਨਾਲ 5.2 ਲੱਖ ਰੋਜ਼ਗਾਰ ਦੇ ਮੌਕੇ ਪੈਦਾ ਹੋਏ ਹਨ।

# ਮੋਹਾਲੀ ਜੰਗਲਾਤ ਮੰਡਲ ਦੀ ਪਹਿਲਕਦਮੀ ਸਦਕਾ ਸਿਸਵਾਂ-ਮਿਰਜ਼ਾਪੁਰ ਜੰਗਲ ਖੇਤਰ ਬਣਿਆ ਈਕੋ-ਟੂਰਿਜ਼ਮ ਦਾ ਧੁਰਾ: ਲਾਲ ਚੰਦ ਕਟਾਰੂਚੱਕ

ਚੰਡੀਗੜ੍ਹ ਸਾਂਝੀ ਸੋਚ ਬਿਊਰੋ

ਮੋਹਾਲੀ ਜੰਗਲਾਤ ਡਿਵੀਜ਼ਨ (ਮੰਡਲ) ਵੱਲੋਂ ਸਿਸਵਾਂ-ਮਿਰਜ਼ਾਪੁਰ ਜੰਗਲ ਖੇਤਰ ਵਿੱਚ ਵਾਤਾਵਰਣ ਸੁਰੱਖਿਆ ਅਤੇ ਈਕੋ-ਟੂਰਿਜ਼ਮ ਨੂੰ ਉਤਸ਼ਾਹਿਤ ਕਰਨ ਲਈ ਕੀਤੀਆਂ ਜਾ ਰਹੀਆਂ ਪਹਿਲਕਦਮੀਆਂ ਨੂੰ ਲੋਕਾਂ ਵੱਲੋਂ ਬਹੁਤ ਹੀ ਉਤਸ਼ਾਹਪੂਰਵਕ ਸਹਿਯੋਗ ਮਿਲ ਰਿਹਾ ਹੈ।ਇਹ ਜਾਣਕਾਰੀ ਦਿੰਦੇ ਹੋਏ ਜੰਗਲਾਤ ਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਦੱਸਿਆ ਕਿ ਸਿਸਵਾਂ ਤੋਂ ਮਿਰਜ਼ਾਪੁਰ ਨੇਚਰ ਟ੍ਰੈਕ, ਜੋ ਲਗਭਗ 5 ਕਿਲੋਮੀਟਰ ਲੰਮਾ ਹੈ ਅਤੇ ਇਸਨੂੰ ਪੂਰਾ ਕਰਨ ਵਿੱਚ ਤਕਰੀਬਨ 1.5 ਘੰਟੇ ਲੱਗਦੇ ਹਨ, ਕੁਦਰਤੀ ਸੁੰਦਰਤਾ, ਹਰੇ-ਭਰੇ ਜੰਗਲਾਤੀ ਦ੍ਰਿਸ਼ਾਂ, ਸੁੰਦਰ ਦ੍ਰਿਸ਼ਟਿਕੋਣਾਂ ਅਤੇ ਵਾਚ ਟਾਵਰਾਂ ਕਰਕੇ ਲੋਕਾਂ ਵਿੱਚ ਬਹੁਤ ਮਕਬੂਲ ਬਣ ਚੁੱਕਾ ਹੈ।ਸਿਸਵਾਂ ਡੈਮ ਵਿਖੇ ਬੋਟਿੰਗ ਦੀ ਸਹੂਲਤ, ਸੁਚੱਜੀਆਂ ਕੈਂਟੀਨ ਸੇਵਾਵਾਂ ਅਤੇ ਤਿੰਨ ਈਕੋ-ਹੱਟਾਂ ਸੈਲਾਨੀਆਂ ਨੂੰ ਸ਼ਾਨਦਾਰ ਅਨੁਭਵ ਪ੍ਰਦਾਨ ਕਰ ਰਹੀਆਂ ਹਨ। ਇਹ ਸਾਰੀਆਂ ਸਹੂਲਤਾਂ ਲੋਕਾਂ ਵਿੱਚ ਕਾਫ਼ੀ ਪ੍ਰਸਿੱਧ ਹੋ ਰਹੀਆਂ ਹਨ।ਇਸ ਤੋਂ ਇਲਾਵਾ, ਡਿਵੀਜ਼ਨ ਵੱਲੋਂ ਹੋਰ ਨੇਚਰ ਟ੍ਰੇਲ ਅਤੇ ਟ੍ਰੈਕਿੰਗ ਰੂਟ ਤਿਆਰ ਕੀਤੇ ਜਾ ਰਹੇ ਹਨ, ਜੋ ਛੇਤੀ ਹੀ ਲੋਕਾਂ ਲਈ ਖੋਲ੍ਹੇ ਜਾਣਗੇ।25 ਦਸੰਬਰ ਨੂੰ ਸਿਸਵਾਂ ਡੈਮ ਵਿਖੇ ਇੱਕ ਸਫ਼ਲ ਨੇਚਰ ਅਵੇਅਰਨੈੱਸ ਕੈਂਪ ਆਯੋਜਿਤ ਕੀਤਾ ਗਿਆ, ਜਿਸ ਵਿੱਚ ਪਹਿਲਾਂ ਸਾਈਕਲਿੰਗ ਇਵੈਂਟ ਅਤੇ ਫਿਰ ਟ੍ਰੈਕਿੰਗ ਪ੍ਰੋਗਰਾਮ ਕਰਵਾਇਆ ਗਿਆ। ਇਸ ਵਿੱਚ ਖ਼ਾਸ ਤੌਰ 'ਤੇ ਚੰਡੀਗੜ੍ਹ ਦੇ ਨਿਵਾਸੀਆਂ ਵੱਲੋਂ ਵੱਡੀ ਗਿਣਤੀ ਵਿੱਚ ਭਾਗ ਲਿਆ ਗਿਆ। ਇਸਦੇ ਨਾਲ-ਨਾਲ ਸਕੂਲ ਦੇ ਬੱਚਿਆਂ ਦੀ ਨਿਯਮਿਤ ਸਿੱਖਿਆਤਮਕ ਯਾਤਰਾ ਵੀ ਸਿਸਵਾਂ ਨੇਚਰ ਅਵੇਅਰਨੈੱਸ ਕੈਂਪ ਵਿੱਚ ਕਰਵਾਈ ਜਾ ਰਹੀ ਹੈ, ਤਾਂ ਜੋ ਨਵੀਂ ਪੀੜ੍ਹੀ ਵਿੱਚ ਵਾਤਾਵਰਣ ਸੰਭਾਲ ਦੀ ਭਾਵਨਾ ਵਿਕਸਿਤ ਕੀਤੀ ਜਾ ਸਕੇ।ਮੋਹਾਲੀ ਜੰਗਲਾਤ ਡਿਵੀਜ਼ਨ ਵੱਲੋਂ ਕੁਦਰਤ ਦੀ ਸੁਰੱਖਿਆ, ਜ਼ਿੰਮੇਵਾਰ ਈਕੋ-ਟੂਰਿਜ਼ਮ, ਵਾਤਾਵਰਣ ਸਿੱਖਿਆ ਅਤੇ ਸਮੁਦਾਇਕ ਭਾਗੀਦਾਰੀ ਨੂੰ ਲਗਾਤਾਰ ਉਤਸ਼ਾਹਿਤ ਕੀਤਾ ਜਾ ਰਿਹਾ ਹੈ।ਇਸ ਤੋਂ ਇਲਾਵਾ ਜੰਗਲਾਤ ਉੱਤੇ ਨਿਰਭਰ ਪਿੰਡਾਂ ਦੇ ਲੋਕਾਂ ਨੂੰ ਹੁਨਰਮੰਦ ਬਣਾਉਣ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ। ਸਮੁਦਾਇਕ ਵਿਕਾਸ ਦੇ ਤਹਿਤ ਸਿਸਵਾਂ, ਗੋਚਰ ਅਤੇ ਨਾਢਾ ਪਿੰਡਾਂ ਦੇ ਸਵੈ-ਸਹਾਇਤਾ ਸਮੂਹਾਂ ਨੂੰ ਅਚਾਰ ਬਣਾਉਣਾ, ਬਿਊਟੀ ਪਾਰਲਰ, ਕੱਪੜੇ ਦੇ ਬੈਗ ਬਣਾਉਣਾ, ਟੇਲਰਿੰਗ ਆਦਿ ਵਰਗੀਆਂ ਹੁਨਰਮੰਦ ਸਿਖਲਾਈਆਂ ਦਿੱਤੀਆਂ ਜਾ ਰਹੀਆਂ ਹਨ,



ਤਾਂ ਜੋ ਪਿੰਡਾਂ ਵਿੱਚ ਰੋਜ਼ਗਾਰ ਦੇ ਨਵੇਂ ਮੌਕੇ ਪੈਦਾ ਕੀਤੇ ਜਾ ਸਕਣ। ਸਿਸਵਾਂ ਪਿੰਡ ਦੀ ਜੰਗਲਾਤ ਕਮੇਟੀ ਵੱਲੋਂ ਸਮੁਦਾਇਕ ਸੇਵਾ ਦੀ ਪਹਿਲ ਕਰਦੇ ਹੋਏ ਹਾਲ ਹੀ ਵਿੱਚ ਭਾਂਡੇ ਵੀ ਵੰਡੇ ਗਏ ਹਨ।





# RE/MAX EXECUTIVE

## ਨਵਾਂ ਜਾਂ ਪੁਰਾਣਾ ਘਰ ਖਰੀਦਣ ਜਾਂ ਵੇਚਣ ਲਈ ਅੱਜ ਹੀ ਸੰਪਰਕ ਕਰੋ।

**Kirandeep Kaur**

Realtor ®

CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

**Contact : Cell (209) 550-1704**

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED

ਸਦਾ ਸਦਾ ਸੁਖੁ ਪਾਇਆ ॥
"Eternal peace has been obtained."



September 29, 1947 - January 10, 2026

IN LOVING MEMORY OF

# Tarsem Kaur

Funeral Service

Lakewood Funeral Home
900 Santa Fe Ave,
Hughson, CA 95326
on Saturday, January 17, 2026
at 11:00 am ~ 2:00 pm.

Followed by

Sehaj Paath Bhog at Sikh Gurdwara Sahib, Modesto
5743 E Hatch Rd. Hughson, CA 95326

# ਪਬਲਿਕ ਹਿਤ ਵਿਚ ਸੂਚਨਾ

ਜਿੱਥੇ ਜਿੱਥੇ ਵੀ ਇਹ ਅਵਾਜ ਪਹੁੰਚ ਰਹੀ ਹੈ ਮੈਂ ਗੁਰਦੀਪ ਸਿੰਘ ਸੰਧੂ ਹੋਮਿਓਪੈਥਿਕ ਕਨਸਲਟੈਂਟ ਉਮਰ ਦੇ ਪੰਝਤਰਵੇਂ ਸਾਲ ਵਿੱਚ ਮੇਰੀ ਮੈਡੀਕਲ ਪ੍ਰੈਕਟਿਸ ਦੇ ਪੰਜਾਹ ਸਾਲ ਪੂਰੇ ਹੋਣ ਤੇ ਅਤੇ ਇਸ ਵਕਤ ਅਮੈਰਿਕਨ ਇਕੋਨਮੀ ਦੀ ਸਭ ਤੋਂ ਮਾੜੀ ਹਾਲਤ ਹੋਣ ਕਰਕੇ ਇਹ ਐਲਾਨ ਕਰਦਾ ਹਾ ਕਿ ਹਰੇਕ ਬਿਮਾਰ ਜੋ ਕਿਸੇ ਵੀ ਉਮਰ ਵਿੱਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਥੱਕ ਗਏ ਹਨ ਤਾਂ ਕੀਮਤਾਂ ਦੀ ਪ੍ਰਵਾਹ ਕੀਤੇ ਬਿਨਾਂ ਜੋ ਵੀ ਤੁਹਾਡੀ ਜੇਬ ਇਜਾਜ਼ਤ ਦੇਵੇ ਉਹੀ ਦੇ ਕੇ ਇਲਾਜ ਕਰਵਾ ਸਕਦੇ ਹੋ। ਬੱਸ ਇੱਕ ਗੱਲ ਯਾਦ ਰੱਖਣਾ ਕਿ ਮੁਰਗੀ ਨਾ ਮਰੇ ਤੇ ਅੰਡੇ ਮਿਲਦੇ ਰਹਿਣ ਮੇਰੀ ਇਲਾਜ ਕਰਨ ਦੀ ਸਮਰੱਥਾ ਵੀ ਬਣੀ ਰਹੇ ਤੇ ਤੁਹਾਡਾ ਵੀ ਘੱਟ ਖਰਚ ਨਾਲ ਇਲਾਜ ਹੋ ਸਕੇ ।

ਕਾਲ ਕਰ ਸਕਦੇ ਹੋ 408-687-1899

ਮੇਰੇ ਵੱਲੋਂ ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ ਸੁਣਨ ਲਈ ਮੇਰਾ ਯੂ ਟਿਊਬ ਚੈਨਲ, **https://youtu.be/-DUhK3cACEU SabRangstation.com** ਰੋਜ਼ਾਨਾ ਸ਼ਾਮ 5 ਵਜੇ ਤੋਂ 6 ਵਜੇ ਤੱਕ ਰੇਡੀਓ ਸਭਰੰਗ ਰੇਡੀਓ ਪਰਵਾਜ ਯੂਟਿਊਬ ਅਤੇ ਫੇਸਬੁੱਕ ਉੱਪਰ ਸੋਮਵਾਰ ਰੇਡੀਓ ਪੰਜਾਬ 1310 **AM** ਸ਼ਾਮ 3.35 ਤੋਂ 3.55 ਪੰਜਾਬੀ ਵਿੱਚ 4.35 ਤੋਂ 4.55 ਹਿੰਦੀ ਵਿੱਚ, ਸਾਂਝੀ ਸੋਚ ਟੀਵੀ ਸੋਮਵਾਰ, ਬੁੱਧਵਾਰ ਅਤੇ ਸ਼ੁਕਰਵਾਰ ਪੰਜਾਬੀ ਵਿੱਚ।

# INFORMATION IN PUBLIC INTREST

I, Gurdip S Sandhu Homeopathic consultant at the completion of my 50 years of medical practice and in my 75 year of age and in worst condition of American economy, I declare that any one suffering and tired of any treatment for any disease at any age call for best homeopathic treatment with economical price charges which suites to your pocket but Make sure you take the egg and still the hen survives so that I can continue serving your health needs.

To listen to my health education lecture series, go to https://youtu.be/-DUhK3cACEU, Sabrangstation.com you can listen in cars @ Radio Sabrang and Radio Parwas while driving from 5pm to 6 pm. Facebook, Youtube Radio Punjab 1310 AM tune to 3.35pm to 3.55 pm Daily in Punjabi and 4.35 to 4.55 in Hindi . TV Sanjhi Soch Monday, Wednesday Friday in Punjabi.

## HOMEOPATHIC NATURAL MEDICINES

**When Tired of All Treatments, For any Disease, at any Age Try Alternative Treatment**

**Safe and Effective Medicines without any Side Effects**



**GURDIP S SANDHU**




**Consultant/Physician Since 1973**
**DHMS-Gold Medalist, BAMS, MDEH**
**Ex-Prof, Principal & CMO Medical Colleges/Hospitals in India**

**(408) 687-1899 (925) 587-1148**

**Homeopathic Medicine and Notary Consultancy**

9701 SARA ANN CT DUBLIN, CA 94568

**PRACTICE UNDER PROVISION OF ACT SB_577 STATE OF CA**

# ਭਾਜਪਾ ਦੀ ਝੂਠ ਅਤੇ ਨਫ਼ਰਤ ਦੀ ਰਾਜਨੀਤੀ ਨੂੰ ਅਦਾਲਤ ਵੱਲੋਂ ਕਰਾਰਾ ਝਟਕਾ: ਆਪ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਭਾਰਤੀ ਜਨਤਾ ਪਾਰਟੀ (ਭਾਜਪਾ) ਨੂੰ ਵੱਡਾ ਝਟਕਾ ਦਿੰਦਿਆਂ ਜਲੰਧਰ ਦੀ ਇੱਕ ਅਦਾਲਤ ਨੇ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ (ਆਪ) ਦੀ ਸੀਨੀਅਰ ਆਗੂ ਆਤਿਸ਼ੀ ਨਾਲ ਸਬੰਧਤ ਫਰਜ਼ੀ ਵੀਡੀਓ ਮਾਮਲੇ ਵਿੱਚ ਵੱਡਾ ਹੁਕਮ ਜਾਰੀ ਕੀਤਾ ਹੈ। ਫੋਰੈਂਸਿਕ ਰਿਪੋਰਟ ਦੇ ਅਧਾਰ 'ਤੇ, ਜਿਸ ਵਿੱਚ ਸਾਬਤ ਹੋਇਆ ਕਿ ਵੀਡੀਓ ਨਾਲ ਛੇੜਛਾੜ ਕੀਤੀ ਗਈ ਸੀ ਅਤੇ ਇਹ ਫਰਜ਼ੀ ਸੀ, ਅਦਾਲਤ ਨੇ ਇਸ ਨੂੰ ਸਾਰੇ ਪ੍ਰਮੁੱਖ ਸੋਸ਼ਲ ਮੀਡੀਆ ਪਲੇਟਫਾਰਮਾਂ ਤੋਂ ਤੁਰੰਤ ਹਟਾਉਣ ਦੇ ਨਿਰਦੇਸ਼ ਦਿੱਤੇ ਹਨ। ਅਦਾਲਤ ਦੇ ਇਸ ਫੈਸਲੇ ਨਾਲ ਭਾਜਪਾ ਦੀ ਝੂਠ ਅਤੇ ਨਫਰਤ ਦੀ ਰਾਜਨੀਤੀ ਸਿੱਧੇ ਤੌਰ 'ਤੇ ਬੇਨਕਾਬ ਹੋਈ ਹੈ।

ਅਦਾਲਤ ਨੇ ਫੇਸਬੁੱਕ, ਇੰਸਟਾਗ੍ਰਾਮ, 'ਐਕਸ' ਅਤੇ ਟੈਲੀਗ੍ਰਾਮ ਨੂੰ 24 ਘੰਟਿਆਂ ਦੇ ਅੰਦਰ ਇਸ ਫਰਜ਼ੀ ਅਤੇ ਛੇੜਛਾੜ ਕੀਤੀ ਵੀਡੀਓ ਨੂੰ ਹਟਾਉਣ ਦਾ ਹੁਕਮ ਦਿੱਤਾ ਹੈ। ਗਲਤ ਜਾਣਕਾਰੀ ਦੇ ਫੈਲਾਅ ਵਿਰੁੱਧ ਸਖ਼ਤ ਰੁਖ਼ ਅਖਤਿਆਰ ਕਰਦਿਆਂ ਅਦਾਲਤ ਨੇ ਸਾਰੇ ਸੋਸ਼ਲ ਮੀਡੀਆ ਪਲੇਟਫਾਰਮਾਂ ਨੂੰ ਨਿਰਦੇਸ਼ ਦਿੱਤੇ ਹਨ ਕਿ ਸਾਈਬਰ ਕ੍ਰਾਈਮ ਵਿਭਾਗ ਤੋਂ ਜਾਣਕਾਰੀ ਮਿਲਣ 'ਤੇ ਅਜਿਹੀ ਕਿਸੇ ਵੀ ਵੀਡੀਓ ਨੂੰ ਤੁਰੰਤ ਹਟਾਇਆ ਜਾਵੇ। ਅਦਾਲਤ ਨੇ ਸਪੱਸ਼ਟ ਕੀਤਾ ਹੈ ਕਿ ਅਜਿਹੀ ਫਰਜ਼ੀ ਸਮੱਗਰੀ ਦੇ ਪ੍ਰਸਾਰ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਅਦਾਲਤ ਦੇ ਹੁਕਮਾਂ 'ਤੇ ਪ੍ਰਤੀਕਿਰਿਆ ਦਿੰਦੇ ਹੋਏ 'ਆਪ' ਪੰਜਾਬ ਦੇ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਇਕ ਵਾਰ ਫਿਰ ਭਾਜਪਾ ਦੇ ਝੂਠ, ਫਰੇਬ ਅਤੇ ਗਲਤ ਇਰਾਦੇ ਪੂਰੀ ਤਰ੍ਹਾਂ ਬੇਨਕਾਬ ਹੋ ਗਏ ਹਨ।



ਅਮਨ ਅਰੋੜਾ ਨੇ ਕਿਹਾ ਕਿ ਪਿਛਲੇ ਕੁਝ ਦਿਨਾਂ ਦੌਰਾਨ, ਭਾਜਪਾ ਨੇ ਸਾਡੇ ਸੀਨੀਅਰ ਆਗੂ ਅਤੇ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ ਜੀ ਦਾ ਨਾਂ ਵਿਧਾਨ ਸਭਾ ਵਿੱਚ ਸਾਡੇ ਸਤਿਕਾਰਯੋਗ ਗੁਰੂਆਂ ਦੀ ਕਥਿਤ ਬੇਅਦਬੀ ਨਾਲ ਜੋੜ ਕੇ ਸ਼ਰੇਆਮ ਝੂਠ ਫੈਲਾਉਣ ਦੀ ਕੋਸ਼ਿਸ਼ ਕੀਤੀ। ਇਹ ਪੰਜਾਬ ਦੇ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਅਤੇ ਜਾਣਬੁੱਝ ਕੇ ਫਿਰਕੂ ਸਦਭਾਵਨਾ ਨੂੰ ਵਿਗਾੜਨ ਦੀ ਇੱਕ ਸੋਚੀ ਸਮਝੀ ਸਾਜ਼ਿਸ਼ ਸੀ।ਉਨ੍ਹਾਂ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਹੈ ਜਦੋਂ ਭਾਜਪਾ ਦਾ ਪ੍ਰਚਾਰ ਬੇਨਕਾਬ ਹੋਇਆ ਹੋਵੇ। ਅਰੋੜਾ ਨੇ ਅੱਗੇ ਕਿਹਾ ਕਿ ਪਹਿਲਾਂ ਵੀ ਫੋਰੈਂਸਿਕ ਜਾਂਚ ਵਿੱਚ ਸਪੱਸ਼ਟ ਤੌਰ 'ਤੇ ਸਾਬਤ ਹੋਇਆ ਸੀ ਕਿ ਕਪਿਲ ਮਿਸ਼ਰਾ ਅਤੇ ਹੋਰ ਭਾਜਪਾ ਆਗੂਆਂ ਦੇ ਨਾਲ-ਨਾਲ ਉਨ੍ਹਾਂ ਦੇ 'ਸਹਿਯੋਗੀ' ਸਾਥੀਆਂ, ਚਾਹੇ ਉਹ ਕਾਂਗਰਸ ਹੋਵੇ ਜਾਂ ਅਕਾਲੀ ਦਲ, ਦੁਆਰਾ ਪ੍ਰਸਾਰਿਤ ਕੀਤੀਆਂ ਵੀਡੀਓਜ਼ ਪੂਰੀ ਤਰ੍ਹਾਂ ਫਰਜ਼ੀ ਸਨ। ਸੱਚਾਈ ਜਾਣਨ ਦੇ ਬਾਵਜੂਦ ਉਹ ਇਹ ਮਨਘੜਤ ਵੀਡੀਓ ਫੈਲਾਉਂਦੇ ਰਹੇ। ਅੱਜ ਜਲੰਧਰ ਦੀ ਅਦਾਲਤ ਨੇ ਸਪੱਸ਼ਟ ਤੌਰ 'ਤੇ ਫੈਸਲਾ ਸੁਣਾਇਆ ਹੈ ਕਿ ਇਹ ਵੀਡੀਓਜ਼ ਫਰਜ਼ੀ, ਧੋਖਾਧੜੀ ਅਤੇ ਕੁਝ ਵੀ ਨਹੀਂ ਸਗੋਂ ਗੁਮਰਾਹ ਕਰਨ ਵਾਲੀਆਂ ਹਨ ਅਤੇ ਇਨ੍ਹਾਂ ਨੂੰ ਸਾਰੇ ਸੋਸ਼ਲ ਮੀਡੀਆ ਪਲੇਟਫਾਰਮਾਂ ਤੋਂ ਹਟਾਉਣ ਦਾ ਹੁਕਮ ਦਿੱਤਾ ਹੈ।

ਭਾਜਪਾ 'ਤੇ ਤਿੱਖਾ ਹਮਲਾ ਕਰਦਿਆਂ 'ਆਪ' ਪੰਜਾਬ ਦੇ ਪ੍ਰਧਾਨ ਨੇ ਕਿਹਾ ਕਿ ਅਦਾਲਤ ਦੇ ਹੁਕਮਾਂ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਭਾਜਪਾ ਸਸਤੀ, ਨੀਵੇਂ ਪੱਧਰ ਦੀ ਅਤੇ ਫਰੇਬ ਵਾਲੀ ਰਾਜਨੀਤੀ 'ਤੇ ਟਿਕੀ ਹੋਈ ਹੈ। ਅਮਨ ਅਰੋੜਾ ਨੇ ਕਿਹਾ ਕਿ ਇਹ ਸਪੱਸ਼ਟ ਤੌਰ 'ਤੇ ਸਾਬਤ ਕਰਦਾ ਹੈ ਕਿ ਆਪਣੀ ਖੋਖਲੀ ਅਤੇ ਘਟੀਆ ਰਾਜਨੀਤੀ ਨੂੰ ਜ਼ਿੰਦਾ ਰੱਖਣ ਲਈ ਭਾਜਪਾ ਕਿਸੇ ਵੀ ਪੱਧਰ ਤੱਕ ਗਿਰ ਸਕਦੀ ਹੈ ਅਤੇ ਸਭ ਤੋਂ ਸ਼ਰਮਨਾਕ ਝੂਠ ਦਾ ਸਹਾਰਾ ਲੈ ਸਕਦੀ ਹੈ। ਭਾਜਪਾ ਹੁਣ ਭਾਰਤੀ ਜਨਤਾ ਪਾਰਟੀ ਨਹੀਂ ਰਹੀ ਇਹ 'ਭਾਰਤੀ ਝੂਠਾ ਪਾਰਟੀ' ਵਿੱਚ ਬਦਲ ਗਈ ਹੈ, ਜਿਸਦਾ ਇੱਕੋ ਇੱਕ ਏਜੰਡਾ ਪੰਜਾਬ ਵਿੱਚ ਆਪਣੀ ਰਾਜਨੀਤੀ ਚਲਾਉਣ ਲਈ ਝੂਠ ਬੋਲਣਾ, ਬਦਨਾਮ ਕਰਨਾ ਅਤੇ ਫਿਰਕੂ ਜ਼ਹਿਰ ਫੈਲਾਉਣਾ ਹੈ। ਉਨ੍ਹਾਂ ਨੇ ਫਰਜ਼ੀ ਵੀਡੀਓ ਨੂੰ ਸ਼ੇਅਰ ਕਰਨ ਅਤੇ ਇਸ ਦਾ ਪ੍ਰਚਾਰ ਕਰਨ ਵਾਲੇ ਸਾਰਿਆਂ ਤੋਂ ਬਿਨਾਂ ਸ਼ਰਤ ਜਨਤਕ ਮੁਆਫੀ ਦੀ ਮੰਗ ਕੀਤੀ।

ਉਨ੍ਹਾਂ ਕਿਹਾ ਕਿ ਮੇਰਾ ਮੰਨਣਾ ਹੈ ਕਿ ਕਾਂਗਰਸ ਅਤੇ ਅਕਾਲੀ ਦਲ ਦੇ ਆਗੂਆਂ ਦੇ ਨਾਲ-ਨਾਲ ਭਾਜਪਾ ਦੇ ਜਿਨ੍ਹਾਂ ਆਗੂਆਂ ਨੇ ਬੇਸ਼ਰਮੀ ਨਾਲ ਇਸ ਫਰਜ਼ੀ ਵੀਡੀਓ ਨੂੰ ਸਾਂਝਾ ਕੀਤਾ ਅਤੇ ਉਤਸ਼ਾਹਿਤ ਕੀਤਾ, ਉਨ੍ਹਾਂ ਨੂੰ ਪੰਜਾਬ ਦੇ ਲੋਕਾਂ ਤੋਂ ਮੁਆਫੀ ਮੰਗਣੀ ਚਾਹੀਦੀ ਹੈ। ਉਨ੍ਹਾਂ ਨੇ ਸਿਆਸੀ ਲਾਹੇ ਲਈ ਪੰਜਾਬੀਆਂ ਦੀ ਆਸਥਾ ਨਾਲ ਖੇਡਣ ਦੀ ਕੋਸ਼ਿਸ਼ ਕੀਤੀ। ਅਦਾਲਤ ਦੇ ਹੁਕਮਾਂ ਨੇ ਉਨ੍ਹਾਂ ਦੀ ਸਾਜ਼ਿਸ਼ ਨੂੰ ਪੂਰੀ ਤਰ੍ਹਾਂ ਬੇਨਕਾਬ ਕਰ ਦਿੱਤਾ ਹੈ।

# ਅੰਮ੍ਰਿਤਸਰ ਤੋਂ 40 ਕਿਲੋ ਹੈਰੋਇਨ ਦੀ ਖੇਪ ਬਰਾਮਦ, ਚਾਰ ਸੰਚਾਲਕ ਕਾਬੂ

ਅੰਮ੍ਰਿਤਸਰ
ਪੈਰਿਆ ਮਹਿਰਾ

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚਲਾਈ ਜਾ ਰਹੀ ਮੁਹਿੰਮ ਦੌਰਾਨ ਕਾਊਂਟਰ ਇੰਟੈਲੀਜੈਂਸ (ਸੀਆਈ) ਅੰਮ੍ਰਿਤਸਰ ਨੇ ਨਾਰਕੋਟਿਕ ਤਸਕਰੀ ਮਾਡਿਊਲ ਦੇ ਚਾਰ ਸੰਚਾਲਕਾਂ ਨੂੰ 40 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਇਸ ਦਾ ਪਰਦਾਫਾਸ਼ ਕੀਤਾ ਹੈ। ਇਹ ਜਾਣਕਾਰੀ ਅੱਜ ਇੱਥੇ ਡਾਇਰੈਕਟਰ ਜਨਰਲ ਆਫ਼ ਪੰਜਾਬ (ਡੀਜੀਪੀ) ਗੌਰਵ ਯਾਦਵ ਨੇ ਦਿੱਤੀ।ਇਹਨਾਂ ਫੜੇ ਗਏ ਵਿਅਕਤੀਆਂ ਦੀ ਪਛਾਣ ਨਰਿੰਦਰ ਸਿੰਘ ਉਰਫ਼ ਨੰਨੀ, ਸੂਰਜ, ਜੈਕਬ ਮਸੀਹ ਅਤੇ ਅਜੇ ਕੁਮਾਰ ਉਰਫ਼ ਰਵੀ, ਸਾਰੇ ਵਾਸੀ ਕੋਟ ਈਸੇ ਖਾਂ ਮੋਗਾ ਵਜੋਂ ਹੋਈ ਹੈ। ਹੈਰੋਇਨ ਬਰਾਮਦ ਕਰਨ ਤੋਂ ਇਲਾਵਾ ਪੁਲਿਸ ਟੀਮਾਂ ਨੇ ਨਸ਼ਿਆਂ ਦੀ ਖੇਪ ਲੈ ਜਾਣ ਲਈ ਵਰਤੀਆਂ ਜਾ ਰਹੀਆਂ ਕਾਰਾਂ ਟੋਇਟਾ ਕੋਰੋਲਾ ਐਲਟਿਸ (ਰਜਿਸਟ੍ਰੇਸ਼ਨ ਨੰਬਰ ਪੀ.ਬੀ.03ਏ.ਕੇ.1810) ਅਤੇ ਬੀ.ਐਮ.ਡਬਲਯੂ. (ਰਜਿਸਟ੍ਰੇਸ਼ਨ ਨੰਬਰ ਯੂ.ਪੀ.14 ਸੀ.ਜੇ.4646) ਨੂੰ ਵੀ ਆਪਣੇ ਕਬਜ਼ੇ ਵਿੱਚ ਲੈ ਲਿਆ ਹੈ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਫੜੇ ਗਏ ਮੁਲਜ਼ਮਾਂ ਨੇ




ਹੈਰੋਇਨ ਦੀ ਵੱਡੀ ਖੇਪ ਆਪਣੇ ਹੈਂਡਲਰ, ਜੋ ਕਿ ਨਸ਼ਾ ਤਸਕਰ ਹੈ, ਦੇ ਨਿਰਦੇਸ਼ਾਂ 'ਤੇ ਪੰਜਾਬ ਵਿੱਚ ਵੱਖ-ਵੱਖ ਥਾਵਾਂ 'ਤੇ ਸਪਲਾਈ ਕਰਨ ਲਈ ਪ੍ਰਾਪਤ ਕੀਤੀ ਸੀ।ਜਾਣਕਾਰੀ ਅਨੁਸਾਰ ਸੀ.ਆਈ.ਅੰਮ੍ਰਿਤਸਰ ਨੂੰ ਖਾਸ ਸੂਚਨਾ ਮਿਲੀ ਸੀ ਕਿ ਇੱਕ ਨਾਮੀ ਨਸ਼ਾ ਤਸਕਰ, ਜੋ ਕਿ ਭਗੌੜਾ ਵੀ ਹੈ, ਆਪਣੇ ਸਾਥੀਆਂ ਦੀ ਮਦਦ ਨਸ਼ਾ ਤਸਕਰੀ ਨੈਟਵਰਕ ਚਲਾ ਰਿਹਾ ਸੀ ਅਤੇ ਉਸ ਦੇ ਨਿਰਦੇਸ਼ਾਂ 'ਤੇ ਉਸ ਦੇ ਸਾਥੀ ਹੈਰੋਇਨ ਦੀ ਵੱਡੀ ਖੇਪ ਪ੍ਰਾਪਤ ਕਰਨ ਲਈ ਅੰਮ੍ਰਿਤਸਰ ਆਏ ਸਨ।ਡੀ.ਜੀ.ਪੀ ਨੇ ਦੱਸਿਆ ਕਿ ਪੁਲਿਸ ਟੀਮਾਂ ਨੇ ਤੇਜ਼ੀ ਨਾਲ ਕਾਰਵਾਈ ਕਰਦਿਆਂ ਅੰਮ੍ਰਿਤਸਰ-ਤਰਨਤਾਰਨ ਹਾਈਵੇਅ 'ਤੇ ਨਾਕਾ ਲਗਾਇਆ ਅਤੇ ਡੀਪੀਐਸ ਸਕੂਲ, ਅੰਮ੍ਰਿਤਸਰ ਨੇੜੇ ਨਰਿੰਦਰ ਸਿੰਘ ਉਰਫ਼ ਨੰਨੀ, ਸੂਰਜ, ਜੈਕਬ ਮਸੀਹ ਅਤੇ ਅਜੈ ਕੁਮਾਰ ਨੂੰ ਰੋਕ ਕੇ ਉਨ੍ਹਾਂ ਦੀ ਤਲਾਸ਼ੀ ਲਈ ਅਤੇ ਉਨ੍ਹਾਂ ਦੇ ਕਬਜ਼ੇ ਵਿੱਚੋਂ 40 ਕਿਲੋ ਹੈਰੋਇਨ ਬਰਾਮਦ ਕੀਤੀ।ਉਨ੍ਹਾਂ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ ਪਿਛਲੇ ਸਬੰਧਾਂ ਅਤੇ ਸਮੁੱਚੀ ਸਪਲਾਈ ਚੇਨ, ਜਿਸ ਦੇ ਅੰਤਰ-ਸਰਹੱਦੀ ਕਨੈਕਸ਼ਨ ਹੋਣ ਦੀ ਸੰਭਾਵਨਾ ਹੈ, ਦਾ ਪਤਾ ਲਗਾਉਣ ਲਈ ਅਗਲੇਰੀ ਜਾਂਚ ਕੀਤੀ ਜਾ ਰਹੀ ਹੈ।ਇਸ ਸਬੰਧੀ ਕੇਸ ਥਾਣਾ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਐਨ.ਡੀ.ਪੀ.ਐਸ. ਐਕਟ ਦੀਆਂ ਧਾਰਾਵਾਂ 21, 25 ਅਤੇ 29 ਤਹਿਤ ਐਫ.ਆਈ.ਆਰ ਨੰਬਰ 1 ਮਿਤੀ 14-01-2026 ਨੂੰ ਦਰਜ ਕੀਤਾ ਗਿਆ ਹੈ।

# ਸਰਬਜੀਤ ਕੌਰ ਤੋਂ 'ਨੂਰ' ਬਣੀ ਭਾਰਤੀ ਸਿੱਖ ਮਹਿਲਾ ਨੂੰ ਗ੍ਰਿਫ਼ਤਾਰ ਕਰਕੇ ਲਾਹੌਰ ਦੇ ਸ਼ੈਲਟਰ ਹੋਮ ਭੇਜਿਆ

ਲਾਹੌਰ
ਸਾਂਝੀ ਸੋਚ ਬਿਊਰੋ

ਪਿਛਲੇ ਸਾਲ ਨਵੰਬਰ ਵਿਚ ਪਾਕਿਸਤਾਨ ਸਥਿਤ ਗੁਰਧਾਮਾਂ ਦੀ ਯਾਤਰਾ ਦੌਰਾਨ ਲਾਪਤਾ ਹੋਣ ਮਗਰੋਂ ਸਥਾਨਕ ਮੁਸਲਿਮ ਨਾਲ ਵਿਆਹ ਕਰਵਾਉਣ ਵਾਲੀ ਭਾਰਤੀ ਸਿੱਖ ਮਹਿਲਾ ਸਰਬਜੀਤ ਕੌਰ (48) ਨੂੰ ਗ੍ਰਿਫ਼ਤਾਰ ਕਰਕੇ ਲਾਹੌਰ ਦੇ ਸਰਕਾਰੀ ਸ਼ੈਲਟਰ ਹੋਮ ਭੇਜ ਦਿੱਤਾ ਗਿਆ ਹੈ। ਸਰਬਜੀਤ ਕੌਰ ਉਨ੍ਹਾਂ 2,000 ਸਿੱਖ ਸ਼ਰਧਾਲੂਆਂ ਵਿਚੋਂ ਇਕ ਸੀ, ਜੋ ਪਿਛਲੇ ਸਾਲ ਨਵੰਬਰ ਵਿਚ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਭਾਰਤ ਤੋਂ ਵਾਹਗਾ ਸਰਹੱਦ ਰਸਤੇ ਪਾਕਿਸਤਾਨ ਗਏ ਸਨ।ਜਥੇ ਵਿਚ ਗਏ ਸਾਰੇ ਸ਼ਰਧਾਲੂ ਕੁਝ ਦਿਨਾਂ ਬਾਅਦ ਘਰ ਵਾਪਸ ਆ ਗਏ, ਪਰ ਸਰਬਜੀਤ ਕੌਰ ਲਾਪਤਾ ਹੋ ਗਈ। ਲਾਹੌਰ ਦੇ ਇਕ ਸੀਨੀਅਰ ਪੁਲਿਸ ਅਧਿਕਾਰੀ ਨੇ ਮਗਰੋਂ ਕਿਹਾ ਕਿ ਸਰਬਜੀਤ ਨੇ 4 ਨਵੰਬਰ ਨੂੰ ਪਾਕਿਸਤਾਨ ਪਹੁੰਚਣ ਤੋਂ ਇਕ ਦਿਨ ਬਾਅਦ ਲਾਹੌਰ ਤੋਂ ਕਰੀਬ 50 ਕਿਲੋਮੀਟਰ ਦੂਰ ਸ਼ੇਖੂਪੁਰਾ ਜ਼ਿਲ੍ਹੇ ਦੇ ਨਾਸਿਰ ਹੁਸੈਨ ਨਾਲ ਵਿਆਹ ਕਰ ਲਿਆ।

ਉਪਰੰਤ ਸਰਬਜੀਤ ਕੌਰ ਤੇ ਹੁਸੈਨ ਨੇ ਲਾਹੌਰ ਹਾਈ ਕੋਰਟ ਵਿਚ ਪਟੀਸ਼ਨ ਦਾਇਰ ਕੀਤੀ, ਜਿਸ ਵਿਚ ਦਾਅਵਾ ਕੀਤਾ ਗਿਆ ਕਿ ਪੁਲਿਸ ਨੇ ਸ਼ੇਖੂਪੁਰਾ ਦੇ ਫਾਰੂਖਾਬਾਦ ਵਿਚ ਉਨ੍ਹਾਂ ਦੇ ਘਰ 'ਤੇ ਛਾਪਾ ਮਾਰਿਆ ਅਤੇ ਉਨ੍ਹਾਂ 'ਤੇ ਵਿਆਹ ਖਤਮ ਕਰਨ ਲਈ ਦਬਾਅ ਪਾਇਆ। ਲਾਹੌਰ ਹਾਈ ਕੋਰਟ ਦੇ




ਜਸਟਿਸ ਫਾਰੂਕ ਹੈਦਰ ਨੇ ਪੁਲਿਸ ਨੂੰ ਜੋੜੇ ਨੂੰ ਤੰਗ-ਪ੍ਰੇਸ਼ਾਨ ਨਾ ਕਰਨ ਦਾ ਹੁਕਮ ਦਿੱਤਾ।ਪੰਜਾਬ ਸਰਕਾਰ ਦੇ ਸੂਤਰ ਨੇ ਇਸ ਖ਼ਬਰ ਏਜੰਸੀ ਨੂੰ ਦੱਸਿਆ, "ਅਦਾਲਤੀ ਹੁਕਮਾਂ ਦੀ ਪਾਲਣਾ ਕਰਨ ਦੀ ਬਜਾਏ ਪੰਜਾਬ ਪੁਲਿਸ ਨੇ ਜੋੜੇ ਨੂੰ ਗ੍ਰਿਫ਼ਤਾਰ ਕਰ ਲਿਆ ਅਤੇ ਸਰਬਜੀਤ ਕੌਰ ਨੂੰ ਲਾਹੌਰ ਦੇ ਦਾਰੁਲ ਅਮਾਨ (ਸਰਕਾਰੀ ਸ਼ੈਲਟਰ ਹੋਮ) ਭੇਜ ਦਿੱਤਾ।" ਉਨ੍ਹਾਂ ਕਿਹਾ ਕਿ ਅਧਿਕਾਰੀ ਸਰਬਜੀਤ ਕੌਰ ਨੂੰ ਡਿਪੋਰਟ ਕਰਨਾ ਚਾਹੁੰਦੇ ਹਨ, ਜਦੋਂ ਕਿ ਉਸ ਦਾ ਪਤੀ ਇਕ ਕੇਸ ਨੂੰ ਲੈ ਕੇ ਪੁਲਿਸ ਦੀ ਹਿਰਾਸਤ ਵਿਚ ਹੈ।ਸੂਤਰ ਨੇ ਕਿਹਾ, "ਅਧਿਕਾਰੀਆਂ ਨੇ ਪਹਿਲਾਂ ਵੀ ਸਰਬਜੀਤ ਕੌਰ ਨੂੰ ਡਿਪੋਰਟ ਕਰਨ ਦੀ ਕੋਸ਼ਿਸ਼ ਕੀਤੀ ਸੀ, ਪਰ ਵਾਹਗਾ-ਅਟਾਰੀ ਸਰਹੱਦ ਬੰਦ ਹੋਣ ਕਾਰਨ ਉਹ ਅਸਫਲ ਰਹੇ।" ਇਸ ਤੋਂ ਪਹਿਲਾਂ ਇਕ ਵੀਡੀਓ ਕਲਿੱਪ ਵਿਚ ਸਰਬਜੀਤ ਕੌਰ ਨੇ ਕਿਹਾ ਕਿ ਉਸ ਨੇ ਆਪਣਾ ਵੀਜ਼ਾ ਵਧਾਉਣ ਲਈ ਇਸਲਾਮਾਬਾਦ ਵਿਚ ਦੂਤਾਵਾਸ ਨਾਲ ਸੰਪਰਕ ਕੀਤਾ ਅਤੇ ਪਾਕਿਸਤਾਨੀ ਨਾਗਰਿਕਤਾ ਲਈ ਅਰਜ਼ੀ ਵੀ ਦਿੱਤੀ। ਕੌਰ ਨੇ ਕਿਹਾ, "ਮੈਂ ਇਕ ਤਲਾਕਸ਼ੁਦਾ ਹਾਂ ਅਤੇ ਹੁਸੈਨ ਨਾਲ ਵਿਆਹ ਕਰਨਾ ਚਾਹੁੰਦੀ ਸੀ; ਇਸ ਲਈ, ਮੈਂ ਇੱਥੇ ਇਸੇ ਉਦੇਸ਼ ਲਈ ਆਈ ਸੀ।" ਨਿਕਾਹ ਤੋਂ ਪਹਿਲਾਂ ਸਰਬਜੀਤ ਕੌਰ ਨੂੰ ਮੁਸਲਿਮ ਨਾਂ 'ਨੂਰ' ਦਿੱਤਾ ਗਿਆ ਸੀ। ਉਸ ਨੇ ਕਿਹਾ, "ਮੈਂ ਆਪਣੀ ਖੁਸ਼ੀ ਨਾਲ ਹੁਸੈਨ ਨਾਲ ਨਿਕਾਹ ਕੀਤਾ ਸੀ।" ਪੰਜਾਬ ਅਸੈਂਬਲੀ ਦੇ ਸਾਬਕਾ ਮੈਂਬਰ ਮਹਿੰਦਰ ਪਾਲ ਸਿੰਘ ਨੇ ਲਾਹੌਰ ਹਾਈ ਕੋਰਟ ਵਿਚ ਪਟੀਸ਼ਨ ਦਾਇਰ ਕਰਕੇ ਦੋਸ਼ ਲਗਾਇਆ ਸੀ ਕਿ ਇਸ ਗੱਲ ਦੀ ਸੰਭਾਵਨਾ ਹੈ ਕਿ ਸਰਬਜੀਤ ਕੌਰ 'ਭਾਰਤੀ ਜਾਸੂਸ' ਹੈ। ਉਸ ਨੇ ਕਿਹਾ, "ਸਰਬਜੀਤ ਕੌਰ ਦੇ ਵੀਜ਼ੇ ਦੀ ਮਿਆਦ ਪੁੱਗਣ ਤੋਂ ਬਾਅਦ ਉਸ ਦਾ ਪਾਕਿਸਤਾਨ ਵਿਚ ਰਹਿਣਾ ਗੈਰ-ਕਾਨੂੰਨੀ ਹੈ ਕਿਉਂਕਿ ਇਹ ਮਾਮਲਾ ਪਾਕਿਸਤਾਨ ਦੀ ਕੌਮੀ ਸੁਰੱਖਿਆ ਨਾਲ ਜੁੜਿਆ ਹੋਇਆ ਹੈ।"

# JVS LOGISTICS

2345 Enterprise Park Place Indianapolis Indiana, 46218



- ਇਥੇ ਸੈਮੀ ਟਰੱਕ ਟ੍ਰੇਲਰ ਦੀ ਮੁਰੰਮਤ ਕੀਤੀ ਜਾਂਦੀ ਹੈ
- ਇਥੇ ਅਸੀਂ Brakes, Drums, Tires, Radiators, Seals, Shocks, Air Bag ਵਰਗੀਆਂ ਸੇਵਾਵਾਂ ਦਿੰਦੇ ਹਾਂ
- ਸੇਮੀ ਟਰੱਕ ਅਤੇ ਟ੍ਰੇਲਰ ਦੀ ਪਾਰਕਿੰਗ lease ਤੇ ਲੈ ਸਕਦੇ ਹੋ



- ਕਰਾਸ ਡੌਕ ਸੇਵਾਵਾਂ
- ਲੋਡ ਟ੍ਰਾਂਸਫਰ ਅਤੇ ਰੀਸਟਾਕ ਕਰੋ
- ਟਿਲਟੇਡ ਪੈਲੇਟਸ ਨੂੰ ਸਿਧੇ ਕੀਤੇ ਜਾਂਦੇ ਹਨ
- ਖਿਲਰੇ ਹੋਏ ਲੋਡ ਨੂੰ ਰੀਸਟਾਕ ਕਰਵਾਓ
- ਇੰਡੀਆਨਾ ਏਰੀਏ 'ਚ ਲੋਡ ਡਿਲੇਵਰ ਕਰਵਾਓ



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

jvslogisticsllc@outlook.com

JUGDEV SAMRA (317) 379-4065

SUKHDEV SAMRA (317) 250-3545

ਸਾਡੀ ਇਹ ਲੋਕੇਸ਼ਨ Near - Indianapolis Downtown on I-70, Exit 85B, Keystone Avenue


JASPREET SINGH
ATTORNEY AT LAW USA
JASPREET SINGH ATTORNEY AT LAW USA
SPECIALIZES IN IMMIGRATION LAW MATTERS , POLITICAL ASYLUM , DEPORTATION
DEFENSE , GREEN CARDS , MARRIAGE , CITIZENSHIP, P3 AND E-2 VISAS
LAW OFFICES IN NY , NJ AND CALIFORNIA
SACRAMENTO, CA
5855 AUBURN BLVD, SACRAMENTO, CA 95841
+1-917-915-4142
FREMONT, CA
3155 KEARNEY ST, SUITE #248, FREMONT, CA 94538
+1-510-657-6444
NEW YORK, NY
108-14 JAMAICA AVENUE, RICHMOND HILL, NY 11418
+1-718-533-8444
FRESNO, CA
1625 E SHAW AVE #122, FRESNO, CA 93711
+1-559-271-5511
NEW JERSEY, NJ
2060 OAK TREE ROAD #1, EDISON, NEW JERSEY, 08820
+1-732-453-6699
LOS ANGELES, CA
1013 N BEGONIA AVE, ONTARIO, CA 91762
+1-917-915-4142
CONTACT
+1-917-915-4142
Jaspreetsinghlaoffice@gmail.com


JK TYRE INC
JK TYRE
TOTAL CONTROL
KTD10-LEAO
Radial Truck Tire (Long Haul)
295/75R22.5
$2600
With Installation
Singh: 510-766-9382
JK JETSTEEL JDH
SPECIAL OFFER !!
DRIVE TIRE
11R22.5-
With Installation
Singh: 510-766-9382
Firestone FS591
SPECIAL OFFER !!
STEER TIRE
295/75R22.5
With Installation
Singh: 510-766-9382
11R22.5
With Installation
Singh: 510-766-9382
Sizes available in drive & trailer
295/75/22.5
11r/22.5
11r/24.5
255/70/22.5
315/80/22.5
425/65/22.5
JETWAY JTH 1
SPECIAL OFFER !!
TRAILER TIRE
11R22.5-
11R24.5-
With Installation
Singh: 510-766-9382
JETWAY JTH SD
SPECIAL OFFER !!
TRAILER TIRE
295/75R22.5-
With Installation
Singh: 510-766-9382
JK JETSTEEL JDL2
SPECIAL OFFER !!
DRIVE TIRE
11R22.5-
11R24.5-
295/75R22.5-
With Installation
Singh: 510-766-9382
FALKEN TIRES
GOODYEAR
KELLY TIRES
BARKLEY Feel the difference
PIRELLI
MICHELIN A better way forward
BRIDGESTONE
Firestone
YOKOHAMA
PEARLY
NAMA
TOYO TIRES driven to perform
Continental
DUNLOP TIRES
S. Singh Cell: (510) 766-9382
2955 N. Wilson Way Stockton , CA 95205

# ਕੈਨੇਡਾ ਵੱਲੋਂ 2020 ਤੋਂ ਭਾਰਤੀਆਂ ਨੂੰ ਡਿਪੋਰਟ ਕਰਨ ਦੀ ਗਿਣਤੀ 'ਚ ਹੋ ਰਿਹਾ ਲਗਾਤਾਰ ਵਾਧਾ

## ਕੈਨੇਡਾ ਤੋਂ 1 ਸਾਲ 'ਚ ਵੱਖ-ਵੱਖ ਦੇਸ਼ਾਂ ਦੇ ਮੋੜੇ ਗਏ 18785 ਵਿਦੇਸ਼ੀ ਨਾਗਰਿਕ

ਓਟਵਾ
ਸਾਂਝੀ ਸੋਚ ਬਿਊਰੋ

ਕੈਨੇਡਾ ਵਿਚ ਅਣ-ਅਧਿਕਾਰਤ ਤੌਰ 'ਤੇ ਰਹਿ ਰਹੇ ਵਿਦੇਸ਼ੀਆਂ ਨੂੰ ਕੱਢੇ ਜਾਣਾ ਸਾਰਾ ਸਾਲ ਜਾਰੀ ਰਹਿੰਦਾ ਹੈ ਅਤੇ ਤਾਜ਼ਾ ਸਰਕਾਰੀ ਅੰਕੜਿਆਂ ਅਨੁਸਾਰ ਬੀਤੇ ਸਾਲ ਦੇ 365 ਦਿਨਾਂ ਦੌਰਾਨ ਦੇਸ਼ ਵਿਚੋਂ 18785 ਵਿਦੇਸ਼ੀ ਨਾਗਰਿਕਾਂ ਨੂੰ ਵਾਪਸ ਉਨ੍ਹਾਂ ਦੇ ਦੇਸ਼ਾਂ ਵਿਚ ਮੁੜਨਾ ਪਿਆ। ਕੈਨੇਡਾ ਬਾਰਡਰ ਸਰਵਿਸਿਜ਼ ਏਜੰਸੀ (ਸੀ.ਬੀ.ਐੱਸ.ਏ.) ਦੇ ਅਧਿਕਾਰੀਆਂ ਵੱਲੋਂ ਡਿਪਾਰਚਰ/ ਡਿਪੋਰਟੇਸ਼ਨ ਆਰਡਰ ਦੇ ਅਧਾਰ 'ਤੇ ਵਿਦੇਸ਼ੀ ਨਾਗਰਿਕਾਂ ਨੂੰ ਆਪਣੇ ਆਪ ਵਾਪਸ ਮੁੜ ਜਾਣ ਦਾ ਮੌਕਾ ਦਿੱਤਾ ਜਾਂਦਾ ਹੈ, ਪਰ ਨਿਰਧਾਰਿਤ ਸਮੇਂ (30 ਦਿਨਾਂ) ਵਿਚ ਨਾ ਜਾਣ ਵਾਲੇ ਵਿਦੇਸ਼ੀਆਂ ਨੂੰ ਜਾਰੀ ਕੀਤਾ ਗਿਆ ਡਿਪਾਰਚਰ ਆਰਡਰ ਆਖਰ ਡਿਪੋਰਟੇਸ਼ਨ ਆਰਡਰ ਬਣ ਜਾਂਦਾ ਹੈ। ਅਜਿਹੇ ਵਿਅਕਤੀਆਂ ਦਾ ਵਾਰੰਟ ਕੱਢ ਕੇ ਗ੍ਰਿਫਤਾਰ ਕਰਨ ਮਗਰੋਂ ਹਿਰਾਸਤ ਵਿਚ ਰੱਖ ਕੇ ਅਧਿਕਾਰੀਆਂ ਵੱਲੋਂ ਜਹਾਜ਼ ਵਿਚ ਚੜ੍ਹਾਇਆ ਜਾਂਦਾ ਹੈ। ਜਟਿਲ ਕੇਸਾਂ ਵਿਚ ਸੀ.ਬੀ.ਐੱਸ.ਏ. ਦੇ ਅਧਿਕਾਰੀ ਵਿਦੇਸ਼ੀ ਨਾਗਰਿਕਾਂ ਨੂੰ ਆਪ ਵੀ ਉਨ੍ਹਾਂ ਦੇ ਦੇਸ਼ਾਂ ਵਿਚ ਛੱਡ ਕੇ (ਉਸ ਦੇਸ਼ ਦੇ ਇਮੀਗ੍ਰੇਸ਼ਨ ਅਧਿਕਾਰੀਆਂ ਨੂੰ ਸੌਂਪ ਕੇ) ਆਉਂਦੇ ਹਨ। ਇਹ ਵੀ ਕਿ ਡਿਪੋਰਟ ਕੀਤੇ ਗਏ ਵਿਦੇਸ਼ੀ ਨਾਗਰਿਕ ਵਾਪਸ ਕੈਨੇਡਾ 'ਚ ਦਾਖਲ ਨਹੀਂ ਹੋ ਸਕਦੇ ਹੁੰਦੇ, ਜਿਸ ਦਾ ਭਾਵ ਹੈ ਕਿ ਵਾਪਸੀ ਉੱਪਰ ਪੱਕਾ ਬੈਨ ਲੱਗ ਜਾਂਦਾ ਹੈ। ਜੇਕਰ ਕੈਨੇਡਾ ਦੇ ਇਮੀਗ੍ਰੇਸ਼ਨ ਅਧਿਕਾਰੀਆਂ ਨੂੰ ਝੂਠ ਬੋਲ ਕੇ ਐਂਟਰੀ ਜਾਂ ਨਕਲੀ ਦਸਤਾਵੇਜ਼ਾਂ ਦੀ ਮਦਦ ਨਾਲ ਵੀਜ਼ਾ ਲਿਆ ਗਿਆ ਹੋਵੇ, ਤਾਂ ਕੈਨੇਡਾ ਵਿਚ ਦੁਬਾਰਾ ਦਾਖਲ ਹੋਣ ਲਈ 5 ਸਾਲ ਦਾ ਬੈਨ ਲੱਗ ਸਕਦਾ ਹੈ। ਬੀਤੇ ਸਾਲ ਕੱਢੇ ਗਏ 18785 ਵਿਦੇਸ਼ੀ ਨਾਗਰਿਕਾਂ ਵਿਚ ਸਭ ਤੋਂ ਵੱਧ ਗਿਣਤੀ ਮੈਕਸੀਕੋ ਦੇ ਨਾਗਰਿਕਾਂ ਦੀ (3972) ਜਿਸ ਤੋਂ ਬਾਅਦ ਭਾਰਤੀ (2831), ਕੋਲੰਬੀਆ (2012), ਚੀਨ (737), ਵੈਨੇਜ਼ੁਏਲਾ (656), ਹੈਤੀ (562), ਤੁਰਕੀ (385), ਅਫਗਾਨਿਸਤਾਨ (366), ਹੰਗਰੀ (359) ਅਤੇ ਹੋਰ ਨਾਗਰਿਕਤਾਵਾਂ ਵਾਲੇ ਕੁੱਲ 6233 ਵਿਅਕਤੀ ਸ਼ਾਮਿਲ ਸਨ। ਕੈਨੇਡਾ ਵਿਚੋਂ ਕੱਢੇ ਜਾਣ ਵਾਲੇ ਭਾਰਤੀਆਂ ਦੀ ਗਿਣਤੀ 2019 ਤੋਂ 2025 ਤੱਕ ਹਰੇਕ ਸਾਲ 625 ਤੋਂ 2831 ਦਰਮਿਆਨ ਰਹੀ ਹੈ। ਬੀਤੇ 6 ਸਾਲਾਂ ਦੇ ਮੁਕਾਬਲੇ ਪਿਛਲੇ ਸਾਲ 2025 ਦੌਰਾਨ ਸਭ ਤੋਂ ਵੱਧ ਭਾਰਤੀ ਨਾਗਰਿਕਾਂ ਨੂੰ ਕੈਨੇਡਾ ਵਿਚੋਂ ਕੱਢਿਆ ਗਿਆ ਸੀ। ਪਾਕਿਸਤਾਨ ਦੇ ਨਾਗਰਿਕਾਂ ਨੂੰ ਕੱਢੇ ਜਾਣ ਦੀ ਗਿਣਤੀ 2020 ਤੋਂ ਲਗਾਤਾਰ ਘਟਦੀ ਗਈ ਹੈ, ਜੋ 2020 ਵਿਚ 1002 ਤੋਂ ਘੱਟ ਕੇ 2025 ਵਿਚ 244 ਰਹਿ ਗਈ। ਕਮਾਲ ਦੀ ਗੱਲ ਇਹ ਹੈ ਕਿ ਕੈਨੇਡਾ ਵਿਚੋਂ ਕੱਢੇ ਜਾਣ ਦੀ ਕਾਰਵਾਈ ਦਾ ਇਸ ਸਮੇਂ ਸਾਹਮਣਾ ਕਰ ਰਹੇ ਭਾਰਤੀਆਂ ਦੀ ਗਿਣਤੀ 6515 (ਹੋਰ ਦੇਸ਼ਾਂ ਦੇ ਮੁਕਾਬਲੇ ਸਭ ਤੋਂ ਵੱਧ) ਦੱਸੀ ਗਈ ਹੈ, ਜੋ ਮੈਕਸੀਕੋ ਦੇ ਨਾਗਰਿਕਾਂ (4650) ਤੋਂ ਵੀ ਵਧ ਚੁੱਕੀ ਹੈ। 863 ਪਾਕਿਸਤਾਨੀ ਨਾਗਰਿਕ ਵੀ ਇਸ ਸਮੇਂ ਕੈਨੇਡਾ ਵਿਚੋਂ ਕੱਢੇ ਜਾਣ ਦੀ ਪ੍ਰਕਿਰਿਆ ਵਿਚੋਂ ਗੁਜ਼ਰ ਰਹੇ ਹਨ। ਇਸਦੇ ਨਾਲ ਹੀ 1704 ਅਮਰੀਕੀ ਨਾਗਰਿਕਾਂ ਨੂੰ ਵੀ ਕੈਨੇਡਾ ਵਿਚੋਂ ਅਮਰੀਕਾ ਮੋੜੇ ਜਾਣ ਦੀ ਕਾਰਵਾਈ ਚੱਲ ਰਹੀ ਹੈ। ਆਮ ਤੌਰ 'ਤੇ ਸ਼ਰਨਾਰਥੀ ਕੇਸ ਖਤਮ ਹੋਣ ਮਗਰੋਂ, ਐਂਟਰੀ ਦੀ ਮਿਆਦ ਓਵਰ ਸਟੇਅ ਕਰਨ ਮਗਰੋਂ, ਜਾਂ ਨਿੱਕੇ ਤੋਂ ਵੱਡੇ ਜੁਰਮਾਂ (ਸ਼ਰਾਬ ਪੀਅ ਕੇ ਗੱਡੀ ਚਲਾਉਣਾ ਵੀ) ਵਿਚ ਮੁਜ਼ਰਿਮ ਸਾਬਤ ਹੋਏ ਵਿਦੇਸ਼ੀ ਨਾਗਰਿਕਾਂ ਨੂੰ ਕੈਨੇਡਾ ਛੱਡ ਕੇ ਜਾਣਾ ਪੈਂਦਾ ਹੈ।



# ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਵੱਲੋਂ ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਲਈ 'ਆਪ' ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦਾ ਧੰਨਵਾਦ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਅੱਜ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਮੁਲਾਕਾਤ ਕੀਤੀ ਅਤੇ ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਸਥਾਪਤ ਕਰਨ ਦੇ ਫ਼ੈਸਲੇ ਅਤੇ ਕਰਮਚਾਰੀਆਂ ਦੇ ਮਾਮਲੇ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਮੰਤਰੀ ਮੰਡਲ ਵੱਲੋਂ ਹਾਲ ਹੀ ਵਿੱਚ ਇਨ੍ਹਾਂ ਲੋਕ-ਪੱਖੀ ਅਤੇ ਕਰਮਚਾਰੀ-ਪੱਖੀ ਫ਼ੈਸਲਿਆਂ ਨੂੰ ਪ੍ਰਵਾਨਗੀ ਦਿੱਤੀ ਗਈ ਹੈ।ਮੀਟਿੰਗ ਦੌਰਾਨ ਬਰਿੰਦਰ ਕੁਮਾਰ ਗੋਇਲ ਨੇ ਕਿਹਾ, "ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਸਥਾਪਤ ਕਰਨ ਦਾ ਫ਼ੈਸਲਾ ਇੱਕ ਲੋਕ-ਪੱਖੀ ਕਦਮ ਹੈ, ਜੋ ਆਮ ਨਾਗਰਿਕਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਮਿਆਰੀ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਯਕੀਨੀ ਬਣਾਉਣ ਦੇ ਨਾਲ-ਨਾਲ ਉੱਨਤ ਡਾਕਟਰੀ ਇਲਾਜ ਲਈ ਦੂਰ-ਦੁਰਾਡੇ ਦੇ ਸ਼ਹਿਰਾਂ 'ਤੇ ਉਨ੍ਹਾਂ ਦੀ ਨਿਰਭਰਤਾ ਨੂੰ ਘਟਾਏਗਾ।"ਕੈਬਨਿਟ ਮੰਤਰੀ ਨੇ ਕਿਹਾ ਕਿ 440 ਬੈੱਡਾਂ ਅਤੇ 100 ਐਮ.ਬੀ.ਬੀ.ਐਸ. ਸੀਟਾਂ ਦੀ ਸਮਰੱਥਾ ਵਾਲਾ ਪ੍ਰਸਤਾਵਿਤ ਮੈਡੀਕਲ ਕਾਲਜ ਮਾਲਵਾ ਖੇਤਰ ਵਿੱਚ ਜਨਤਕ ਸਿਹਤ ਪ੍ਰਣਾਲੀ ਨੂੰ ਹੋਰ ਮਜ਼ਬੂਤ ਕਰੇਗਾ ਅਤੇ ਡਾਕਟਰੀ ਸਿੱਖਿਆ ਪ੍ਰਾਪਤ ਕਰਨ ਦੇ ਚਾਹਵਾਨ ਨੌਜਵਾਨਾਂ ਲਈ ਬਿਹਤਰ ਮੌਕੇ ਪੈਦਾ ਕਰੇਗਾ। ਕਰਮਚਾਰੀਆਂ ਦੀ ਭਲਾਈ ਸਬੰਧੀ ਲਏ ਗਏ ਫ਼ੈਸਲੇ 'ਤੇ ਚਾਨਣਾ ਪਾਉਂਦਿਆਂ ਬਰਿੰਦਰ ਕੁਮਾਰ ਗੋਇਲ ਨੇ ਕਿਹਾ, "ਬਾਬਾ ਹੀਰਾ ਸਿੰਘ ਭੱਠਲ ਇੰਸਟੀਚਿਊਟ ਦੇ ਸਟਾਫ ਨੂੰ ਸਰਕਾਰੀ ਵਿਭਾਗਾਂ ਵਿੱਚ ਐਡਜਸਟ ਕਰਨ ਸਬੰਧੀ ਕੈਬਨਿਟ ਦੀ ਪ੍ਰਵਾਨਗੀ ਇੱਕ ਸਪੱਸ਼ਟ ਸੰਦੇਸ਼ ਹੈ ਕਿ ਸੂਬਾ ਸਰਕਾਰ ਆਪਣੇ ਕਰਮਚਾਰੀਆਂ ਦੇ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ ਅਤੇ ਸਰਕਾਰ ਨੇ ਸਮੇਂ ਸਿਰ ਦਖ਼ਲ ਦੇ ਕੇ ਉਨ੍ਹਾਂ ਦੀ ਨੌਕਰੀ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਹੈ।"ਉਨ੍ਹਾਂ ਭਰੋਸਾ ਦਿੱਤਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਨਤਕ ਸਿਹਤ ਸੰਭਾਲ ਨੂੰ ਹੋਰ ਮਜ਼ਬੂਤ ਕਰਨ ਅਤੇ ਕਰਮਚਾਰੀਆਂ ਦੇ ਹਿੱਤਾਂ ਦੀ ਰੱਖਿਆ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਲਹਿਰਾਗਾਗਾ ਵਿਖੇ ਮੈਡੀਕਲ ਕਾਲਜ ਦੀ ਸਥਾਪਨਾ ਨਾਲ ਖੇਤਰ ਦੇ ਲੱਖਾਂ ਲੋਕਾਂ ਨੂੰ ਲਾਭ ਹੋਵੇਗਾ ਅਤੇ ਕਰਮਚਾਰੀਆਂ ਦੇ ਮਸਲੇ ਦਾ ਹੱਲ ਕਰਨਾ ਇਹ ਦਰਸਾਉਂਦਾ ਹੈ ਕਿ ਸਰਕਾਰ ਵੱਲੋਂ ਬਿਨਾਂ ਦੇਰੀ ਦੇ ਨਿਆਂ ਅਤੇ ਰਾਹਤ ਪ੍ਰਦਾਨ ਕਰਨ ਨੂੰ ਤਰਜੀਹ ਦਿੱਤੀ ਜਾ ਰਹੀ ਹੈ।



# ਹਾਈ ਕੋਰਟ ਵੱਲੋਂ ਬਿਕਰਮ ਮਜੀਠੀਆ ਦੀ ਸੁਰੱਖਿਆ ਸੰਬੰਧੀ ਪੰਜਾਬ ਸਰਕਾਰ ਨੂੰ ਸਖ਼ਤ ਅਤੇ ਸਪੱਸ਼ਟ ਨਿਰਦੇਸ਼ ਜਾਰੀ

## ਕਿਸੇ ਵੀ ਸੁਰੱਖਿਆ ਕੋਤਾਹੀ ਲਈ ਏ.ਡੀ.ਜੀ.ਪੀ ਜੇਲ੍ਹ ਅਤੇ ਨਾਭਾ ਜੇਲ੍ਹ ਸੁਪਰਡੈਂਟ ਹੋਣਗੇ ਜ਼ਿੰਮੇਵਾਰ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਸੀਨੀਅਰ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਦੀ ਸੁਰੱਖਿਆ ਸੰਬੰਧੀ ਪੰਜਾਬ ਸਰਕਾਰ ਨੂੰ ਸਖ਼ਤ ਅਤੇ ਸਪੱਸ਼ਟ ਨਿਰਦੇਸ਼ ਜਾਰੀ ਕੀਤੇ ਹਨ। ਅਦਾਲਤ ਨੇ ਕਿਹਾ ਕਿ ਮਜੀਠੀਆ ਦੀ ਸੁਰੱਖਿਆ ਯਕੀਨੀ ਬਣਾਉਣਾ ਸੂਬਾ ਸਰਕਾਰ ਦੀ ਸੰਵਿਧਾਨਕ ਜ਼ਿੰਮੇਵਾਰੀ ਹੈ ਅਤੇ ਇਸ ਸੰਬੰਧ 'ਚ ਕਿਸੇ ਵੀ ਤਰ੍ਹਾਂ ਦੀ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਸੁਣਵਾਈ ਦੌਰਾਨ ਹਾਈ ਕੋਰਟ ਨੇ ਸਪੱਸ਼ਟ ਤੌਰ 'ਤੇ ਚਿਤਾਵਨੀ ਦਿੱਤੀ ਕਿ ਜੇਕਰ ਮਜੀਠੀਆ ਦੇ ਸੁਰੱਖਿਆ ਪ੍ਰਬੰਧਾਂ 'ਚ ਕੋਈ ਵੀ ਕੋਤਾਹੀ ਪਾਈ ਜਾਂਦੀ ਹੈ, ਤਾਂ ਏ.ਡੀ.ਜੀ.ਪੀ (ਜੇਲ੍ਹਾਂ) ਅਤੇ ਨਾਭਾ ਜੇਲ੍ਹ ਦੇ ਸੁਪਰਡੈਂਟ ਸਿੱਧੇ ਤੌਰ 'ਤੇ ਜ਼ਿੰਮੇਵਾਰ ਹੋਣਗੇ। ਅਦਾਲਤ ਨੇ ਇਹ ਵੀ ਸਪੱਸ਼ਟ ਕੀਤਾ ਕਿ ਅਜਿਹੀ ਸਥਿਤੀ 'ਚ ਸੰਬੰਧਿਤ ਅਧਿਕਾਰੀਆਂ ਵਿਰੁੱਧ ਨਿੱਜੀ ਤੌਰ 'ਤੇ ਕਾਰਵਾਈ ਕੀਤੀ ਜਾ ਸਕਦੀ ਹੈ। ਅਦਾਲਤ ਨੇ ਕਿਹਾ ਕਿ ਹਿਰਾਸਤ 'ਚ ਬੰਦ ਕਿਸੇ ਵੀ ਵਿਅਕਤੀ ਦੀ ਸੁਰੱਖਿਆ ਸਿਰਫ਼ ਇਕ ਰਸਮੀ ਜ਼ਿੰਮੇਵਾਰੀ ਨਹੀਂ ਹੈ, ਬਲਕਿ ਕਾਨੂੰਨ ਦੇ ਸ਼ਾਸਨ ਦਾ ਬੁਨਿਆਦੀ ਤੱਤ ਹੈ। ਅਦਾਲਤ ਨੇ ਜ਼ੋਰ ਦੇ ਕੇ ਕਿਹਾ ਕਿ ਸੁਰੱਖਿਆ 'ਚ ਲਾਪ੍ਰਵਾਹੀ ਨਾ ਸਿਰਫ਼ ਇਕ ਪ੍ਰਸ਼ਾਸਕੀ ਅਸਫਲਤਾ ਮੰਨੀ ਜਾਵੇਗੀ, ਬਲਕਿ ਇਹ ਅਦਾਲਤ ਦੇ ਹੁਕਮਾਂ ਦੀ ਉਲੰਘਣਾ ਦੀ ਸ਼੍ਰੇਣੀ 'ਚ ਵੀ ਆ ਸਕਦੀ ਹੈ। ਹਾਈ ਕੋਰਟ ਨੇ ਪੰਜਾਬ ਸਰਕਾਰ ਨੂੰ ਨਿਰਦੇਸ਼ ਦਿੱਤਾ ਕਿ ਮਜੀਠੀਆ ਦੀ ਸੁਰੱਖਿਆ ਲਈ ਕੀਤੇ ਗਏ ਸਾਰੇ ਪ੍ਰਬੰਧਾਂ ਦੀ ਨਿਯਮਿਤ ਤੌਰ 'ਤੇ ਸਮੀਖਿਆ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਇਹ ਯਕੀਨੀ ਬਣਾਇਆ ਜਾਵੇ ਕਿ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦਾ ਖ਼ਤਰਾ ਨਾ ਹੋਵੇ। ਅਦਾਲਤ ਨੇ ਸੂਬਾ ਸਰਕਾਰ ਤੋਂ ਆਸ ਪ੍ਰਗਟਾਈ ਕਿ ਉਹ ਇਸ ਹੁਕਮ ਨੂੰ ਗੰਭੀਰਤਾ ਨਾਲ ਲਵੇਗੀ ਤੇ ਭਵਿੱਖ 'ਚ ਕਿਸੇ ਵੀ ਅਣਸੁਖਾਵੀਂ ਘਟਨਾ ਦੀ ਗੁੰਜਾਇਸ਼ ਨਹੀਂ ਛੱਡੇਗੀ। ਅਦਾਲਤ ਨੂੰ ਜਾਣਕਾਰੀ ਦਿੰਦਿਆਂ ਮਜੀਠੀਆ ਦੇ ਵਕੀਲ ਨੇ ਏ.ਡੀ.ਜੀ.ਪੀ. ਇੰਟੈਲੀਜੈਂਸ ਦੇ ਇਕ ਤਾਜ਼ਾ ਪੱਤਰ ਦਾ ਹਵਾਲਾ ਦਿੱਤਾ, ਜਿਸ 'ਚ ਖੁਲਾਸਾ ਕੀਤਾ ਗਿਆ ਹੈ ਕਿ ਮਜੀਠੀਆ ਨੂੰ ਜੇਲ੍ਹ ਅੰਦਰ ਵੀ ਇਕ ਪਾਬੰਦੀਸ਼ੁਦਾ ਅੱਤਵਾਦੀ ਸੰਗਠਨ ਤੋਂ ਖ਼ਤਰਾ ਹੈ। ਵਕੀਲ ਨੇ ਕਿਹਾ ਕਿ ਇਸ ਨਵੇਂ ਅਤੇ ਠੋਸ ਇਨਪੁਟ ਦੇ ਆਧਾਰ 'ਤੇ ਤੁਰੰਤ ਰਾਹਤ ਅਤੇ ਸੁਰੱਖਿਆ ਪ੍ਰਬੰਧਾਂ ਦੀ ਸਮੀਖਿਆ ਜ਼ਰੂਰੀ ਹੈ।

# ਬਰਤਾਨਵੀ ਸਰਕਾਰ ਵੱਲੋਂ ਪਹਿਲਾਂ ਕੀਤੇ ਐਲਾਨ ਤੋਂ ਯੂ-ਟਰਨ ਕਿਹਾ- ਨੌਕਰੀ ਲਈ ਡਿਜ਼ੀਟਲ ਪਹਿਚਾਣ ਪੱਤਰ ਲਾਜ਼ਮੀ ਨਹੀਂ

ਲੰਦਨ
ਸਾਂਝੀ ਸੋਚ ਬਿਊਰੋ

ਬਰਤਾਨਵੀ ਸਰਕਾਰ ਨੇ ਯੂ.ਕੇ. 'ਚ ਨੌਕਰੀ ਲੈਣ ਲਈ ਕੰਮ ਕਰਨ ਦੇ ਆਪਣੇ ਅਧਿਕਾਰ ਨੂੰ ਸਾਬਤ ਕਰਨ ਲਈ ਕਰਮਚਾਰੀਆਂ ਨੂੰ ਆਪਣੀ ਡਿਜੀਟਲ ਆਈ.ਡੀ. (ਡਿਜੀਟਲ ਪਛਾਣ-ਪੱਤਰ) ਸਕੀਮ ਨੂੰ ਲਾਜ਼ਮੀ ਕਰਨ ਦੀ ਨੀਤੀ ਹੁਣ ਰੱਦ ਕਰ ਦਿੱਤਾ ਹੈ। ਬੀਤੇ ਵਰ੍ਹੇ ਹੀ ਪ੍ਰਧਾਨ ਮੰਤਰੀ ਕੀਰ ਸਟਾਰਮਰ ਨੇ ਐਲਾਨ ਕੀਤਾ ਸੀ ਕਿ ਡਿਜੀਟਲ ਆਈ.ਡੀ. ਤੋਂ ਬਿਨਾਂ ਯੂ.ਕੇ. 'ਚ ਕੋਈ ਕੰਮ ਨਹੀਂ ਕਰ ਸਕੇਗਾ। ਵਿਰੋਧੀ ਧਿਰ ਕੰਜ਼ਰਵੇਟਿਵ ਦੀ ਨੇਤਾ ਕੇਮੀ ਬੈਡੇਨੋਚ ਨੇ ਕਿਹਾ ਚੰਗਾ ਛੁਟਕਾਰਾ ਮਿਲ ਗਿਆ, ਇਹ ਵੈਸੇ ਵੀ ਇਕ ਭਿਆਨਕ ਨੀਤੀ ਸੀ। ਦੂਜੇ ਪਾਸੇ ਨਵੀਂ ਨੀਤੀ ਤਹਿਤ 2029 ਤੱਕ ਕੰਮ ਕਰਨ ਦੇ ਅਧਿਕਾਰ ਦੀ ਜਾਂਚ ਡਿਜੀਟਲ ਤੌਰ 'ਤੇ ਕੀਤੀ ਜਾਇਆ ਕਰੇਗੀ। ਜਿਸ ਲਈ ਬਾਇਓਮੈਟ੍ਰਿਕ ਪਾਸਪੋਰਟਾਂ ਦੀ ਵਰਤੋਂ ਕੀਤੀ ਜਾਵੇਗੀ, ਪਰ ਨਵੇਂ ਡਿਜੀਟਲ ਆਈ.ਡੀ. ਪ੍ਰੋਗਰਾਮ ਨਾਲ ਰਜਿਸਟਰ ਕਰਨਾ ਇਕ ਬਦਲ ਹੋਵੇਗਾ। ਸੱਤਾ 'ਚ ਆਉਣ ਤੋਂ ਬਾਅਦ ਲੇਬਰ ਸਰਕਾਰ ਨੇ ਕਈ ਯੂ-ਟਰਨ ਲਏ ਹਨ। ਜਿਸ 'ਚ ਭਲਾਈ ਸੁਧਾਰ ਨੀਤੀ, ਸਰਦੀਆਂ ਦੇ ਊਰਜਾ ਭੁਗਤਾਨਾਂ ਨੂੰ ਘਟਾਉਣਾ ਤੇ ਕਿਸਾਨਾਂ ਲਈ ਵਿਰਾਸਤੀ ਟੈਕਸ ਆਦਿ ਸ਼ਾਮਲ ਹਨ। ਜ਼ਿਕਰਯੋਗ ਹੈ ਕਿ ਜਦੋਂ ਸਰਕਾਰ ਨੇ ਪਹਿਲੀ ਵਾਰ ਇਸ ਨੀਤੀ ਯੋਜਨਾ ਦਾ ਐਲਾਨ ਕੀਤਾ ਸੀ, ਤਾਂ ਦਲੀਲ ਦਿੱਤੀ ਸੀ ਕਿ ਕਾਮਿਆਂ ਲਈ ਲਾਜ਼ਮੀ ਡਿਜੀਟਲ ਆਈ.ਡੀ. ਗੈਰ-ਕਾਨੂੰਨੀ ਤੌਰ 'ਤੇ ਕੰਮ ਕਰਨ ਵਾਲੇ ਪ੍ਰਵਾਸੀਆਂ 'ਤੇ ਸ਼ਿਕੰਜਾ ਕੱਸਣਾ ਆਸਾਨ ਬਣਾ ਦੇਵੇਗਾ। ਜਦਕਿ ਸਰਕਾਰ ਦੇ ਇਸ ਦਾਅਵੇ ਦੀ ਹੁਣ ਫੂਕ ਨਿਕਲ ਗਈ ਹੈ। ਟਰਾਂਸਪੋਰਟ ਮੰਤਰੀ ਹੈਡੀ ਅਲੈਗਜ਼ੈਂਡਰ ਨੇ ਕਿਹਾ ਕਿ ਸਰਕਾਰ ਅਜੇ ਵੀ ਬਾਇਓਮੈਟ੍ਰਿਕ ਪਾਸਪੋਰਟਾਂ ਸਮੇਤ, ਲਾਜ਼ਮੀ ਡਿਜੀਟਲ ਕੰਮ ਕਰਨ ਦੇ ਅਧਿਕਾਰ ਦੀ ਜਾਂਚ ਲਈ 'ਪੂਰੀ ਤਰ੍ਹਾਂ ਵਚਨਬੱਧ' ਹੈ। ਪ੍ਰਧਾਨ ਮੰਤਰੀ ਕੀਰ ਸਟਾਰਮਰ ਨੂੰ ਐਲਾਨ ਤੋਂ ਬਾਅਦ ਭਾਰੀ ਵਿਰੋਧ ਦਾ ਸਾਹਮਣਾ ਕਰਨਾ ਪਿਆ ਤੇ ਲਗਭਗ 30 ਲੱਖ ਲੋਕਾਂ ਨੇ ਡਿਜੀਟਲ ਆਈ.ਡੀ. ਦੀ ਸ਼ੁਰੂਆਤ ਦਾ ਵਿਰੋਧ ਕਰਨ ਵਾਲੀ ਸੰਸਦੀ ਪਟੀਸ਼ਨ 'ਤੇ ਦਸਤਖਤ ਕੀਤੇ ਸਨ।


CIS
CALIFORNIA
IMMIGRATION SERVICES
YOUR REGISTERED & BONDED "IMMIGRATION-CONSULTANTS"
FAMILY PETITION
CITIZENSHIP
GREEN CARD PETITION
BUSINESS/VISITOR VISA
STUDENT VISA
CANADA VISA & P.R VARIOUS IMMIGRATION SERVICES
LIVE SCAN SERVICE
FEE $25.00
ROLLING FEE PER LIVE SCAN
NOTARY SERVICES
FEE $10.00
(408)422-8585
(510)573-3666
Fremont Office: 4127 Bay Street, Suite5
Manteca Office: 123 Sycamore Ave, Suite 201-E
www.caials.com
rosy@caials.com





RE/MAX
EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur
Realtor ®
CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


Arrested ?
DUI ?
Drug Charges ?
Gun Violation ?
Ghuman Law Group
GLG
Get the Legal Defence you Deserve.
Why Choose Us?
Trusted Legal Experts
Personalized Strategies
Proven Track Record
Criminal Defence Law
• DUI / DWI Defense
• Drug Charges
• Domestic Violence Defense
• Assault & Battery Defense
• Theft / Fraud / Financial Crimes
• Probation Violations
Contact Us
info@ghumanlawgroup.com
ghumanlawgroup.org
+1 228-200-0001

# ਪੜ੍ਹਨਾ ਅਤੇ ਖੋਜ

ਤੇਜ਼ ਵਿਗਿਆਨਕ ਤਰੱਕੀ, ਜਟਿਲ ਸਿਹਤ ਸਮੱਸਿਆਵਾਂ ਅਤੇ ਜਾਣਕਾਰੀ ਦੀ ਭਰਮਾਰ ਨਾਲ ਭਰੇ ਡਿਜ਼ਿਟਲ ਯੁੱਗ ਵਿੱਚ, ਲਗਾਤਾਰ ਪੜ੍ਹਨਾ ਅਤੇ ਪ੍ਰਣਾਲੀਬੱਧ ਖੋਜ ਦੀ ਆਦਤ ਵਿਅਕਤੀਗਤ ਸਫਲਤਾ ਅਤੇ ਸਮੂਹਕ ਤਰੱਕੀ ਦੀ ਮਜ਼ਬੂਤ ਨੀਂਹ ਬਣ ਕੇ ਉਭਰੀ ਹੈ। ਸਿਹਤ ਅਤੇ ਵਿਗਿਆਨਕ ਦ੍ਰਿਸ਼ਟੀਕੋਣ ਤੋਂ, ਪੜ੍ਹਨਾ ਅਤੇ ਖੋਜ ਸਿਰਫ਼ ਅਕਾਦਮਿਕ ਕਿਰਿਆਵਾਂ ਨਹੀਂ ਹਨ; ਇਹ ਅਜਿਹੀਆਂ ਸਿਰਜਾਣਤਮਕ ਪ੍ਰਕਿਰਿਆਵਾਂ ਹਨ ਜੋ ਦਿਮਾਗੀ ਕਾਰਜਸ਼ੀਲਤਾ ਨੂੰ ਵਧਾਉਂਦੀਆਂ ਹਨ, ਫੈਸਲਾ ਕਰਨ ਦੀ ਸਮਰੱਥਾ ਨੂੰ ਸੁਧਾਰਦੀਆਂ ਹਨ, ਨਵੀਨਤਾ ਨੂੰ ਉਤਸ਼ਾਹਿਤ ਕਰਦੀਆਂ ਹਨ ਅਤੇ ਸਬੂਤ-ਆਧਾਰਿਤ ਅਭਿਆਸਾਂ ਨੂੰ ਮਜ਼ਬੂਤ ਕਰਦੀਆਂ ਹਨ।

ਲਗਾਤਾਰ ਪੜ੍ਹਨ ਦਾ ਅਰਥ ਵੱਖ-ਵੱਖ ਵਿਸ਼ਿਆਂ ਅਤੇ ਵਿਭਾਗਾਂ ਨਾਲ ਸੰਬੰਧਿਤ ਲਿਖਤਾਂ ਨਾਲ ਨਿਯਮਿਤ ਅਤੇ ਵਿਸਤ੍ਰਿਤ ਰੂਪ ਵਿੱਚ ਜੁੜਨਾ ਹੈ, ਜਦਕਿ ਖੋਜ ਦਾ ਮਤਲਬ ਗਿਆਨ ਨੂੰ ਉਤਪੰਨ ਕਰਨ, ਪਰਖਣਾ ਜਾਂ ਸੰਸ਼ਲੇਸ਼ਣ ਕਰਨ ਲਈ ਸੰਰਚਿਤ ਜਾਂਚ ਪ੍ਰਕਿਰਿਆ ਹੈ। ਨਿਊਰੋ-ਵਿਗਿਆਨਕ ਅਧਿਐਨ ਦਰਸਾਉਂਦੇ ਹਨ ਕਿ ਲਗਾਤਾਰ ਪੜ੍ਹਨਾ ਨਿਊਰਲ ਸੰਪਰਕਾਂ ਨੂੰ ਮਜ਼ਬੂਤ ਕਰਦਾ ਹੈ, ਖ਼ਾਸ ਤੌਰ 'ਤੇ ਉਹਨਾਂ ਦਿਮਾਗੀ ਖੇਤਰਾਂ ਵਿੱਚ ਜੋ ਭਾਸ਼ਾ, ਯਾਦਦਾਸ਼ਤ ਅਤੇ ਕਾਰਜਕਾਰੀ ਸਮਰੱਥਾ ਨਾਲ ਸੰਬੰਧਿਤ ਹਨ। ਫੰਕਸ਼ਨਲ ਇਮੇਜਿੰਗ ਅਧਿਐਨ ਸਪਸ਼ਟ ਕਰਦੇ ਹਨ ਕਿ ਪੜ੍ਹਨਾ ਪ੍ਰੀਫਰੰਟਲ ਕਾਰਟੈਕਸ, ਹਿਪੋਕੈਂਪਸ ਅਤੇ ਟੈਂਪੋਰਲ ਲੋਬਜ਼ ਨੂੰ ਸਰਗਰਮ ਕਰਦਾ ਹੈ ਇਹ ਉਹ ਖੇਤਰ ਹਨ ਜੋ ਸਮਝ, ਆਲੋਚਨਾਤਮਕ ਸੋਚ ਅਤੇ ਲੰਬੇ ਸਮੇਂ ਦੀ ਯਾਦਦਾਸ਼ਤ ਦੇ ਸੰਚੇ ਲਈ ਅਤਿਅੰਤ ਜ਼ਰੂਰੀ ਹਨ।

ਸਿਹਤ ਦ੍ਰਿਸ਼ਟੀਕੋਣ ਤੋਂ, ਜੀਵਨ ਭਰ ਪੜ੍ਹਨ ਦੀ ਆਦਤ ਬੌਧਿਕ ਲਚੀਲੇਪਨ ਨਾਲ ਜੁੜੀ ਹੋਈ ਹੈ। ਵਿਗਿਆਨਕ ਅਧਿਐਨ ਦਰਸਾਉਂਦੇ ਹਨ ਕਿ ਜੋ ਵਿਅਕਤੀ ਪੜ੍ਹਨ ਅਤੇ ਖੋਜ ਵਰਗੀਆਂ ਬੌਧਿਕ ਤੌਰ 'ਤੇ ਉਤਸ਼ਾਹਜਨਕ ਗਤਿਵਿਧੀਆਂ ਵਿੱਚ ਸ਼ਾਮਲ ਰਹਿੰਦੇ ਹਨ, ਉਨ੍ਹਾਂ ਵਿੱਚ ਉਮਰ ਨਾਲ ਸੰਬੰਧਿਤ ਬੌਧਿਕ ਪਤਨ ਅਤੇ ਅਲਜ਼ਾਈਮਰ ਵਰਗੀਆਂ ਨਿਊਰੋਡੀਜਨਰੇਟਿਵ ਬਿਮਾਰੀਆਂ ਦਾ ਖ਼ਤਰਾ ਘੱਟ ਹੁੰਦਾ ਹੈ। ਇਸ ਤਰ੍ਹਾਂ ਪੜ੍ਹਨਾ ਦਿਮਾਗੀ ਲਚੀਲੇਪਨ ਅਤੇ ਮਾਨਸਿਕ ਤੰਦਰੁਸਤੀ ਨੂੰ ਸਮੱਰਥਨ ਦੇਣ ਵਾਲੀ ਇਕ ਬੌਧਿਕ ਕਸਰਤ ਵਜੋਂ ਕੰਮ ਕਰਦਾ ਹੈ।

ਲਗਾਤਾਰ ਪੜ੍ਹਨ ਅਤੇ ਖੋਜ ਦੇ ਫ਼ਾਇਦੇ

ਲਗਾਤਾਰ ਪੜ੍ਹਨ ਅਤੇ ਖੋਜ ਦੇ ਲਾਭ ਬਹੁ-ਪੱਖੀ ਹਨ:

ਬੌਧਿਕ ਸਮਰੱਥਾ ਵਿੱਚ ਵਾਧਾ (Cognitive Enhancement):
ਯਾਦਦਾਸ਼ਤ, ਧਿਆਨ ਸਮਰੱਥਾ, ਵਿਸ਼ਲੇਸ਼ਣਾਤਮਕ ਤਰਕ ਅਤੇ ਵਾਕ-ਬੁੱਧੀ ਵਿੱਚ ਸੁਧਾਰ ਹੁੰਦਾ ਹੈ।

ਵਿਗਿਆਨਕ ਸਾਖਰਤਾ (Scientific Literacy):
ਸੰਖਿਆਤਮਕ ਗਿਆਨ ਨੂੰ ਸਮਝਣਾ, ਸਬੂਤਾਂ ਦੀ ਵਿਆਖਿਆ ਕਰਨ ਅਤੇ ਭਰੋਸੇਯੋਗ ਜਾਣਕਾਰੀ ਨੂੰ ਗਲਤ ਜਾਂ ਭ੍ਰਮਿਤ ਜਾਣਕਾਰੀ ਤੋਂ ਵੱਖ ਕਰਨ ਦੀ ਯੋਗਤਾ ਵਿਕਸਿਤ ਹੁੰਦੀ ਹੈ।

ਪੇਸ਼ਾਵਰ ਨਿਪੁੰਨਤਾ (Professional Competence):
ਸਟੀਕ ਗਿਆਨ ਨਾਲ ਫੈਸਲੇ ਕਰਨ ਦੀ ਸਮਰੱਥਾ, ਖੋਜ ਦੀ ਗੁਣਵੱਤਾ ਅਤੇ ਅਕਾਦਮਿਕ ਸੋਝੀ ਵਿੱਚ ਵਾਧਾ ਹੁੰਦਾ ਹੈ।

ਮਨੋਵਿਗਿਆਨਕ ਲਾਭ (Psychological Benefits):
ਪੜ੍ਹਨਾ ਤਣਾਅ ਘਟਾਉਣ, ਹਮਦਰਦੀ ਵਿਕਸਿਤ ਕਰਨ ਅਤੇ ਭਾਵਨਾਤਮਕ ਬੁੱਧੀ ਨੂੰ ਮਜ਼ਬੂਤ ਕਰਨ ਨਾਲ ਜੁੜਿਆ ਹੋਇਆ ਹੈ।

ਸਮਾਜਕ ਪ੍ਰਭਾਵ (Societal Impact):
ਪੜ੍ਹਨਾ ਅਤੇ ਖੋਜ-ਕੇਂਦਰਿਤ ਸਮਾਜ ਸੂਚਿਤ ਨਾਗਰਿਕਤਾ, ਜਨ ਸਿਹਤ ਪ੍ਰਤੀ ਜਾਗਰੂਕਤਾ ਅਤੇ ਵਿਗਿਆਨਕ ਦ੍ਰਿਸ਼ਟੀਕੋਣ ਨੂੰ ਉਤਸ਼ਾਹਿਤ ਕਰਦਾ ਹੈ।

ਪੜ੍ਹਨ ਦੇ ਨੁਕਸਾਨ ਅਤੇ ਸੀਮਾਵਾਂ

ਇਸ ਦੇ ਅਨੇਕਾਂ ਫਾਇਦਿਆਂ ਦੇ ਬਾਵਜੂਦ ਪੜ੍ਹਨਾ ਕੁਝ ਸੀਮਾਵਾਂ ਤੋਂ ਰਹਿਤ ਨਹੀਂ। ਜਾਣਕਾਰੀ ਦੀ ਲੋੜ ਤੋਂ ਵੱਧ ਸੋਝੀ (Information Overload) ਇੱਕ ਗੰਭੀਰ ਚੁਣੌਤੀ ਹੈ, ਖ਼ਾਸ ਕਰਕੇ ਡਿਜ਼ਿਟਲ ਯੁੱਗ ਵਿੱਚ, ਜਿੱਥੇ ਉਪਲਬਧ ਸਮੱਗਰੀ ਦੀ ਭਰਮਾਰ ਪਾਠਕ ਨੂੰ ਥਕਾ ਸਕਦੀ ਹੈ ਅਤੇ ਡੂੰਘੀ ਸਮਝ ਵਿੱਚ ਰੁਕਾਵਟ ਪੈਦਾ ਕਰ ਸਕਦੀ ਹੈ। ਆਲੋਚਨਾਤਮਕ ਵਿਸ਼ਲੇਸ਼ਣ ਤੋਂ ਬਿਨਾਂ ਬਹੁਤ ਜ਼ਿਆਦਾ ਪੜ੍ਹਨਾ ਸਤਹੀ ਗਿਆਨ ਤੱਕ ਹੀ ਸੀਮਿਤ ਰਹਿ ਸਕਦਾ ਹੈ।

ਸਿਹਤ ਦ੍ਰਿਸ਼ਟੀਕੋਣ ਤੋਂ, ਲੰਮੇ ਸਮੇਂ ਤੱਕ ਪੜ੍ਹਨਾ ਖ਼ਾਸ ਕਰਕੇ ਡਿਜ਼ਿਟਲ ਸਕ੍ਰੀਨਾਂ 'ਤੇ ਅੱਖਾਂ 'ਤੇ ਦਬਾਅ, ਮਾਸਪੇਸ਼ੀ ਅਤੇ ਹੱਡੀ ਸੰਬੰਧੀ ਅਸਹਿਜਤਾ ਅਤੇ ਨਿਸ਼ਕ੍ਰਿਆ ਜੀਵਨਸ਼ੈਲੀ ਵੱਲ ਲੈ ਜਾ ਸਕਦਾ ਹੈ। ਇਸ ਤੋਂ ਇਲਾਵਾ, ਜੇ ਪੜ੍ਹਨਾ ਸਿਰਫ਼ ਸਿਧਾਂਤਕ ਰਹਿ ਜਾਵੇ ਅਤੇ ਇਸ ਦੀ ਵਿਹਾਰਕ ਵਰਤੋਂ ਨਾ ਹੋਵੇ, ਤਾਂ ਅਨੁਭਵਾਤਮਕ ਸਿੱਖਿਆ ਵਿੱਚ ਘਾਟ ਪੈ ਸਕਦੀ ਹੈ।

ਇੱਕ ਹੋਰ ਸੀਮਾ ਸਰੋਤਾਂ ਦੀ ਗੁਣਵੱਤਾ ਹੈ। ਬਿਨਾਂ ਪਰਖੇ ਜਾਂ ਪੱਖਪਾਤੀ ਸਰੋਤਾਂ ਨਾਲ ਸਾਂਝ ਪੈਣ ਨਾਲ ਪਾਠਕ ਭਟਕ ਸਕਦਾ ਹੈ ਅਤੇ ਜੇ ਆਲੋਚਨਾਤਮਕ ਮੁਲਾਂਕਣ ਦੀ ਸਮਰੱਥਾ ਨਾ ਹੋਵੇ, ਤਾਂ ਆਮ ਗਿਆਨ ਜਾਂ ਵਿਗਿਆਨਕ ਫੈਸਲੇ ਪ੍ਰਭਾਵਿਤ ਹੋ ਸਕਦੇ ਹਨ।

ਡਿਜ਼ਿਟਲ ਪੜ੍ਹਾਈ ਅਤੇ ਖੋਜ: ਕੀ ਇਸਨੂੰ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ?

ਡਿਜ਼ਿਟਲ ਪੜ੍ਹਾਈ ਅਤੇ ਆਨਲਾਈਨ ਖੋਜ ਨੇ ਗਿਆਨ ਪ੍ਰਾਪਤੀ ਦੇ ਢੰਗ ਨੂੰ ਬਦਲ ਦਿੱਤਾ ਹੈ ਅਤੇ ਵਿਗਿਆਨਕ ਸਾਹਿਤ, ਸਿਹਤ ਡਾਟਾਬੇਸ ਅਤੇ ਸਿੱਖਿਆ ਸੰਬੰਧੀ ਸਰੋਤਾਂ ਤੱਕ ਪਹੁੰਚ ਨੂੰ ਲੋਕਤੰਤਰਿਕ ਬਣਾਇਆ ਹੈ। ਡਿਜ਼ਿਟਲ ਪਲੇਟਫਾਰਮ ਖੋਜ ਨਤੀਜ਼ਿਆਂ ਦੇ ਤੇਜ਼ ਪ੍ਰਸਾਰ, ਵਿਸ਼ਵ ਪੱਧਰੀ ਸਹਿਯੋਗ ਅਤੇ ਤੁਰੰਤ ਅੱਪਡੇਟਾਂ ਦੀ ਸਹੂਲਤ ਦਿੰਦੇ ਹਨ ਜੋ ਆਧੁਨਿਕ ਸਿਹਤ ਅਤੇ ਵਿਗਿਆਨ ਲਈ ਅਤਿਅੰਤ ਜ਼ਰੂਰੀ ਹਨ।

ਜਨ ਸਿਹਤ ਅਤੇ ਸਿੱਖਿਆ ਦੇ ਦ੍ਰਿਸ਼ਟੀਕੋਣ ਤੋਂ, ਡਿਜ਼ਿਟਲ ਪੜ੍ਹਾਈ ਨੂੰ ਨਿਸ਼ਚਿਤ ਤੌਰ 'ਤੇ ਉਤਸ਼ਾਹਿਤ ਕੀਤਾ ਜਾਣਾ ਚਾਹੀਦਾ ਹੈ, ਪਰ ਯੋਜਨਾਬੱਧ ਸੁਰੱਖਿਅਤ ਸਾਧਨਾਂ ਨਾਲ। ਡਿਜ਼ਿਟਲ ਸਾਖਰਤਾ, ਆਲੋਚਨਾਤਮਕ ਮੁਲਾਂਕਣ ਕੌਸ਼ਲ ਅਤੇ ਨੈਤਿਕ ਖੋਜ ਅਭਿਆਸਾਂ ਨੂੰ ਮਜ਼ਬੂਤ ਕਰਨਾ ਬਹੁਤ ਜ਼ਰੂਰੀ ਹੈ ਤਾਂ ਜੋ ਲਾਭ ਵੱਧ ਤੋਂ ਵੱਧ ਅਤੇ ਖ਼ਤਰੇ ਘੱਟ ਤੋਂ ਘੱਟ ਹੋਣ। ਡਿਜ਼ਿਟਲ ਅਤੇ ਪ੍ਰਿੰਟ ਪੜ੍ਹਨ ਦੇ ਮਿਲੇ-ਜੁਲੇ ਮਾਡਲ ਬੌਧਿਕ ਸਰਗਰਮੀ ਲਈ ਸਭ ਤੋਂ ਉਚਿਤ ਸਾਬਤ ਹੋ ਸਕਦੇ ਹਨ, ਜਿੱਥੇ ਪਹੁੰਚ ਅਤੇ ਡੂੰਘੀ ਸਮਝ ਵਿੱਚ ਸੰਤੁਲਨ ਬਣਦਾ ਹੈ।

ਇਸ ਤੋਂ ਇਲਾਵਾ, ਕ੍ਰਿਤ੍ਰਿਮ ਬੁੱਧੀ (ਅਰਟਿਡਿਚਿਓਲ ਇਨਟਏਲਲਿਗਏਨਚਏ) ਆਧਾਰਿਤ ਸਾਹਿਤ ਸਮੀਖਿਆ, ਓਪਨ-ਐਕਸੈਸ ਜਰਨਲ ਅਤੇ ਆਨਲਾਈਨ ਸਿੱਖਣ ਪਲੇਟਫਾਰਮ ਘੱਟ ਸਰੋਤ ਵਾਲੇ ਖੇਤਰਾਂ ਵਿੱਚ ਸਿੱਖਿਆਤਮਕ ਅਸਮਾਨਤਾਵਾਂ ਨੂੰ ਘਟਾਉਣ ਦੀ ਬੇਹੱਦ ਸਮਰੱਥਾ ਰੱਖਦੇ ਹਨ।

ਲਗਾਤਾਰ ਪੜ੍ਹਨਾ ਅਤੇ ਖੋਜ ਬੁੱਧਿਕ ਵਿਕਾਸ, ਵਿਗਿਆਨਕ ਤਰੱਕੀ ਅਤੇ ਸਿਹਤ ਸੰਭਾਲ ਦੀ ਮਜ਼ਬੂਤ ਬੁਨਿਆਦ ਹਨ। ਵਿਗਿਆਨਕ ਤੌਰ 'ਤੇ, ਇਹ ਆਦਤਾਂ ਬੁੱਧਿਕ ਸਮਰੱਥਾ ਨੂੰ ਮਜ਼ਬੂਤ ਕਰਦੀਆਂ ਹਨ ਅਤੇ ਜੀਵਨ ਭਰ ਦਿਮਾਗੀ ਸਿਹਤ ਨੂੰ ਉਤਸ਼ਾਹਿਤ ਕਰਦੀਆਂ ਹਨ। ਪੇਸ਼ਾਵਰ ਤੌਰ 'ਤੇ, ਇਹ ਆਲੋਚਨਾਤਮਕ ਸੋਚ, ਨਵੀਨਤਾ ਅਤੇ ਸਬੂਤ-ਆਧਾਰਿਤ ਅਭਿਆਸ ਰਾਹੀਂ ਸਫਲਤਾ ਦਾ ਆਧਾਰ ਬਣਦੀਆਂ ਹਨ। ਭਾਵੇਂ ਜਾਣਕਾਰੀ ਦੀ ਲੋੜ ਤੋਂ ਵੱਧ ਸੋਝੀ ਅਤੇ ਡਿਜ਼ਿਟਲ ਥਕਾਵਟ ਵਰਗੀਆਂ ਚੁਣੌਤੀਆਂ ਮੌਜੂਦ ਹਨ, ਪਰ ਸੰਰਚਿਤ ਪੜ੍ਹਨ ਲਈ ਰਣਨੀਤੀਆਂ ਅਤੇ ਆਲੋਚਨਾਤਮਕ ਮੁਲਾਂਕਣ ਕੌਸ਼ਲਾਂ ਨਾਲ ਇਨ੍ਹਾਂ ਨੂੰ ਘਟਾਇਆ ਜਾ ਸਕਦਾ ਹੈ।

ਗਿਆਨ-ਕੇਂਦਰਿਤ ਸਮਾਜ ਵਿੱਚ, ਰਵਾਇਤੀ ਅਤੇ ਡਿਜ਼ਿਟਲ ਦੋਵਾਂ ਕਿਸਮਾਂ ਦਾ ਵਿਆਪਕ ਪਾਠਨ ਉਤਸ਼ਾਹਿਤ ਕਰਨਾ ਕੋਈ ਸ਼ੌਕ ਨਹੀਂ, ਸਗੋਂ ਲੋੜ ਹੈ। ਜਦੋਂ ਇਹ ਆਦਤ ਸੋਚ-ਸਮਝ ਕੇ ਵਿਕਸਿਤ ਕੀਤੀ ਜਾਵੇ, ਤਾਂ ਪੜ੍ਹਨਾ ਅਤੇ ਖੋਜ ਵਿਅਕਤੀਆਂ ਨੂੰ ਮਜ਼ਬੂਤ ਬਣਾਉਂਦੇ ਹਨ, ਸਿਹਤ ਅਤੇ ਵਿਗਿਆਨ ਨੂੰ ਅੱਗੇ ਵੱਧਾਉਂਦੇ ਹਨ ਅਤੇ ਇੱਕ ਹੋਰ ਜਾਣਕਾਰ, ਲਚੀਲੇ ਅਤੇ ਤਰੱਕੀਸ਼ੀਲ ਸਮਾਜ ਦੀ ਰਚਨਾ ਵਿੱਚ ਯੋਗਦਾਨ ਪਾਉਂਦੇ ਹਨ।




ਸੁਰਿੰਦਰਪਾਲ ਸਿੰਘ
ਸ੍ਰੀ ਅੰਮ੍ਰਿਤਸਰ ਸਾਹਿਬ






# CAPITAL SERVICES

INSURANCE | VEHICLE REG. | IMMIGRATION | NOTARY PUBLIC | LIVE SCAN

ਸੈਕਰਾਮੈਂਟੋ, ਕੈਲੀਫੋਰਨੀਆ

AUTO · HOME · TRUCK · BUSINESS · LIFE · MEDICAL

## ਪਾਸਪੋਰਟ / ਵੀਜ਼ਾ

* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents

The Attorney has 25 years of experience in your favor for all legal services.

## Vehicle Registration

(Approved by CA DMV)

* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification

Lic.43779

## Other Services

* Live Scan / Fingerprints
* Covered California.
* Drug Testing * Alcohol Test
* Notary Services
* International Driver Lic.

Lic. 6000947



Office Ph.(916) 427-4321

6624 FLORIN ROAD, SACRAMENTO CA, 95828

FAX: 916)258-0441, Cell: (916)308-7997

Email: sacramento99@yahoo.com Website: www.capitalservices.us




Capital DRUG TESTING

# CAPITAL DRUG TESTING

Drug and Alcohol Test

## DOT / NON DOT

PRE EMPLOYMENT - RANDOM
POST ACCIDENT - REASONABLE SUSPICION

Services: DOT Random Prog., FMCSA Clearinghouse, DOT Supervisor Training, SAP Classes Etc.

Lab. Ph:(916) 680-9293

6624 Florin Road
Sacramento CA, 95828

Email: capitaldrugtest@gmail.com
Website: www.capitaldrugtest.com



# TAKE CONTROL OF YOUR HEALTH!

## PRIVATE, AFFORDABLE, & CONVENIENT

# 8000+ TESTS

General Health, Food Allergy Testing, Paternity Testing, Hormone Testing, Diabetes Monitoring, STD Testing, & More!

## NO INSURANCE? NO PROBLEM!

WALK-INS WELCOME

ANYLABTEST NOW!



ਵਧੇਰੇ ਜਾਣਕਾਰੀ ਲਈ ਕਾਲ ਕਰੋ : (209) 629-8282 | (209) 505-6384

Address: 119. Maple AVe, Suite A Manteca, CA 95336


RED CHILLI INDIAN
FOOD TRUCK
ਹਰ ਤਰ੍ਹਾਂ ਦੇ ਇੰਡੀਅਨ STARTERS ਤੇ MAIN COURSE
VEG | NON -VEG
ਸਵਾਦਿਸ਼ਟ ਖਾਣਾ, ਵਾਜਬ ਰੇਟਾਂ 'ਤੇ
BOOK US FOR
WEDDINGS
BIRTHDAY PARTIES
CORPORATE EVENTS
BACKYARD PARTIES
RED CHILLI INDIAN
FOOD TRUCK
ਸਾਡਾ ਟਰੱਕ
99 highway ਤੋਂ
Lander Avenue ਤੇ
ਨਿਕਲ ਕੇ ਲੱਗਦੇ ਸਾਰ ਹੀ
ਖੱਬੇ ਹੱਥ ਹੈ
RED CHILLI INDIAN FOOD TRUCK
ਅਸੀ ਟਿਫਨ ਸਰਵਿਸ ਵੀ ਦਿੰਦੇ ਹਾਂ
DELIVERY Available
Call TO Order : (209) 216-8169
A Kaur 2340 Lander Ave Turlock, CA 95280

ਹਰੇ ਟਰੱਕਾਂ ਵਾਲਿਆਂ ਦੇ ਨਾਂਅ ਨਾਲ ਜਾਣੇ ਜਾਂਦੇ

# SMARTWAY EXPRESS INC.



Trucking ਵਿੱਚ ਲੰਬੇ ਸਮੇਂ ਦੇ ਤਜ਼ੁਰਬੇਕਾਰ

**Paul Sahota**

ਓਨਰ ਓਪਰੇਟਰਾਂ ਤੇ ਟੀਮ ਡਰਾਈਵਰਾਂ ਦੀ ਲੋੜ
ਤਜ਼ਰਬਾ ਘੱਟੋ-ਘੱਟ 1 ਸਾਲ
ਇੱਥੇ ਟੀਮ ਡਰਾਈਵਰਾਂ ਨੂੰ 60 ਸੇਂਟ ਅਤੇ ਸੋਲੋ ਡਰਾਇਵਰਾਂ ਨੂੰ 52 ਸੇਂਟ ਪ੍ਰਤੀ ਮੀਲ ਦਿੱਤੇ ਜਾਂਦੇ ਹਨ ਤੇ ਸਾਲ ਦੇ ਆਖੀਰ 'ਚ W-2 ਦਿੱਤਾ ਜਾਂਦਾ ਹੈ

ਜੇਕਰ ਤੁਸੀਂ ਚਾਹੁੰਦੇ ਹੋ ਟਰੱਕ ਖਰੀਦਣਾ ਜਾਂ ਸਾਡੇ ਨਾਲ ਕੰਮ ਕਰਨਾ ਤਾਂ ਅਸੀਂ ਤੁਹਾਡੀ ਪੂਰੀ ਮਦਦ ਕਰਾਂਗੇ

ਕਿਸੇ ਵੀ ਤਰ੍ਹਾਂ ਦੀ ਜਾਣਕਾਰੀ ਜਾਂ ਕੰਮ ਲਈ ਸਾਨੂੰ ਫੋਨ ਕਰੋ
ਫੋਨ : (559) 653-8130, 774-243-4154

SmartWay Express 3545 Date Avenue Fresno, CA 93725
ਈ-ਮੇਲ: newtrucks@smartwayexp.com

ਵਕਤ ਬਦਲ ਚੁੱਕਾ ਹੈ, ਵਕਤ ਦੇ ਨਾਲ ਬਦਲ ਚੁੱਕੇ ਨੇ Entertainment ਦੇ ਸਾਧਨ ਵੀ




e-Baba Entertainment App ਨੂੰ Download ਕਰੋ।

ਹੁਣ ਕਿਸੇ ਵੀ Company ਦੇ ਬਣੇ Android TV 'ਚ eBaba App ਡਾਊਨਲੋਡ ਕਰੋ ਜਾਂ ਸਮਾਰਟ TV ਦੀ HDMI Port 'ਚ Google TV Dongle ਲਾਵੋ ਤੇ eBaba ਡਾਊਨਲੋਡ ਕਰਕੇ ਰਿਮੋਟ ਦੀ ਵਰਤੋਂ ਰਾਹੀਂ, ਵੱਡੀ TV Screen ਉਤੇ ਬਹੁਤ ਸਾਰੇ English, Punjabi, Hindi ਅਤੇ Urdu ਦੇ TV Channel ਫ੍ਰੀ 'ਚ ਵੇਖੋ ਅਤੇ ਰੇਡੀਓ 'ਚ ਸੁਣੋ, also eBaba Entertainment App available for your ਸਮਾਰਟ phone on app store and Play store.




Cast Dongle ਦੀ ਮਦਦ ਨਾਲ ਆਪਣੀ ਪਸੰਦੀਦਾ TV Channel ਜਾਂ Movies ਆਪਣੇ TV 'ਤੇ ਵੀ ਦੇਖ ਸਕਦੇ ਹੋ ਅਤੇ Drive ਕਰਦੇ ਵੇਲੇ Bluetooth ਨਾਲ ਰੇਡਿਓ ਵੀ ਸੁਣ ਸਕਦੇ ਹੋ।




ਇਸ ਲਈ ਜਲਦੀ ਤੋਂ ਜਲਦੀ ਇਹ App Download ਕਰੋ ਅਤੇ ਆਪਣੇ ਦੋਸਤਾਂ ਨਾਲ ਵੀ ਇਹ ਜਾਣਕਾਰੀ Share ਕਰੋ।

# ਸਿਹਤ ਸੰਵਾਰਨ ਵਿੱਚ ਨੀਂਦ ਦਾ ਵੱਡਾ ਯੋਗਦਾਨ



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੋਟ

ਨੀਂਦ ਸਾਡੀ ਸਰੀਰਕ-ਮਾਨਸਿਕ ਸਿਹਤ ਵਿੱਚ ਮਹੱਤਵਪੂਰਨ ਯੋਗਦਾਨ ਪਾਉਂਦੀ ਹੈ। ਸੌਣ ਦੌਰਾਨ ਸਰੀਰ ਅਕਿਰਿਆਸ਼ੀਲ ਹੁੰਦਾ ਹੈ, ਪਰ ਦਿਮਾਗ ਆਪਣੀ ਸਰਗਰਮ ਯਾਤਰਾ 'ਤੇ ਨਿਕਲਦਾ ਹੈ। ਯਾਦਾਂ ਫਿਰ ਲਿਖੀਆਂ ਜਾਂਦੀਆਂ ਹਨ, ਭਾਵਨਾਵਾਂ ਸਾਫ਼ ਹੁੰਦੀਆਂ ਹਨ, ਸਰੀਰ ਆਪਣੀ ਮੁਰੰਮਤ ਕਰਦਾ ਹੈ। ਯਾਨੀ ਕਿ ਗ੍ਰੋਥ ਹਾਰਮੋਨ ਰਿਲੀਜ਼ ਹੁੰਦਾ ਹੈ, ਜਿਸ ਨਾਲ ਮਾਸਪੇਸ਼ੀਆਂ, ਹੱਡੀਆਂ ਅਤੇ ਸੈੱਲਾਂ ਦੀ ਮੁਰੰਮਤ ਹੁੰਦੀ ਹੈ। ਇਮਿਊਨ ਸਿਸਟਮ ਮਜ਼ਬੂਤ ਹੁੰਦਾ ਹੈ। ਡੀਐਨਏ ਰਿਪੇਅਰ ਐਨਜ਼ਾਈਮ ਸਰਗਰਮ ਹੁੰਦੇ ਹਨ।

ਸੌਣ ਦਾ ਸਮਾਂ ਵੀ ਜ਼ਿੰਦਗੀ ਦਾ ਇੱਕ ਵੱਡਾ ਅਤੇ ਮਹੱਤਵਪੂਰਨ ਸਮਾਂ ਹੁੰਦਾ ਹੈ। ਜ਼ਿੰਦਗੀ ਦੇ ਇਸ ਵਿਸਤ੍ਰਿਤ ਸਮੇਂ ਬਾਰੇ ਸੋਚ ਕੇ ਹੀ ਰੋਮਾਂਚ ਹੁੰਦਾ ਹੈ। ਦਰਅਸਲ, ਸੌਣ ਦਾ ਸਮਾਂ ਸਿਰਫ਼ ਆਰਾਮ ਕਰਨ ਦਾ ਹੀ ਨਹੀਂ ਹੈ ਸਗੋਂ ਪੁਨਰ ਨਿਰਮਾਣ ਦਾ ਵੀ ਸਮਾਂ ਹੁੰਦਾ ਹੈ। ਜੇਕਰ ਕੋਈ ਇਹ ਕਹਿੰਦਾ ਹੈ ਕਿ ਅਸੀਂ ਆਪਣੀ ਜ਼ਿੰਦਗੀ ਦਾ ਇੱਕ ਤਿਹਾਈ ਹਿੱਸਾ ਬਿਨਾਂ ਜਾਣੇ-ਪਛਾਣੇ, ਅੱਖਾਂ ਬੰਦ ਕਰਕੇ ਬਿਤਾਉਂਦੇ ਹਾਂ ਤਾਂ ਇਹ ਹੈਰਾਨ ਕਰਨ ਵਾਲਾ ਹੋਵੇਗਾ। ਪਰ ਅਸਲੀਅਤ ਵਿੱਚ ਅਜਿਹਾ ਹੀ ਹੁੰਦਾ ਹੈ ਅਤੇ ਅਸੀਂ ਥੋੜ੍ਹਾ ਜਿਹਾ ਵੀ ਨਹੀਂ ਸੋਚਦੇ।

ਜੇਕਰ ਕੋਈ ਇਨਸਾਨ ਔਸਤਨ 75 ਸਾਲ ਜੀਉਂਦਾ ਹੈ, ਤਾਂ ਉਹ ਲਗਭਗ 25 ਸਾਲ ਸਿਰਫ਼ ਸੌਣ ਵਿੱਚ ਬਿਤਾਉਂਦਾ ਹੈ। ਪਰ ਸਵਾਲ ਇਹ ਹੈ ਕਿ ਕੀ ਉਹ ਸੱਚਮੁੱਚ ਕੁਝ ਨਹੀਂ ਕਰ ਰਿਹਾ ਹੁੰਦਾ? ਅਸਲ ਵਿੱਚ, ਨੀਂਦ ਦੌਰਾਨ ਸਰੀਰ ਅਕਿਰਿਆਸ਼ੀਲ ਹੁੰਦਾ ਹੈ, ਪਰ ਦਿਮਾਗ ਆਪਣੀ ਸਭ ਤੋਂ ਸਰਗਰਮ ਯਾਤਰਾ 'ਤੇ ਨਿਕਲ ਜਾਂਦਾ ਹੈ। ਸਾਡੀਆਂ ਯਾਦਾਂ ਦੁਬਾਰਾ ਲਿਖੀਆਂ ਜਾਂਦੀਆਂ ਹਨ, ਭਾਵਨਾਵਾਂ ਸਾਫ਼ ਹੁੰਦੀਆਂ ਹਨ, ਸਰੀਰ ਆਪਣੇ ਆਪ ਨੂੰ ਠੀਕ ਕਰਦਾ ਹੈ। ਇਸ ਦੌਰਾਨ ਇਹ ਸਭ ਕੁਝ ਹੁੰਦਾ ਹੈ।

## ਸੌਂਦੇ ਸਮੇਂ ਦਿਮਾਗ ਦੀ ਗਤੀਸ਼ੀਲਤਾ

ਵਿਗਿਆਨ ਦੇ ਅਨੁਸਾਰ, ਸੌਣ ਵੇਲੇ ਸਾਡਾ ਦਿਮਾਗ ਕਿਸੇ ਵੀ ਜਾਗਰੂਕ ਅਵਸਥਾ ਤੋਂ ਜ਼ਿਆਦਾ ਸਰਗਰਮ ਹੁੰਦਾ ਹੈ। ਐਮਆਰਆਈ ਸਕੈਨ ਦਿਖਾਉਂਦੇ ਹਨ ਕਿ ਨੀਂਦ ਦੌਰਾਨ ਦਿਮਾਗ ਬਿਜਲੀ ਦੀ ਚਮਕ ਵਾਂਗ ਬਲਦਾ ਹੈ। ਅਸਲ ਵਿੱਚ ਅਸੀਂ ਸੌਂਦੇ ਹਾਂ, ਪਰ ਸਾਡਾ ਮਨ ਜਾਗਦਾ ਰਹਿੰਦਾ ਹੈ। ਨਾਲ ਹੀ ਇਸ ਸਮੇਂ ਦੌਰਾਨ ਸਾਡਾ ਦਿਮਾਗ ਦਿਨ ਭਰ ਦੇ ਅਨੁਭਵਾਂ ਨੂੰ ਛਾਂਟਦਾ ਹੈ ਅਤੇ ਇਹ ਫੈਸਲਾ ਕਰਦਾ ਹੈ ਕਿ ਕੀ ਯਾਦ ਰੱਖਣਾ ਹੈ, ਕੀ ਮਿਟਾਉਣਾ ਹੈ।

ਇਸ ਤੈਅ ਕੀਤੇ ਹੋਏ ਦੇ ਅਨੁਸਾਰ ਨਵੀਂ ਜਾਣਕਾਰੀ ਪੁਰਾਣੀਆਂ ਯਾਦਾਂ ਨਾਲ ਜੁੜਦੀ ਹੈ, ਬਿਲਕੁਲ ਉਸੇ ਤਰ੍ਹਾਂ ਜਿਵੇਂ ਕਿਸੇ ਲਾਇਬ੍ਰੇਰੀ ਵਿੱਚ ਨਵੀਂ ਕਿਤਾਬ ਨੂੰ ਉਸਦੇ ਸੰਦਰਭ ਦੇ ਅਨੁਸਾਰ ਸਹੀ ਜਗ੍ਹਾ 'ਤੇ ਰੱਖਿਆ ਜਾਂਦਾ ਹੈ। ਜੋ ਭਾਵਨਾਵਾਂ ਜਾਗਦੇ ਸਮੇਂ ਭਾਰੀ ਲੱਗਦੀਆਂ ਹਨ, ਨੀਂਦ ਵਿੱਚ ਡਿਸਟਿਲ ਹੋ ਕੇ ਹਲਕੀ ਹੋ ਜਾਂਦੀ ਹੈ। ਇਸ ਲਈ ਰੋਣ ਤੋਂ ਬਾਅਦ ਨੀਂਦ ਆਉਣ 'ਤੇ ਮਨ ਹਲਕਾ ਲੱਗਦਾ ਹੈ। ਇਸਦਾ ਮਤਲਬ ਹੈ ਕਿ ਨੀਂਦ ਸਿਰਫ਼ ਆਰਾਮ ਨਹੀਂ, ਦਿਮਾਗ ਦੀ ਸਫਾਈ ਅਤੇ ਪੁਨਰਗਠਨ ਦੀ ਪ੍ਰਯੋਗਸ਼ਾਲਾ ਹੈ।

## ਸੁਪਨਿਆਂ ਦੀ ਗੁਪਤ ਪ੍ਰਯੋਗਸ਼ਾਲਾ

ਨੀਂਦ ਦਾ ਸਭ ਤੋਂ ਜਾਦੂਈ ਪਹਿਲੂ ਹੈ ਸੁਪਨਿਆਂ ਦੀ ਦੁਨੀਆਂ। ਕੀ ਤੁਸੀਂ ਕਦੇ ਸੋਚਿਆ ਹੈ ਕਿ ਸੁਪਨੇ ਸਾਨੂੰ ਕਿਉਂ ਆਉਂਦੇ ਹਨ? ਵਿਗਿਆਨੀ ਦੱਸਦੇ ਹਨ ਕਿ ਸੁਪਨੇ ਸਾਡੇ ਭਾਵਨਾਤਮਕ ਸੰਤੁਲਨ ਦੇ ਰੱਖਿਅਕ ਹਨ। ਇਹ ਸਾਨੂੰ ਅਣਗੌਲਿਆ ਡਰ, ਅਧੂਰੀਆਂ ਇੱਛਾਵਾਂ ਅਤੇ ਅਣਕਹੇ ਅਨੁਭਵਾਂ ਨੂੰ ਪ੍ਰਕਿਰਿਆ ਕਰਨ ਦਿੰਦੇ ਹਨ।

## ਸਰੀਰ ਦੀ ਮੁਰੰਮਤ ਦਾ ਫੈਕਟਰੀ

ਜਦੋਂ ਅਸੀਂ ਡੂੰਘੀ ਨੀਂਦ ਵਿੱਚ ਜਾਂਦੇ ਹਾਂ, ਤਾਂ ਸਰੀਰ ਇੱਕ ਸ਼ਾਂਤ ਪਰ ਵਿਆਪਕ ਪੁਨਰ ਨਿਰਮਾਣ ਪ੍ਰਕਿਰਿਆ ਵਿੱਚੋਂ ਲੰਘਦਾ ਹੈ। ਇਸੇ ਸਮੇਂ ਦੌਰਾਨ ਗ੍ਰੋਥ ਹਾਰਮੋਨ ਜਾਰੀ ਹੁੰਦਾ ਹੈ, ਜਿਸ ਨਾਲ ਮਾਸਪੇਸ਼ੀਆਂ, ਹੱਡੀਆਂ ਅਤੇ ਸੈੱਲ ਆਪਣੇ ਆਪ ਨੂੰ ਠੀਕ ਕਰਦੇ ਹਨ। ਇਸੇ ਨਾਲ ਇਮਿਊਨ ਸਿਸਟਮ (ਪ੍ਰਤੀਰੋਧਕ ਪ੍ਰਣਾਲੀ) ਮਜ਼ਬੂਤ ਹੁੰਦਾ ਹੈ। ਇਸ ਲਈ ਨੀਂਦ ਦੀ ਘਾਟ ਨਾਲ ਲੋਕ ਤੁਰੰਤ ਬਿਮਾਰ ਹੋ ਜਾਂਦੇ ਹਨ। ਨੀਂਦ ਦੌਰਾਨ ਹੀ ਸਰੀਰ ਵਿੱਚ ਡੀਐਨਏ ਰਿਪੇਅਰ ਐਨਜ਼ਾਈਮ ਸਰਗਰਮ ਹੁੰਦੇ ਹਨ, ਜਿਸ ਨਾਲ ਸਰੀਰ ਦੀ ਹਰ ਸੈੱਲ ਟੁੱਟੇ ਹੋਏ ਅਣੂਆਂ ਨੂੰ ਠੀਕ ਕਰਦੀ ਹੈ। ਇਸ ਤਰ੍ਹਾਂ ਹਰ ਰਾਤ ਸਾਡਾ ਸਰੀਰ ਚੁੱਪਚਾਪ ਆਪਣੇ ਆਪ ਨੂੰ ਨਵਿਆਉਂਦਾ ਹੈ ਜਿਵੇਂ ਕੋਈ ਸ਼ਹਿਰ ਰਾਤ ਨੂੰ ਸੜਕਾਂ, ਪੁਲਾਂ ਅਤੇ ਬਿਜਲੀ ਦੀਆਂ ਲਾਈਨਾਂ ਠੀਕ ਕਰਦਾ ਹੈ ਤਾਂ ਜੋ ਉਹ ਸਵੇਰੇ ਦੁਬਾਰਾ ਚਮਕ ਸਕੇ।

## ਸਿਹਤਮੰਦ ਜੀਵਨ ਦੀ ਗਰੰਟੀ

ਆਖ਼ਿਰਕਾਰ, ਮਨੁੱਖ ਨੀਂਦ ਤੋਂ ਬਿਨਾਂ ਕਿੰਨੇ ਦਿਨ ਰਹਿ ਸਕਦਾ ਹੈ? ਅਮਰੀਕਾ ਦੇ ਸੈਨ ਡਿਏਗੋ ਸ਼ਹਿਰ ਦਾ ਇੱਕ ਨੌਜਵਾਨ, ਰੈਂਡੀ ਗਾਰਡਨਰ ਨੇ ਦਸੰਬਰ 1963 ਤੋਂ ਜਨਵਰੀ 1974 ਤੱਕ 264 ਘੰਟੇ (ਲਗਭਗ 11 ਦਿਨ 24 ਮਿੰਟ) ਲਗਾਤਾਰ ਜਾਗਣ ਦੀ ਕੋਸ਼ਿਸ਼ ਕੀਤੀ ਸੀ, ਜਿਸਦੇ ਨਤੀਜੇ ਵਜੋਂ ਉਹ ਉਲਝਣ ਵਿੱਚ ਪੈ ਗਿਆ, ਉਸਨੂੰ ਲੋਕ ਅਤੇ ਚੀਜ਼ਾਂ ਝੂਠੀਆਂ ਲੱਗ ਪਈਆਂ ਅਤੇ ਉਸਦੀ ਯਾਦਦਾਸ਼ਤ ਖਤਮ ਹੋ ਗਈ।

ਵਿਗਿਆਨੀਆਂ ਨੇ ਇਸ ਤੋਂ ਇਹ ਸਿੱਟਾ ਕੱਢਿਆ ਹੈ ਕਿ ਜੇਕਰ ਕੋਈ 72 ਘੰਟਿਆਂ ਤੱਕ ਲਗਾਤਾਰ ਨੀਂਦ ਨਹੀਂ ਲੈਂਦਾ, ਤਾਂ ਉਸਦੀ ਸੋਚ, ਭਾਵਨਾਵਾਂ ਅਤੇ ਨਿਰਣਾ ਸ਼ਕਤੀ ਇੱਕ ਸ਼ਰਾਬੀ ਵਿਅਕਤੀ ਵਰਗੀ ਹੋ ਜਾਂਦੀ ਹੈ। ਜੇਕਰ ਕੋਈ 10 ਦਿਨਾਂ ਤੱਕ ਨੀਂਦ ਨਹੀਂ ਲੈਂਦਾ, ਤਾਂ ਦਿਮਾਗ ਨੂੰ ਸਥਾਈ ਨੁਕਸਾਨ ਹੋ ਸਕਦਾ ਹੈ। ਇਸਦਾ ਮਤਲਬ ਹੈ ਕਿ ਨੀਂਦ ਸਿਰਫ਼ ਇੱਛਾ ਹੀ ਨਹੀਂ, ਸਗੋਂ ਜੀਣ ਦੀ ਸ਼ਰਤ ਹੈ।




ਰੋਜਮਾਰਰਾ ਦੀ ਜ਼ਰੂਰਤ ਦਾ ਹਰ ਸਾਮਾਨ ਮਿਲੇਗਾ ਇਕ ਹੀ ਜਗਾਹ ਤੇ
Indian & Fijian
Grocery Store
HOURS
10a.m - 8p.m
(209) 486-8233
ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ, ਦਾਲਾਂ, ਨਮਕੀਨ, ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੋਸਰੀ
NOW OPEN
ਤਿਓਹਾਰਾਂ ਵਿੱਚ ਆਪਣੇ ਘਰ ਨੂੰ ਬਿਹਤਰੀਨ ਬਨਾਉਣ ਲਈ ਖਰੀਦ ਸਕਦੇ ਹੋ ਹਰ ਤਰ੍ਹਾਂ ਦੇ ਸਜਾਵਟ ਦਾ ਸਮਾਨ |
Ria
Money Transfer
INDIA ਪੈਸੇ ਭੇਜਣ ਲਈ RIA MONEY TRANSFER ਦੀਆਂ ਸੇਵਾਵਾਂ ਤੁਸੀਂ ਸਾਡੇ ਸਟੋਰ ਤੋਂ ਲੈ ਸਕਦੇ ਹੋ
Address : 2015 Yosemite Blvd. Modesto CA
Website : www.indianfijianstore.wixsite.com/my-site-1
@indianfijiangrocery
ਸਾਡੇ ਦੂਜੇ ਸਟੋਰ ਦਾ ਪਤਾ
NAV INDIAN MERCHANDISE GROCERY STORE
3230 MITCHELL ROAD, STE, C, CERES, CA 95307

GHUMAN LAW GROUP INC.

# Ghuman Law Group

ਤੁਹਾਡੇ ਲਈ ਲੈ ਕੇ ਆਏ ਨੇ

AMERICA ਵਿੱਚ

BUSINESS ਕਰਨ ਦਾ ਸੁਨਿਹਰੀ ਮੌਕਾ !

ਜੇਕਰ ਤੁਸੀਂ Canada, England, Australia, New Zealand, Europe ਜਾਂ ਕਿਸੇ ਹੋਰ ਦੇਸ਼ ਦੇ ਨਾਗਰਿਕ ਹੋ

ਆਓ E-2 Investor Visa ਰਾਹੀਂ

ਸਿਰਫ $25,000 ਦੀ ਘੱਟੋ-ਘੱਟ Investment

ਜੇ ਹੋਰ ਵੱਧ invest ਕਰਨਾ ਚਾਹੋ, ਉਹ ਵੀ ਸੰਭਵ






GHUMAN LAW GROUP

ਤੁਹਾਡੀ ਕੰਪਨੀ ਸੈੱਟ ਕਰਵਾਉਣ 'ਚ ਪੂਰੀ ਮਦਦ ਕਰੇਗਾ



ਇਮੀਗਰੇਸ਼ਨ ਸਬੰਧੀ ਸਾਰਾ Paperwork ਅਸੀਂ ਕਰਾਂਗੇ

ਪਰਿਵਾਰ ਸਮੇਤ 🇺🇸 ਆਉਣ ਦਾ ਵਧੀਆ ਮੌਕਾ



- 2 ਸਾਲ ਦਾ Work Permit
- Spouse ਨੂੰ ਮਿਲੇਗਾ Open Work Permit
- ਬੱਚਿਆਂ ਲਈ ਸਕੂਲ ਜਾਣ ਦੀ ਇਜਾਜ਼ਤ
- ਹਰ 2 ਸਾਲ ਬਾਅਦ Work Permit Renew ਕਰਵਾ ਸਕਦੇ ਹੋ

ਜਿੰਨਾ ਚਾਹੋ, ਅਮਰੀਕਾ ਵਿੱਚ ਰਹਿ ਕੇ ਆਪਣਾ ਬਿਜ਼ਨਸ ਚਲਾ ਸਕਦੇ ਹੋ

MON - FRI, 9:00 AM - 3:00 PM

+1 (223) 300-0001 | www.ghumanlawgroup.org

2450 VENTURE OAKS WAY, STE 225 SACRAMENTO, CA


Imperial Spice
Resturant Bar & Banquet Hall
Vibrant flavors of
North and South Indian cuisine.
IMPERIAL SPICE
OPEN
10am to 10pm
ਸੋਮਵਾਰ ਤੋਂ ਬੁੱਧਵਾਰ 10am to 3pm
Lunch Buffett
ਸਿਰਫ ਤੇ ਸਿਰਫ
$14.99
SPECIAL
Fish Pakora
$4.99
ਜੇਕਰ ਤੁਸੀਂ $100 ਤੋ ਵੱਧ ਖਰਚਦੇ ਹੋ ਤਾਂ 1 ਪਲੇਟ ਪਾਣੀਪੁਰੀ FREE
OPEN
7 DAYS
A WEEK
ਮੰਗਲਵਾਰ ਨੂੰ ਖਾਸ ਸਪੈਸ਼ਲ Buffet $12.99
ਰਾਤੀ Dinner ਸਮੇਂ 5 ਜਾਂ 5 ਤੋਂ ਵੱਧ ਬੰਦਿਆਂ ਦੇ ਖਾਣਾ ਖਾਣ 'ਤੇ ਹੋਵੇਗਾ 10% discount
ਸਿਰਫ ਮੰਗਲਵਾਰ ਨੂੰ hard liquor ਦੀਆਂ ਕੁਝ items ਦੇ shot ਦੀ ਕੀਮਤ ਹੋਵੇਗੀ ਸਿਰਫ $8
PACKAGE DEALS AVAILABLE
Spacious Banquet Hall
Professional Decoration
DJ & Special Security Available
5000 ਬੰਦਿਆਂ ਤੱਕ ਦੀ Catering ਦਾ ਪ੍ਰਬੰਧ
ਅਸੀਂ ਦੇਸੀ ਘਿਉ ਦੀਆਂ ਹਰ ਤਰ੍ਹਾਂ ਦੀਆਂ ਮਿਠਾਈਆਂ ਵੀ ਬਣਾਉਂਦੇ ਹਾਂ ਅਤੇ ਵਿਆਹ ਸ਼ਾਦੀਆਂ ਵਾਸਤੇ ਵੱਡੇ ਆਡਰ ਵੀ ਮਿਠਾਈਆਂ ਦੇ ਲੈਂਦੇ ਹਾਂ ।
Sonu (209) 595-8596 Goutam (209) 494-9404
430 W Grant Line Rd Tracy, CA 95376

# ਕਿਉਂ ਨਾ ਮਨੁੱਖੀ ਜਾਨਾਂ ਦੀਆਂ ਡੋਰਾਂ ਕੱਟਣ ਵਾਲੀ ਪਤੰਗ ਦੀ ਹੀ ਡੋਰ ਕੱਟ ਦਿੱਤੀ ਜਾਵੇ

ਹੁਣ ਠੰਡ ਖਤਮ ਹੋਣ ਤੇ ਪਤੰਗਾਂ ਉਡਾਣ ਦੀ ਰੁੱਤ ਆਉਣੀ ਹੈ, ਚਾਇਨਾ ਡੋਰ ਦਾ ਰੌਲਾ ਪੈਣਾ ਹੈ, ਫਿਰ ਚਾਇਨਾ ਡੋਰ ਦੇ ਜਖਮੀ ਕੀਤਿਆਂ, ਪਤੰਗ ਉਡਾਉਣ ਸਮੇਂ ਕੋਠਿਆਂ ਤੋਂ ਡਿੱਗਦਿਆਂ, ਹਾਈ ਬੋਲਟ ਬਿਜਲੀ ਦੀਆਂ ਤਾਰਾਂ ਨਾਲ ਪਤੰਗਾਂ ਦੀਆਂ ਡੋਰਾਂ ਲੱਗਣ ਨਾਲ ਵਾਪਰੇ ਹਾਦਸਿਆਂ ਦੀਆਂ ਕਹਾਣੀਆਂ ਅਖਬਾਰਾਂ ਲਈ ਖਬਰਾਂ ਸ਼ੋਸਲ ਮੀਡੀਏ ਲਈ ਪੋਸਟਾਂ ਬਣ ਕੇ ਕਮਾਈ ਦਾ ਸਾਧਨ ਬਣਨਗੀਆਂ, ਬਦਨਸੀਬ ਲੋਕ ਹਾਦਸਿਆਂ ਦਾ ਸ਼ਿਕਾਰ ਹੋਣਗੇ, ਬਾਕੀ ਦੇ ਕੁੱਝ ਲੋਕ ਪਤੰਗਾਂ ਤੋਂ, ਕੁੱਝ ਲੋਕ ਚਾਇਨਾ ਡੋਰ ਤੋਂ ਅਤੇ ਕੁੱਝ ਲੋਕ ਹਾਦਸਿਆਂ ਦੀਆਂ ਖਬਰਾਂ/ਪੋਸਟਾਂ ਤੋਂ ਕਮਾਈ ਕਰਨਗੇ, ਸਰਕਾਰਾਂ ਦੋਸ਼ੀਆਂ ਉਤੇ ਸਖਤ ਕਾਰਵਾਈ ਕਰਨ ਦੇ ਬਿਆਨ ਦੇ ਕੇ ਹੀ ਇਹ ਸਿੱਧ ਕਰਨਗੀਆਂ ਕਿ ਸਾਨੂੰ ਆਮ ਲੋਕਾਂ ਦੀ ਜਾਨ ਦੀ ਬਹੁਤ ਪ੍ਰਵਾਹ ਹੈ, ਸਾਨੂੰ ਹਾਦਸਿਆਂ ਤੋਂ ਬਚਾਉਣ ਵਾਲੀ ਦੇਸ਼ ਦੀ ਪੁਲਿਸ ਕੁੱਝ ਕੁ ਦੁਕਾਨਦਾਰਾਂ ਤੇ ਪਰਚੇ ਦਰਜ ਕਰਕੇ ਬਾਕੀਆਂ ਤੋਂ ਮੋਟੀ ਕਮਾਈ ਕਰਦਿਆਂ ਲੋਕਾਂ ਨੂੰ ਚਾਇਨਾ ਡੋਰ ਨਾ ਵਰਤਣ ਦੇ ਉਪਦੇਸ਼ ਦਿੰਦੀ ਸਾਡੀ ਸੁਰੱਖਿਆ ਲਈ ਹਾਜਰ ਆਪਣੇ ਫਰਜ਼ ਨਿਭਾਉਂਦੀ ਨਜ਼ਰ ਆਵੇਗੀ, ਪਰ ਪਰਨਾਲਾ ਉੱਥੇ ਦਾ ਉੱਥੇ ਹੀ ਰਹੇਗਾ, ਹਰ ਸਾਲ ਪਤੰਗ ਉਡਣਗੇ, ਚਾਇਨਾ ਡੋਰ ਵਿਕੇਗੀ, ਰਾਹਗੀਰਾਂ ਦੇ ਗਲੇ ਕੱਟੇਗੀ, ਪੰਛੀਆਂ ਦੇ ਪੰਖਾਂ ਵਿੱਚ ਲਿਪਟੇਗੀ, ਬੱਚੇ ਕੋਠਿਆਂ ਤੋਂ ਡਿੱਗਕੇ ਅਤੇ ਡੋਰਾਂ ਹਾਈ ਬੋਲਟ ਬਿਜਲੀ ਦੀਆਂ ਤਾਰਾਂ ਨਾਲ ਲੱਗਣ ਕਾਰਨ ਮਰਨਗੇ, ਪਰ ਸਾਨੂੰ ਕੀ ਅਸੀਂ ਤਾਂ ਹਰ ਸਾਲ ਆਪਣੀ ਖੁਸ਼ੀ ਮਨਾਉਣੀ ਹੀ ਹੈ ਇਹ ਤਾਂ ਖੁਸ਼ੀਆਂ ਦਾ ਪ੍ਰਤੀਕ ਤਿਉਹਾਰ ਹੈ ਭਾਵੇਂ ਇਸ ਨਾਲ ਕਿਸੇ ਦੇ ਘਰ ਸੱਥਰ ਵੀ ਵਿਛ ਜਾਣ।

ਪਤੰਗਾਂ ਉਡਾਉਣ ਅਤੇ ਪਤੰਗਾਂ ਕੱਟਣ (ਲੁੱਟਣ) ਵਾਲਿਆਂ ਨੂੰ ਇਸ ਮਾੜੀ ਖੇਡ ਵਿੱਚੋਂ ਕੀ ਮਿਲਦਾ ਹੈ ਇਹ ਤਾਂ ਓਹੀ ਦੱਸ ਸਕਦੇ ਹਨ ਪਰ ਇਹਨਾ ਪਤੰਗਾਂ ਨੇ ਕਿੰਨਿਆਂ ਰਾਹਗੀਰਾਂ, ਬੱਚਿਆਂ ਅਤੇ ਪੰਛੀਆਂ ਦੀ ਜਿੰਦਗੀ ਦੀਆਂ ਡੋਰਾਂ ਕੱਟ ਦਿੱਤੀਆਂ ਹਨ ਉਹ ਹਰ ਸਾਲ ਸੱਭ ਦੇ ਸਾਹਮਣੇ ਹੀ ਆਉਂਦੀਆਂ ਹਨ। ਕੀ ਆਮ ਰਾਹਗੀਰਾਂ, ਬੱਚਿਆਂ ਅਤੇ ਜਾਨਵਰਾਂ ਦੀ ਜਾਨ ਦਾ ਖੌਅ ਬਣੇ ਇਹਨਾ ਪਤੰਗਾਂ ਨੂੰ ਗੈਰ-ਕਾਨੂੰਨੀ ਘੋਸ਼ਿਤ ਕਰਕੇ ਇਹਨਾ ਉਤੇ ਪੂਰਨ ਤੌਰ ਤੇ ਪਾਬੰਦੀ ਨਹੀਂ ਲਗਾਈ ਜਾ ਸਕਦੀ ? ਇਹ ਪਤੰਗ ਨਾ ਉਡਾਉਣ ਕਾਰਨ ਸਾਡੇ ਦੇਸ਼ ਜਾਂ ਸਮਾਜ ਦੀ ਕਿਹੜੀ ਵਿਵਸਥਾ ਦਾ ਨੁਕਸਾਨ ਹੋ ਜਾਵੇਗਾ, ਜਿਸ ਕਾਰਨ ਮਨੁੱਖੀ ਜਾਨਾ ਗੁਆ ਕੇ ਵੀ ਪਤੰਗ ਉਡਦੇ ਰੱਖਣੇ ਲਾਜ਼ਮੀ ਹੋਣ ? ਕਰੋਨਾ ਕਾਲ ਸਮੇਂ ਸਾਰੇ ਦੇਸ਼ ਨੂੰ ਘਰਾਂ ਵਿੱਚ ਨਜ਼ਰਬੰਦ ਕਰਨ ਵਾਲੀਆਂ ਸਰਕਾਰਾਂ ਪਤੰਗਾਂ ਨੂੰ ਕਿਉਂ ਨਹੀਂ ਬੰਦ ਕਰ ਸਕਦੀਆਂ ? ਜੇ ਪਤੰਗ ਉਡਾਉਣ ਉੱਤੇ ਹੀ ਪਾਬੰਦੀ ਲਗਾ ਦਿੱਤੀ ਜਾਵੇ ਤਾਂ ਚਾਇਨਾ ਡੋਰ ਦੀ ਸਮੱਸਿਆ ਤਾਂ ਆਪਣੇ ਆਪ ਹੀ ਖਤਮ ਹੋ ਜਾਵੇਗੀ, ਚਾਇਨਾ ਡੋਰ ਦੇ ਨਾਮ ਤੇ ਹੁੰਦੀ ਕਾਲਾਬਜ਼ਾਰੀ ਵੀ ਖਤਮ, ਰਾਹਗੀਰ, ਬੱਚੇ ਅਤੇ ਅਸਮਾਨ ਵਿੱਚ ਉਡਣ ਵਾਲੇ ਪੰਛੀ ਵੀ ਸੁਰੱਖਿਅਤ ਹੋ ਜਾਣਗੇ, ਨਾਲੇ ਪਤੰਗ ਉਡਾਉਣ ਵਾਲੇ ਤਾਂ ਫੜਨੇ ਵੀ ਬਹੁਤ ਸੌਖੇ ਹਨ, ਕਿਉਂਕਿ ਪਤੰਗ ਨੇ ਤਾਂ ਅਸਮਾਨ ਵਿੱਚ ਹੀ ਉਡਣਾ ਹੈ, ਜੋ ਸੱਭ ਨੂੰ ਦਿਸੇਗਾ, ਅਸਮਾਨ ਵਿੱਚ ਉਡਦਾ ਪਤੰਗ ਪੁਲਿਸ ਨੂੰ ਆਪਣੇ ਉਡਾਉਣ ਵਾਲੇ ਨੂੰ ਮਿਲਾ ਦੇਵੇਗਾ, ਫਿਰ ਪਤੰਗ ਉਡਉਣ ਵਾਲਾ ਡੋਰ ਵੇਚਣ ਵਾਲੇ ਨੂੰ ਮਿਲਾ ਦੇਵੇਗਾ ਇਸ ਤਰਾਂ ਸਾਰੇ ਝੱਟ ਹੀ ਫੜੇ ਜਾਣਗੇ। ਨਾਲੇ ਸਾਡੇ ਲਈ ਮਨੁੱਖ ਦੀ ਜਾਨ ਤੋਂ ਵੱਧ ਕੀਮਤੀ ਤਾਂ ਕੁੱਝ ਵੀ ਨਹੀਂ ਹੈ, ਇਹਨਾ ਅਸਮਾਨ ਵਿੱਚ ਉਡਣ ਵਾਲੇ ਪਤੰਗਾਂ ਨੇ ਕਿੰਨੀਆਂ ਮਨੁੱਖੀ ਜਾਨਾਂ ਦੀਆਂ ਡੋਰਾਂ ਕੱਟ ਦਿੱਤੀਆਂ ਹਨ, ਕਿਉਂ ਨਾ ਸਰਕਾਰਾਂ ਇਹਨਾਂ ਪਤੰਗਾਂ ਦੀ ਹੀ ਡੋਰ ਕੱਟ ਦੇਣ, ਤਾਂ ਕਿ ਮਨੁੱਖਾਂ ਅਤੇ ਪੰਛੀਆਂ ਦੀਆਂ ਜਾਨਾਂ ਬਚਾਈਆਂ ਜਾ ਸਕਣ, ਜੋ ਪਰੰਪਰਾ ਮਨੁੱਖਤਾ ਲਈ ਹਾਨੀਕਾਰਕ ਸਿੱਧ ਹੋ ਜਾਵੇ ਤਾਂ ਮਨੁੱਖਤਾ ਦੇ ਭਲੇ ਲਈ ਉਸ ਪਰੰਪਰਾ ਨੂੰ ਬਿਨਾ ਦੇਰ ਕੀਤਿਆਂ ਬੰਦ ਕਰਨ ਵਿੱਚ ਹੀ ਭਲਾਈ ਹੈ।



ਹਰਲਾਜ ਸਿੰਘ ਬਹਾਦਰਪੁਰ
ਪਿੰਡ ਤੇ ਡਾਕ : ਬਹਾਦਰਪੁਰ
ਤਹਿ: ਬੁਢਲਾਡਾ, ਜ਼ਿਲ੍ਹਾ ਮਾਨਸਾ (ਪੰਜਾਬ)
94170-23911
harlajsingh7@gmail.com

# ਤੂੰ ਵੀਂ ਭੁੱਲ ਜਾ

ਉਲਫ਼ਤ ਵਾਲੀ ਗੱਲ ਪੁਰਾਣੀ ਮੈਂ ਵੀਂ ਭੁਲਦਾਂ ਤੂੰ ਵੀਂ ਭੁੱਲ ਜਾ।
ਭੁਲਦੀ ਨਈਂ ਉਹ ਇੱਕ ਕਹਾਣੀ ਮੈਂ ਵੀਂ ਭੁਲਦਾਂ ਤੂੰ ਵੀਂ ਭੁੱਲ ਜਾ।
ਤੜਕ ਸਵੇਰੇ ਦੇ ਗਲ ਲਗ ਕੇ ਪਿਘਲੀ ਸੀ ਇਕ ਸ਼ਬਨਮ,
ਪਿਘਲਨ ਦੇ ਵਿਚਕਾਰ ਨਿਸ਼ਾਨੀ ਮੈਂ ਵੀਂ ਭੁਲਦਾਂ ਤੂੰ ਵੀਂ ਭੁੱਲ ਜਾ।
ਸਾਲਾਂ ਤੀਕਰ ਤੇਰੇ ਮੇਰੇ ਸਾਹਾਂ ਵਿਚ ਸੂਰਜ ਚੜ੍ਹਦੇ ਰਏ,
ਦਿਨ ਮਤਵਾਲੇ ਰਾਤ ਸੁਹਾਣੀਂ ਮੈਂ ਵੀਂ ਭੁਲਦਾਂ ਤੂੰ ਵੀਂ ਭੁੱਲ ਜਾ।
ਬੀਤ ਗਈ ਸੋ ਬੀਤ ਗਈ ਛੱਡ ਪਰੇ ਹੁਣ ਕੀ ਲੈਣਾ ਏਂ,
ਚੜ੍ਹਦੀ ਉਮਰੇ ਠਾਠ ਜਵਾਨੀ ਮੈਂ ਵੀਂ ਭੁਲਦਾਂ ਤੂੰ ਵੀਂ ਭੁਲ ਜਾ।
ਮੈਂ ਜੋ ਤੈਨੂੰ ਚਾਵਾਂ ਸਧਰਾਂ ਰੀਝਾਂ ਦੇ ਨਾਲ ਸਭ ਦਿੱਤੇ ਸੀ,
ਕਾਂਟੇ ਝੁਮਕੇ ਝਾਂਜਰ ਗਾਨੀ ਮੈਂ ਵੀਂ ਭੁਲਦਾਂ ਤੂੰ ਵੀਂ ਭੁੱਲ ਜਾ।
ਜਿੱਥੇ ਬਹਿ ਕੇ ਸੋਚ ਵਿਚਾਰਾਂ ਕਰਦੇ ਰਹੇ ਹਾਂ ਖੱਟੀਆਂ ਮਿੱਠੀਆਂ,
ਸਰ-ਸਰ ਪਾਣੀ ਵਿਚ ਰਵਾਨੀ ਮੈਂ ਵੀਂ ਭੁਲਦਾਂ ਤੂੰ ਵੀਂ ਭੁੱਲ ਜਾ।
ਫੁੱਲਾਂ ਉਤੇ ਤਿਤਲੀ ਭੌਰੇ ਫੁੱਟ ਦੇ ਅੰਕੁਰ ਛੋਟੇ-ਛੋਟੇ,
ਗੁਲਸ਼ਨ ਦੇ ਵਿਚ ਰੁੱਤ ਦਿਵਾਨੀ ਮੈਂ ਵੀਂ ਭੁੱਲਦਾਂ ਤੂੰ ਵੀਂ ਭੁੱਲ ਜਾ।
ਇੱਕ ਜਵਾਲਾ ਫੁੱਟਣ ਦੀ ਪ੍ਰਕਿਰਿਆ ਪਿੱਛੇ ਕੀ-ਕੀ ਹੁੰਦਾ,
ਅੱਗ ਲਗਾਵੇ ਸ਼ੀਤਲ ਪਾਣੀ ਮੈਂ ਵੀਂ ਭੁਲਦਾਂ ਤੂੰ ਵੀਂ ਭੁੱਲ ਜਾ।
ਖ਼ੁਸ਼ਬੂਆਂ ਜੋ ਦਿਲ ਦੇ ਅੰਦਰ ਦਿੰਦੀਆਂ ਇੱਕ ਸਕੂਨ ਅਜੇ ਵੀ,
ਸਮਝੀਂ ਹਰ ਇਕ ਚੀਜ਼ ਬਿਗਾਨੀ ਮੈਂ ਵੀ ਭੁਲਦਾਂ ਤੂੰ ਵੀਂ ਭੁੱਲ ਜਾ।
ਬਾਰਿਸ਼ ਦੇ ਵਿਚ ਦੂਰ ਪਹਾੜੀ ਉਤੇ ਕੱਲਿਆਂ ਘੁੰਮਣਾ ਫਿਰਨਾ,
ਬਿਜਲੀ ਕੜਕੇ ਰਾਤ ਤੂਫ਼ਾਨੀ ਮੈਂ ਵੀਂ ਭੁਲਦਾਂ ਤੂੰ ਵੀਂ ਭੁੱਲ ਜਾ।
ਵਿਛੜਣ ਵਾਲੇ ਮੰਦਿਰ ਅੰਦਰ ਦੀਪ ਅਜੇ ਵੀ ਜਗਦੇ ਪਏ ਨੇ,
ਹੰਝੂਆਂ ਦੀ ਲੋਅ ਵਿਚ ਕੁਰਬਾਨੀ ਮੈਂ ਵੀਂ ਭੁਲਦਾਂ ਤੂੰ ਵੀਂ ਭੁੱਲ ਜਾ।
ਬਾਰਿਸ਼ ਵਾਲੇ ਪਾਣੀ ਅੰਦਰ ਖੇਡ ਹਜ਼ਾਰਾਂ ਵਾਰੀਂ ਖੇਡੀ,
ਬੇੜੀ-ਬੇੜੀ ਵਿਚ ਸ਼ੈਤਾਨੀ ਮੈਂ ਵੀਂ ਭੁਲਦਾਂ ਤੂੰ ਵੀਂ ਭੁੱਲ ਜਾ।
ਬਾਲਮ ਤੈਨੂੰ ਜੋ ਕੁਝ ਕਹਿੰਦਾ ਸੱਚ ਕਹਿੰਦਾ ਹੈ ਸੱਚ ਹੀ ਜਾਣੀਂ,
ਲਿਖਦੀ ਜਾਵੇ ਉਸ ਦੀ ਕਾਨੀ ਮੈਂ ਵੀ ਭੁੱਲਦਾਂ ਤੂੰ ਵੀਂ ਭੁੱਲ ਜਾ।



ਬਲਵਿੰਦਰ ਬਾਲਮ
ਉਂਕਾਰ ਨਗਰ
ਗੁਰਦਾਸਪੁਰ (ਪੰਜਾਬ)
98156-25409

LARRY T. NIERMEYER
Attorney at Law



OFFERING SERVICES IN THE FOLLOWING AREAS

1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation





PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com


SAMRA
REAL ESTATE GROUP
LET US GUIDE YOU HOME
ਘਰ ਖਰੀਦਣ ਜਾਂ ਵੇਚਣ ਦੇ
ਚਾਹਵਾਨ ਇੱਕ ਵਾਰ
ਸਾਨੂੰ ਜਰੂਰ ਮਿਲੋ
COMMERCIAL
and
RESIDENTIAL
industrial
Agriculture Land
Liquor Stores
Gas Stations
Apartments,
Commercial Buildings ਖਰੀਦਣ ਜਾਂ ਵੇਚਣ ਲਈ ਮਿਲੋ
Jass Samra
REALTOR BROKER
Residential &
Commercial
(317) 513-9456
jsamra@jassamra.com
www.jassamra.com
8555 N. River Rd. Suite
200 Indianapolis, IN 46240
Real Estate Lic Number Each Office Independently Owned And Operated


web -www.globaldrugtestinginc@gmail.com
email -info@globaltruckpermits.com
ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ
GLOBAL TRUCK PERMITS
GLOBAL TRUCK PERMITS
ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ
ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ
New Company Permits
IRP Plates
Trailer Plates
Truck ELD
DOT Drug Testing
DOT Drug Testing | Compliance Services | Driver Hiring
Driver Files | Safety Audit | Clearing House | Driver Management
“ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ”
ਰਾਜਿੰਦਰ ਟਾਂਡਾ
ਅੱਜ ਹੀ ਕਾਲ ਕਰੋ :
Ph : (209) 636-0880 | Ph : (209) 364-3020 | Cell :(510) 557-6988
Address: 159 Darcy Pkwy Lathrop, CA 95330

ਆਪਣੇ ਇਮੀਗਰੇਸ਼ਨ ਦੇ ਕਿਸੇ ਵੀ ਕੰਮ ਲਈ ਸਾਨੂੰ ਮਿਲੋ

HOPE
IMMIGRATION
Where Hope Meets

IMMIGRATION OPPORTUNITIES

USA SERVICES :
- CITIZENSHIP
- GREEN CARD & PETITION
- AFFIDAVIT OF SUPPORT
- WORK PERMIT RENEW
- STUDENT VISA & TRANSFER
- TOURIST VISAS

INDIAN SERVICES :
- Passport
- VISA
- OCI CARD
- RENUNCIATION
- POWER OF ATTORNEY
- LEGAL DOCUMENTS ATTESTATIONS
- NOTARY SERVICES

WE CAN HELP YOU WORK AND SETTLE IN COUNTRIES WORLDWIDE ALSO

ਅਮਰੀਕਾ ਜਾਂ INDIA ਦੀ Immigration ਜਾਂ Legal Document Services ਲਈ HOPE IMMIGRATION ਕੋਲ ਆਓ

ਅਸੀਂ ਤਜਰਬੇਕਾਰ ਇਮੀਗਰੇਸ਼ਨ ਵਕੀਲਾਂ ਨਾਲ ਵੀ ਕੰਮ ਕਰਦੇ ਹਾਂ
ਅਤੇ ਲੋੜ ਪੈਣ ਤੇ ਉਹਨਾਂ ਦੀਆਂ ਸੇਵਾਵਾਂ ਵੀ ਤੁਹਾਨੂੰ ਦਵਾ ਸਕਦੇ ਹਾਂ।



ਵਧੇਰੇ ਜਾਣਕਾਰੀ ਲਈ ਸੰਪਰਕ ਕਰੋ : (916) 518-0630

WEBSITE : www.hopeimmigration.net | Email : help@hopeimmigration.net

ਅਸੀਂ California State ਦੇ Bonded Immigration Consultant ਹਾਂ

ADDRESS : 2953 W CAPITOL AVE WEST SACRAMENTO, CA 95691

ਮੈਂ ਵਕੀਲ ਨਹੀਂ ਹਾਂ ਅਤੇ ਕੋਈ ਕਾਨੂੰਨੀ ਸੁਲਾਹ ਨਹੀਂ ਦੇ ਸਕਦਾ


Pal Films
Production
All Your Photo/Videography &
Post Production needs Under One Roof
PF
Music Video | Pre Shoots | Weddings | Birthdays
Graduations | Stage Shows Or Any Kind Of Events
Customize Photobooks (upto 6 feet)
Video Editing VFX/DI/CC & Much More....
(925) 489-3400, (341) 356-1517
palfilms925@gmail.com
www.thepalfilms.com

SANJHI SOCH TV & DAILY NEWSPAPER

TO EXPAND YOUR BUSINESS IN INDIAN COMMUNITY



Through Newspaper & T.V, Advertise with us just as low as $100 PER MONTH.




Call +1 (209) 303-1260

ਆਪਣੇ ਕਾਰੋਬਾਰ ਨੂੰ ਭਾਰਤੀ ਭਾਈਚਾਰੇ ਵਿੱਚ ਅਖ਼ਬਾਰ ਅਤੇ ਟੀਵੀ ਰਾਹੀ ਵਧਾਉਣ ਲਈ ਸਾਨੂੰ ਇਸ਼ਤਿਹਾਰ ਦਿਉ

ਇਸ਼ਤਿਹਾਰ ਲਾਉਣ ਦੀ ਕੀਮਤ ਸਿਰਫ਼ $100 ਤੋਂ ਸ਼ੁਰੂ ਹੁੰਦੀ ਹੈ

www.sanjhisoch.com | Sanjhi Soch TV NRI

ਟੀ.ਵੀ. ਪੱਤਰਕਾਰਾਂ ਦੀ ਜ਼ਰੂਰਤ

ਸਾਂਝੀ ਸੋਚ ਟੀ.ਵੀ. ਲਈ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਚੰਡੀਗੜ੍ਹ ਤੋਂ ਤਜ਼ੁਰਬੇਕਾਰ ਪੱਤਰਕਾਰਾਂ ਦੀ ਜ਼ਰੂਰਤ ਹੈ। ਤਨਖ਼ਾਹ ਯੋਗਤਾ ਅਨੁਸਾਰ।

ਸੰਪਰਕ: +1 (209) 303-1260